ਰੋਜ਼ਾਨਾ ਲੋਕ ਬਾਣੀ
ਨੂੰ ਪੱਤਰਕਾਰਾਂ ਦੀ ਲੋੜ
99155-94111

ਸੱਚ ਤੇ ਨਿਡਰ ਆਵਾਜ਼
ਰੋਜ਼ਾਨਾ
# ਲੋਕ ਬਾਣੀ
DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ
ਮੰਗਲਵਾਰ, 01 ਅਕਤੂਬਰ 2024
Email:- lokbani08@gmail.com

**ਅੱਜ ਦਾ ਸ਼ੁਭ ਵਿਚਾਰ**



ਹੰਕਾਰ ਉਸ ਨੂੰ ਹੀ ਹੁੰਦਾ ਹੈ, ਜਿਸ ਨੇ ਬਿਨਾਂ ਮਿਹਨਤ ਕੀਤੇ ਸਭ ਕੁੱਝ ਪ੍ਰਾਪਤ ਕੀਤਾ ਹੋਵੇ। ਜਿਸ ਨੇ ਮਿਹਨਤ ਨਾਲ ਸਭ ਹਾਸਿਲ ਕੀਤਾ ਹੁੰਦਾ ਹੈ ਉਹ ਦੂਸਰਿਆਂ ਦੀ ਮਿਹਨਤ ਦੀ ਕਦਰ ਕਰਦਾ ਹੈ।

ਪਿਆਰਾ ਲਾਲ

ਰੋਜ਼ਾਨਾ ਲੋਕ ਬਾਣੀ
www.lokbani.com

R. N. I. Punpun/29016/2008 * ਸਾਲ 16 , * ਅੰਕ : 113, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

## ਨੇਪਾਲ ਵਿਚ ਮੀਂਹ ਨੇ ਮਚਾਈ ਤਬਾਹੀ 200 ਦੀ ਹੋਈ ਮੌਤ




**ਦਿੱਲੀ, ਲੋਕ ਬਾਣੀ** --ਨੇਪਾਲ ਵਿੱਚ ਮੀਂਹ ਕਾਰਨ ਆਏ ਹੜ੍ਹ ਅਤੇ ਜ਼ਮੀਨ ਖਿਸਕਣ ਕਾਰਨ ਮਰਨ ਵਾਲਿਆਂ ਦੀ ਗਿਣਤੀ ਸੋਮਵਾਰ ਨੂੰ 200 ਦੇ ਕਰੀਬ ਪਹੁੰਚ ਗਈ ਜਦੋਂਕਿ ਘੱਟੋ-ਘੱਟ 30 ਲੋਕ ਅਜੇ ਵੀ ਲਾਪਤਾ ਹਨ। ਪੁਲਸ ਨੇ ਇਸ ਸਬੰਧੀ ਜਾਣਕਾਰੀ ਦਿੱਤੀ। ਪਿਛਲੇ ਸ਼ੁੱਕਰਵਾਰ ਤੋਂ ਲਗਾਤਾਰ ਹੋ ਰਹੀ ਬਾਰਿਸ਼ ਹਿਮਾਲੀਅਨ ਦੇਸ਼ ਵਿੱਚ ਤਬਾਹੀ ਮਚਾ ਕੇ ਹੜ੍ਹ ਅਤੇ ਜ਼ਮੀਨ ਖਿਸਕਣ ਦਾ ਕਾਰਨ ਬਣੀ। ਨੇਪਾਲ ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਲਗਾਤਾਰ ਬਾਰਿਸ਼, ਹੜ੍ਹ, ਜ਼ਮੀਨ ਖਿਸਕਣ ਅਤੇ ਪਾਣੀ ਵਿਚ ਡੁੱਬਣ ਕਾਰਨ ਘੱਟੋ-ਘੱਟ 192 ਲੋਕ ਮਾਰੇ ਗਏ ਹਨ।

## ਈਡੀ ਨੇ ਕਰਨਾਟਕ ਦੇ ਮੁੱਖ ਮੰਤਰੀ ਤੇ ਮਨੀ ਲਾਂਡਰਿੰਗ ਮਾਮਲੇ ਵਿੱਚ ਕੇਸ ਦਰਜ ਕੀਤਾ

**ਬੰਗਲੁਰੂ, ਲੋਕ ਬਾਣੀ**-- ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਅੱਜ ਕਰਨਾਟਕ ਦੇ ਮੁੱਖ ਮੰਤਰੀ ਸਿੱਧਾਰਮੱਈਆ ਅਤੇ ਕੁਝ ਹੋਰਾਂ ਖ਼ਿਲਾਫ਼ ਮੈਸੂਰ ਅਰਬਨ ਡਿਵੈਲਪਮੈਂਟ ਅਥਾਰਟੀ ਨਾਲ ਜੁੜੇ ਇੱਕ ਮਨੀ ਲਾਂਡਰਿੰਗ ਮਾਮਲੇ ਵਿੱਚ ਲੋਕਆਯੁਕਤ ਦੀ ਐਫਆਈਆਰ ਦਾ ਨੋਟਿਸ ਲੈਂਦਿਆਂ ਕੇਸ ਦਰਜ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ ਸਿੱਧਾਰਮੱਈਆ, ਉਸ ਦੀ ਪਤਨੀ ਤੇ ਰਿਸ਼ਤੇਦਾਰਾਂ ਨੂੰ ਬਾਜ਼ਾਰੀ ਮੁੱਲ ਤੋਂ ਸਸਤੇ ਭਾਅ ਜ਼ਮੀਨਾਂ ਦਿੱਤੀਆਂ ਗਈਆਂ ਸਨ ਤੇ



ਇਹ ਜ਼ਮੀਨਾਂ ਨਿਯਮਾਂ ਦਾ ਉਲੰਘਣ ਕਰ ਕੇ ਮੁਹੱਈਆ ਕਰਵਾਈਆਂ ਗਈਆਂ ਸਨ।

## ਨਵੇ ਏਅਰ ਚੀਫ ਮਾਰਸ਼ਲ ਅਮਰਪ੍ਰੀਤ ਸਿੰਘ ਨੇ ਸੰਭਾਲਿਆ ਅਹੁਦਾ

**ਦਿੱਲੀ, ਲੋਕ ਬਾਣੀ**--ਏਅਰ ਚੀਫ਼ ਮਾਰਸ਼ਲ ਅਮਰ ਪ੍ਰੀਤ ਸਿੰਘ (ਏਪੀ ਸਿੰਘ) ਨੇ ਸੋਮਵਾਰ ਨੂੰ ਭਾਰਤੀ ਹਵਾਈ ਫ਼ੌਜ ਦੇ ਨਵੇਂ ਮੁਖੀ ਵਜੋਂ ਅਹੁਦਾ ਸੰਭਾਲ ਲਿਆ। ਉਨ੍ਹਾਂ ਸੋਮਵਾਰ ਨੂੰ ਸੇਵਾ-ਮੁਕਤ ਹੋਏ ਏਅਰ ਚੀਫ਼ ਮਾਰਸ਼ਲ ਵੀਆਰ ਚੌਧਰੀ ਦੀ ਥਾਂ ਲਈ ਹੈ, ਜਿਨ੍ਹਾਂ ਨੂੰ ਇਸ ਤੋਂ ਪਹਿਲਾਂ ਇਥੇ ਭਾਰਤੀ ਹਵਾਈ ਫ਼ੌਜ ਦੇ ਹੈਡਕੁਆਰਟਰ ਵਾਯੂ ਭਵਨ ਵਿਖੇ ਇਕ ਸ਼ਾਨਦਾਰ ਸਮਾਗਮ ਦੌਰਾਨ ਨਿੱਘੀ ਵਿਦਾਇਗੀ ਦਿੱਤੀ ਗਈ।



ਏਅਰ ਚੀਫ਼ ਮਾਰਸ਼ਲ ਚੌਧਰੀ ਨੇ ਇਸ ਅਹੁਦੇ ਉਤੇ ਤਿੰਨ ਸਾਲ ਸੇਵਾ ਨਿਭਾਈ ਹੈ। ਏਅਰ ਚੀਫ਼ ਮਾਰਸ਼ਲ ਏਪੀ ਸਿੰਘ ਪਹਿਲਾਂ ਹਵਾਈ ਫ਼ੌਜ ਦੇ ਉਪ ਮੁਖੀ ਸਨ। ਉਨ੍ਹਾਂ ਦਾ ਜਨਮ 27 ਅਕਤੂਬਰ, 1964 ਨੂੰ ਹੋਇਆ

## ਜੰਮੂ ਕਸ਼ਮੀਰ ਵਿਚ ਮੁੱਖ ਚੋਣ ਕਮਿਸ਼ਨ ਨੇ ਵੋਟਰਾਂ ਨੂੰ ਵੱਡੀ ਗਿਣਤੀ ਵਿਚ ਵੋਟਾਂ ਪਾਉਣ ਨੂੰ ਕਿਹਾ

**ਜੰਮੂ ਕਸ਼ਮੀਰ, ਲੋਕ ਬਾਣੀ**--ਜੰਮੂ-ਕਸ਼ਮੀਰ ਵਿਧਾਨ ਸਭਾ ਚੋਣਾਂ ਦੇ ਤੀਜੇ ਪੜਾਅ ਦੀ ਵੋਟਿੰਗ ਦੀ ਪੂਰਵ ਸੰਧਿਆ ਤੇ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਵੋਟਰਾਂ ਨੂੰ ਵੱਧ ਤੋਂ ਵੱਧ ਗਿਣਤੀ ਵਿਚ ਹਿੱਸਾ ਲੈਣ ਦੀ ਅਪੀਲ ਕੀਤੀ ਹੈ। ਰਾਜੀਵ ਕੁਮਾਰ ਨੇ ਨੇ ਜੰਮੂ-ਕਸ਼ਮੀਰ ਦੇ ਲੋਕਾਂ ਨੂੰ ਰਿਕਾਰਡ ਸੰਖਿਆ ਵਿਚ ਆਉਣ ਲਈ ਵਧਾਈ ਦਿੱਤੀ। ਪਹਿਲੇ ਪੜਾਅ ਦੌਰਾਨ 61.38% ਅਤੇ ਦੂਜੇ



ਪੜਾਅ ਚ 57.3% ਵੋਟਿੰਗ ਹੋਈ। ਤੁਲਨਾਤਮਕ ਤੌਰ ਤੇ, 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਮਤਦਾਨ 58.58% ਸੀ।

## ਸੁਪਰੀਮ ਕੋਰਟ ਨੂੰ ਕੋਲਕਾਤਾ ਕਾਂਡ ਮਾਮਲੇ ਵਿਚ ਅਹਿਮ ਸੁਰਾ.ਗ ਹੱਥ ਲੱਗੇ ਹਨ

**ਨਵੀਂ ਦਿੱਲੀ, ਲੋਕ ਬਾਣੀ**--ਸੁਪਰੀਮ ਕੋਰਟ ਨੇ ਸੋਮਵਾਰ ਨੂੰ ਕੋਲਕਾਤਾ ਦੇ ਜਬਰ ਜਨਾਹ ਤੇ ਕਤਲ ਮਾਮਲੇ ਦੀ ਸੁਣਵਾਈ ਅਗਾਂਹ ਤੋਰੀ। ਕੋਲਕਾਤਾ ਦੇ ਸਰਕਾਰੀ ਆਰਜੀ ਕਰ ਮੈਡੀਕਲ ਕਾਲਜ ਤੇ ਹਸਪਤਾਲ ਵਿਚ ਇਕ ਟਰੇਨੀ ਡਾਕਟਰ ਨਾਲ ਵਾਪਰੀ ਇਸ ਭਿਆਨਕ ਘਟਨਾ ਦਾ ਸੁਪਰੀਮ ਕੋਰਟ ਆਪਣੇ ਤੌਰ 'ਤੇ ਨੋਟਿਸ ਲਿਆ ਸੀ।
ਸੁਪਰੀਮ ਕੋਰਟ ਦੇ ਚੀਫ਼ ਜਸਟਿਸ ਡੀਵਾਈ ਚੰਦਰਚੂੜ ਅਤੇ ਜਸਟਿਸ ਜੇਬੀ ਪਾਰਦੀਵਾਲਾ ਤੇ ਜਸਟਿਸ ਮਨੋਜ




ਮਿਸ਼ਰਾ ਦੇ ਬੈਂਚ ਨੇ ਇਸ ਮਾਮਲੇ ਵਿਚ ਹਾਲੇ ਤੱਕ ਦੀ ਸੀਬੀਆਈ ਜਾਂਚ ਦੀ ਸਥਿਤੀ ਰਿਪੋਰਟ ਉਤੇ ਗ਼ੌਰ ਕਰਦਿਆਂ ਕਿਹਾ ਕਿ ਕੌਮੀ ਜਾਂਚ ਏਜੰਸੀ ਦੀ ਤਫ਼ਤੀਸ਼ ਵਿਚ ਅਹਿਮ ਸੁਰਾ.ਗ ਸਾਹਮਣੇ ਆਏ ਹਨ।

## ਡੇਰਾ ਮੁਖੀ ਗੁਰਮੀਤ ਰਾਮ ਰਹੀਮ ਨੂੰ ਫੇਰ ਮਿਲੀ ਪੈਰੋਲ

**ਚੰਡੀਗੜ੍ਹ, ਵਿਨੋਦ ਸ਼ਰਮਾ**--ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨੂੰ ਹਰਿਆਣਾ ਸਰਕਾਰ ਨੇ ਪੈਰੋਲ ਦੇ ਦਿੱਤੀ ਹੈ, ਇਹ ਪੈਰੋਲ ਕੁਝ ਸ਼ਰਤਾਂ ਤਹਿਤ ਦਿੱਤੀ ਗਈ ਹੈ। ਇਸ ਦੌਰਾਨ ਡੇਰਾ ਮੁਖੀ ਹਰਿਆਣਾ ਵਿਧਾਨ ਸਭਾ ਚੋਣਾਂ ਵਿਚ ਕਿਸੇ ਵੀ ਪਾਰਟੀ ਲਈ ਪ੍ਰਚਾਰ ਨਹੀਂ ਕਰ ਸਕੇਗਾ ਤੇ ਨਾ ਹੀ ਸੋਸ਼ਲ ਮੀਡੀਆ ਰਾਹੀਂ ਵੋਟਾਂ ਮੰਗ ਸਕੇਗਾ। ਦੱਸਣਾ ਬਣਦਾ ਹੈ ਕਿ ਡੇਰਾ ਮੁਖੀ ਨੇ ਹਰਿਆਣਾ ਵਿਧਾਨ ਸਭਾ ਚੋਣਾਂ ਤੋਂ ਠੀਕ ਪਹਿਲਾਂ ਵੀਹ



ਦਿਨ ਦੀ ਪੈਰੋਲ ਮੰਗੀ ਸੀ ਜਿਸ ਤੋਂ ਬਾਅਦ ਹਰਿਆਣਾ ਸਰਕਾਰ ਨੇ ਇਹ ਮਾਮਲਾ ਚੋਣ ਕਮਿਸ਼ਨ ਕੋਲ ਵਿਚਾਰਨ ਲਈ ਭੇਜ ਦਿੱਤਾ ਸੀ ਤੇ ਅੱਜ ਚੋਣ ਕਮਿਸ਼ਨ ਨੇ ਡੇਰਾ ਮੁਖੀ ਨੂੰ ਸ਼ਰਤਾਂ ਤਹਿਤ ਪੈਰੋਲ ਦੇ ਦਿੱਤੀ ਹੈ। ਦੱਸਣਾ ਬਣਦਾ ਹੈ

## ਤੇਜ਼ ਰ.ਫਤਾਰ ਬੱਸ ਨਾਲ ਵਾਪਰਿਆ ਹਾਦਸਾ ਤਿੰਨ ਦੀ ਹੋਈ ਮੌਤ

**ਗੁਰਦਾਸਪੁਰ, ਨਵਨੀਤ ਕੁਮਾਰ**--ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਵਿਚ ਸੋਮਵਾਰ ਬਾਅਦ ਦੁਪਹਿਰ ਬਟਾਲਾ-ਕਾਦੀਆਂ ਰੋਡ ਉਤੇ ਇਕ ਤੇਜ਼ ਰਫ਼ਤਾਰ ਬੱਸ ਦੇ ਬੇਕਾਬੂ ਹੋ ਕੇ ਪਿੰਡ ਸ਼ਾਹਬਾਦ ਦੇ ਬੱਸ ਸਟਾਪ ਵਿਚ ਜਾ ਵੱਜਣ ਕਾਰਨ ਵਾਪਰੇ ਭਿਆਨਕ ਹਾਦਸੇ ਵਿਚ ਇਕ ਬੱਚੇ ਤੇ ਇਕ ਔਰਤ ਸਣੇ ਘੱਟੋ-ਘੱਟ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ, ਜਦੋਂਕਿ ਇਕ ਹੋਰ ਔਰਤ ਦੇ ਵੀ ਮਾਰੇ ਜਾਣ ਦਾ ਖ਼ਦਸ਼ਾ ਹੈ ਹਾਦਸੇ



ਵਿਚ ਡੇਢ ਦਰਜਨ ਦੇ ਕਰੀਬ ਲੋਕ ਜ਼ਖ਼ਮੀ ਹੋਏ ਹਨ, ਜਿਨ੍ਹਾਂ ਵਿਚੋਂ ਕਰੀਬ ਅੱਧੀ ਦਰਜਨ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ।

## ਪੰਜਾਬ ਵਿੱਚ ਸਕੂਲ ਦੇ ਮਾਲਕ ਤੇ ਹੋਈ ਫਾਇਰਿੰਗ

**ਲੁਧਿਆਣਾ, ਸੁਖਚੈਨ ਮਹਿਰਾ**- -ਅੱਜ ਮਾਛੀਵਾੜਾ ਸਾਹਿਬ ਦੇ ਗੜ੍ਹੀ ਪੁਲ ਨਜ਼ਦੀਕ ਇਕ ਪ੍ਰਾਈਵੇਟ ਸਕੂਲ ਦੇ ਮਾਲਕ ਤੇ ਦੋ ਅਣਪਛਾਤਿਆਂ ਵਲੋਂ ਗੋਲੀਆਂ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਪ੍ਰਾਪਤ ਜਾਣਕਾਰੀ ਦੌਰਾਨ ਪਤਾ ਲੱਗਾ ਕਿ ਗੁਰੂ ਗੜ੍ਹ ਨਜ਼ਦੀਕ ਗਾਰਡਨ ਵੈਲੀ ਸਕੂਲ ਦੇ ਟਰੱਸਟੀ ਬਲਦੇਵ ਸਿੰਘ ਅਤੇ ਉਸ ਦਾ ਪੁੱਤਰ ਫਾਰਚੂਨਰ ਗੱਡੀ ਵਿਚ ਸਕੂਲ ਤੋਂ ਆਪਣੇ ਘਰ ਚੰਡੀਗੜ੍ਹ ਨੂੰ ਵਾਪਸ ਜਾ ਰਹੇ ਸਨ



ਤਾਂ ਗੜ੍ਹੀ ਪੁਲ ਨਜ਼ਦੀਕ ਉਨ੍ਹਾਂ ਦਾ ਪਿੱਛਾ ਕਰ ਰਹੀ ਇਕ ਕਾਰ ਚ ਦੋ ਅਣਪਛਾਤੇ ਵਿਅਕਤੀਆਂ ਵਲੋਂ ਉਨ੍ਹਾਂ ਤੇ ਫਾਇਰਿੰਗ ਕੀਤੀ ਗਈ। ਗੋਲੀ ਚੱਲਣ ਮੌਕੇ ਬਲਦੇਵ ਸਿੰਘ ਆਪਣੇ ਫੋਨ ਤੇ ਕਿਸੇ ਨਾਲ ਗੱਲਬਾਤ ਕਰ ਰਹੇ ਸਨ

## ਮਤਰੇਏ ਪਿਤਾ ਵੱਲੋਂ 9 ਸਾਲਾ ਧੀ ਦੀ ਹੱਤਿਆ

**ਸੰਗਰੂਰ, ਲੋਕ ਬਾਣੀ**-ਸਥਾਨਕ ਸ਼ਹਿਰ ਵਿੱਚ ਮਤਰੇਏ ਪਿਤਾ ਵੱਲੋਂ ਆਪਣੀ ਨਾਬਾਲਗ ਧੀ ਦੀ ਹੱਤਿਆ ਕਰ ਦਿੱਤੀ ਗਈ। ਮ੍ਰਿਤਕਾ ਦੀ ਮਾਤਾ ਨੇਹਾ ਗਰਗ ਵਾਸੀ ਸ਼ਿਵਮ ਕਲੋਨੀ ਸੰਗਰੂਰ ਨੇ ਦੱਸਿਆ ਕਿ ਉਸ ਦੀ ਧੀ ਮਾਨਵੀ (9) ਹੋਲੀ ਹਾਰਟ ਸਕੂਲ ਵਿਚ ਪੜ੍ਹਦੀ ਸੀ ਜੋ ਰੋਜ਼ਾਨਾ ਸ਼ਾਮ 6 ਤੋਂ 7 ਵਜੇ ਤੱਕ ਅਕਾਲ ਡਿਗਰੀ ਕਾਲਜ ਫਾਰ ਵਿਮੈਨ ਵਿਖੇ ਸਕੇਟਿੰਗ ਦੀ ਜਮਾਤ ਲਗਾਉਂਦੀ ਸੀ। ਪਹਿਲਾਂ ਉਹ ਧੀ ਨੂੰ ਲੈ ਕੇ ਜਾਂਦੀ ਸੀ ਪਰ ਪਿਛਲੇ ਕੁਝ



ਦਿਨਾਂ ਤੋਂ ਉਸ ਦਾ ਪਤੀ ਲੈ ਕੇ ਜਾਂਦਾ ਸੀ। ਬੀਤੀ ਸ਼ਾਮ ਉਸ ਦਾ ਪਤੀ ਬੱਚੀ ਨੂੰ ਸਕੇਟਿੰਗ ਦੀ ਜਮਾਤ ਲਗਾਉਣ ਲਈ ਲੈ ਗਿਆ। ਜਦੋਂ 7 ਵਜੇ ਤੋਂ ਬਾਅਦ ਉਹ ਘਰ ਨਾ ਪਰਤੇ ਤਾਂ ਉਸ ਨੇ ਫੋਨ ਕੀਤਾ ਤਾਂ ਪਤੀ ਨੇ ਦੱਸਿਆ ਕਿ ਉਹ ਬਾਜ਼ਾਰ ਵਿੱਚ ਬੱਚੀ ਨੂੰ ਘੁਮਾ ਰਿਹਾ ਹੈ।

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

ਪੱਤਰਕਾਰਾਂ ਲਈ ਸੁਨਹਿਰਾ ਮੌਕਾ
ਪੰਜਾਬ ਦੇ ਹਰ ਜਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫ਼ਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਸਟੇਟਸ ਦਿਖਾਉਣ ਲਈ ਨਹੀਂ ਦਿੱਤੀ ਜਾ ਸਕਦੀ ਸੁਰੱਖਿਆ,ਹਾਈਕੋਰਟ ਨੇ ਪਟੀਸ਼ਨ ਕੀਤੀ ਖਾਰਜ




ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਵਕੀਲ ਵੱਲੋਂ ਕਮਾਂਡੋ ਸੁਰੱਖਿਆ ਦੀ ਮੰਗ ਕੀਤੀ ਗਈ ਪਟੀਸ਼ਨ ਨੂੰ ਰੱਦ ਕਰ ਦਿੱਤਾ ਹੈ। ਅਦਾਲਤ ਨੇ ਸਪੱਸ਼ਟ ਕੀਤਾ ਕਿ ਰਾਜ ਸਰਕਾਰ ਦੇ ਖਰਚੇ ਤੇ ਕਿਸੇ ਵੀ ਵਿਅਕਤੀ ਨੂੰ ਸਿਰਫ਼ ਸਟੇਟਸ ਦਿਖਾਉਣ ਲਈ ਸੁਰੱਖਿਆ ਪ੍ਰਦਾਨ ਨਹੀਂ ਕੀਤੀ ਜਾ ਸਕਦੀ। ਅਦਾਲਤ ਨੇ ਕਿਹਾ ਕਿ ਜਦੋਂ ਤੱਕ ਕਿਸੇ ਸਮਰੱਥ ਅਧਿਕਾਰੀ ਦੁਆਰਾ ਇਹ ਸਾਬਤ ਨਹੀਂ ਕੀਤਾ ਜਾਂਦਾ ਕਿ ਸੁਰੱਖਿਆ ਦੀ ਮੰਗ ਨੂੰ ਜਾਇਜ਼ ਠਹਿਰਾਉਣ ਵਾਲੀ ਅਸਾਧਾਰਨ ਸਥਿਤੀ ਹੈ, ਉਦੋਂ ਤੱਕ ਨਿੱਜੀ ਵਿਅਕਤੀਆਂ ਨੂੰ ਸਰਕਾਰੀ ਸੁਰੱਖਿਆ ਪ੍ਰਦਾਨ ਕਰਨਾ ਉਚਿਤ ਨਹੀਂ ਹੈ। ਖਾਸ ਤੌਰ ਤੇ ਜੇਕਰ ਖ਼ਤਰਾ ਕਿਸੇ ਜਨਤਕ ਸੇਵਾ ਜਾਂ ਰਾਸ਼ਟਰੀ ਸੁਰੱਖਿਆ ਨਾਲ ਨਹੀਂ ਜੁੜਿਆ ਹੋਇਆ ਹੈ, ਤਾਂ ਸਰਕਾਰ ਲਈ ਟੈਕਸਦਾਤਾਵਾਂ ਦੇ ਪੈਸੇ ਨਾਲ ਵਿਸ਼ੇਸ਼ ਅਧਿਕਾਰ ਪ੍ਰਾਪਤ ਵਰਗ ਬਣਾਉਣਾ ਅਣਉਚਿਤ ਹੋਵੇਗਾ।

ਪਟੀਸ਼ਨਕਰਤਾ ਦਵਿੰਦਰਾ ਰਾਜਪੂਤ, ਜੋ ਆਪਣੇ ਆਪ ਨੂੰ ਸਿਆਸੀ ਸੰਗਠਨ ਸ਼ਿਵ ਸੈਨਾ ਦੇ ਪੰਜਾਬ ਲੀਗਲ ਸੈੱਲ ਦਾ ਪ੍ਰਧਾਨ ਦੱਸਦਾ ਹੈ, ਨੇ ਆਪਣੀ ਪਟੀਸ਼ਨ ਚ ਜਿਪਸੀ ਐਸਕਾਰਟਸ ਅਤੇ 5 ਕਮਾਂਡੋਜ਼ ਦੀ ਮੰਗ ਕੀਤੀ ਸੀ। ਉਨ੍ਹਾਂ ਦਾਅਵਾ ਕੀਤਾ ਕਿ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲੜਨ ਤੋਂ ਬਾਅਦ ਕੁਝ ਸਮਾਜ ਵਿਰੋਧੀ ਅਨਸਰ ਉਨ੍ਹਾਂ ਦੇ ਖ਼ਿਲਾਫ਼ ਹੋ ਗਏ ਹਨ ਅਤੇ ਉਨ੍ਹਾਂ ਦੀ ਜਾਨ ਨੂੰ ਖ਼ਤਰਾ ਹੈ। ਹਾਲਾਂਕਿ, ਪੁਲਿਸ ਜਾਂਚ ਵਿੱਚ ਪਟੀਸ਼ਨਕਰਤਾ ਨੂੰ ਕੋਈ ਅਸਲ ਖ਼ਤਰਾ ਨਹੀਂ ਮਿਲਿਆ ਅਤੇ ਉਸਨੂੰ ਪਹਿਲਾਂ ਹੀ ਅੰਤਰਿਮ ਉਪਾਅ ਵਜੋਂ 24 ਘੰਟਿਆਂ ਲਈ 2 ਪੁਲਿਸ ਕਰਮਚਾਰੀਆਂ ਦੀ ਸੁਰੱਖਿਆ ਪ੍ਰਦਾਨ ਕੀਤੀ ਜਾ ਰਹੀ ਹੈ।

ਅਦਾਲਤ ਨੇ ਹੁਕਮ ਚ ਕਿਹਾ ਕਿ ਪਟੀਸ਼ਨਰ ਨੇ ਕਿਤੇ ਵੀ ਇਹ ਨਹੀਂ ਦੱਸਿਆ ਕਿ ਉਸ ਨੂੰ ਕਿਸ ਵਿਅਕਤੀ, ਗੈਂਗਸਟਰ ਜਾਂ ਅੱਤਵਾਦੀ ਤੋਂ ਖਤਰਾ ਹੈ। ਅਦਾਲਤ ਨੇ ਕਿਹਾ ਕਿ ਸਿਰਫ਼ ਚੋਣ ਲੜਨ ਜਾਂ ਕੋਈ ਵਿਸ਼ੇਸ਼ ਬਿਆਨ ਦੇਣ ਦੇ ਆਧਾਰ ਤੇ ਸੂਬੇ ਚ ਵਿਸ਼ੇਸ਼ ਅਧਿਕਾਰ ਪ੍ਰਾਪਤ ਵਿਅਕਤੀਆਂ ਦਾ ਵਰਗ ਨਹੀਂ ਬਣਾਇਆ ਜਾ ਸਕਦਾ। ਪੰਜਾਬ ਸਰਹੱਦੀ ਸੂਬਾ ਹੋਣ ਕਰਕੇ ਪਹਿਲਾਂ ਹੀ ਬਹੁਤ ਸਾਰੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਸੂਬੇ ਦੇ ਸਾਧਨ ਸੀਮਤ ਹਨ। ਰਾਜ ਨੂੰ ਕਾਨੂੰਨ ਅਤੇ ਵਿਵਸਥਾ ਬਣਾਈ ਰੱਖਣ ਲਈ ਆਪਣੀ ਪੁਲਿਸ ਦੀਆਂ ਸੇਵਾਵਾਂ ਦੀ ਲੋੜ ਹੁੰਦੀ ਹੈ, ਅਤੇ ਬੇਲੋੜੀ ਸੁਰੱਖਿਆ ਪ੍ਰਦਾਨ ਕਰਨਾ ਉਚਿਤ ਨਹੀਂ ਹੋਵੇਗਾ।

# ਏਅਰਪੋਰਟ ਤੇ ਭਾਈ ਬਲਦੇਵ ਸਿੰਘ ਵਡਾਲਾ ਨੂੰ ਸਕਰੀਨਿੰਗ ਲਈ ਪੱਗ ਉਤਾਰਨ ਲਈ ਕਹਿਣ ਮਾਮਲੇ ਤੇ ਮੰਤਰੀ ਧਾਲੀਵਾਲ ਨੇ ਕੀਤੀ ਸਖ਼ਤ ਨਿਖੇਧੀ



ਅੰਮ੍ਰਿਤਸਰ- (ਲੋਕ ਬਾਣੀ) ਭਾਈ ਬਲਦੇਵ ਸਿੰਘ ਵਡਾਲਾ ਨੂੰ ਹਵਾਈ ਅੱਡੇ ਤੇ ਸਕਰੀਨਿੰਗ ਲਈ ਪੱਗਾਂ ਉਤਾਰਨ ਲਈ ਕਹਿਣਾ ਦੇ ਮਾਮਲੇ ਤੇ ਕੈਬਨਿਟ ਮੰਤਰੀ ਧਾਲੀਵਾਲ ਨੇ ਸਖ਼ਤ ਨਿਖੇਧੀ ਕੀਤੀ ਹੈ। ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਸਾਡੀ ਪੱਗ ਨੂੰ ਏਅਰਪੋਰਟ ਤੇ ਇਸ ਤਰੀਕੇ ਨਾਲ ਨਹੀਂ ਉਤਾਰਿਆ ਜਾ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਬਲਦੇਵ ਸਿੰਘ ਵਡਾਲਾ ਸਿੱਖ ਕੌਮ ਦੇ ਮਹਾਨ ਕੀਰਤਨੀਂ ਹਨ ਜੇਕਰ ਉਹਨਾਂ ਨਾਲ ਇਸ ਤਰੀਕੇ ਨਾਲ ਹੋਇਆ ਹੈ ਤਾਂ ਮੈਂ ਇਸ ਦੀ ਸਖ਼ਤ ਨਿੰਦਾ ਕਰਦਾ ਹਾਂ।

ਉਨ੍ਹਾਂ ਕਿਹਾ ਕਿ ਅਮਰੀਕਾ ਵਿੱਚ ਬਹੁਤ ਸਾਰੇ ਸਿੱਖ ਵੱਸਦੇ ਹਨ ਅਤੇ ਹਰ ਇੱਕ ਨੂੰ ਪੱਗ ਦੀ ਅਹਿਮੀਅਤ ਬਾਰੇ ਪਤਾ ਹੈ ਉਹਨਾਂ ਕਿਹਾ ਕਿ ਅਮਰੀਕਾ ਸਰਕਾਰ ਨੂੰ ਅਪੀਲ ਕਰਦੇ ਹਨ ਕਿ ਏਅਰਪੋਰਟ ਉੱਪਰ ਜਿਸ ਵੀ ਅਫਸਰ ਵੱਲੋਂ ਭਾਈ ਬਲਦੇਵ ਸਿੰਘ ਵਡਾਲਾ ਦੀ ਪੱਗ ਉਤਾਰਨ ਦੀ ਕੋਸ਼ਿਸ਼ ਕੀਤੀ ਗਈ ਹੈ ਉਸ ਵਿਰੁੱਧ ਕਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਮੈਂ ਅਮਰੀਕਾ ਸਰਕਾਰ ਨੂੰ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਏਅਰਪੋਰਟ ਉੱਪਰ ਪੱਗ ਉਤਾਰਨ ਦਾ ਫਰਮਾਨ ਹੈ ਤਾਂ ਉਸ ਨੂੰ ਤੁਰੰਤ ਬੰਦ ਕਰਨਾ ਚਾਹੀਦਾ ਹੈ।

# ਪੰਜਾਬ ਸਰਕਾਰ ਨੇ ਰੇਰਾ ਦਾ ਚੇਅਰਮੈਨ ਰਾਕੇਸ਼ ਗੋਇਲ ਨੂੰ ਕੀਤਾ ਨਿਯੁਕਤ :-ਪੜ੍ਹੋ ਹੁਕਮਾਂ ਦੀ ਕਾਪੀ



ਚੰਡੀਗੜ੍ਹ:- ਪੰਜਾਬ ਸਰਕਾਰ ਨੇ ਸੇਵਾ ਮੁਕਤ ਆਈ ਆਰ ਐਸ ਅਧਿਕਾਰੀ ਰਕੇਸ਼ ਗੋਇ (ਲੋਕ ਬਾਣੀ) ਲ ਨੂੰ ਰੇਰਾ ਦਾ ਚੇਅਰਮੈਨ ਨਿਯੁਕਤ ਕਰ ਦਿੱਤਾ । ਰਕੇਸ਼ ਗੋਇਲ ਲੁਧਿਆਣਾ ਜ਼ਿਲ੍ਹੇ ਨਾਲ ਸੰਬੰਧਿਤ ਹਨ ਅਤੇ ਉਨਾਂ ਨੇ ਗਰੈਜੂਏਸ਼ਨ ਦੀ ਪੜ੍ਹਾਈ ਜਗਰਾਉਂ ਵਿਖੇ ਕੀਤੀ ਹੈ ਅਤੇ ਇਨਕਮ ਟੈਕਸ ਵਿਭਾਗ ਵਿੱਚ ਚੰਡੀਗੜ੍ਹ ਵਿਖੇ ਵੀ ਰਹੇ । ਦੱਸਣ ਯੋਗ ਹੈ ਕਿ ਪਹਿਲਾਂ ਪੰਜਾਬ ਸਰਕਾਰ ਵੱਲੋਂ ਇਸ ਖਾਲੀ ਅਹੁਦੇ ਦੇ ਆਰਜੀ ਤੌਰ ਤੇ ਸੀਨੀਅਰ ਆਈਏਐਸ ਅਧਿਕਾਰੀ ਮਾਲਵਿੰਦਰ ਸਿੰਘ ਜੱਗੀ ਨੂੰ ਨਿਯੁਕਤ ਕੀਤਾ ਗਿਆ ਸੀ।

# ਪੰਜਾਬ ਦੇ ਇਸ ਪਿੰਡ ਚ ਸਰਪੰਚ ਦੇ ਅਹੁਦੇ ਲਈ ਲੱਗੀ 2 ਕਰੋੜ ਦੀ ਬੋਲੀ,

ਗੁਰਦਾਸਪੁਰ-(ਲੋਕ ਬਾਣੀ) ਪੰਜਾਬ ਵਿੱਚ ਪੰਚਾਇਤੀ ਚੋਣਾਂ ਦੇ ਐਲਾਨ ਤੋਂ ਬਾਅਦ ਪਿੰਡਾਂ ਵਿੱਚ ਹਲਚਲ ਮਚ ਗਈ ਹੈ। ਗੁਰਦਾਸਪੁਰ ਜ਼ਿਲ੍ਹੇ ਦੇ ਡੇਰਾ ਬਾਬਾ ਨਾਨਕ ਦੇ ਪਿੰਡ ਹਰਦੋਵਾਲ ਕਲਾਂ ਵਿੱਚ ਸਰਪੰਚ ਦੇ ਅਹੁਦੇ ਲਈ 2 ਕਰੋੜ ਰੁਪਏ ਦੀ ਬੋਲੀ ਲਗਾਈ ਗਈ ਸੀ। ਇਸ ਤੇ ਅਜੇ ਕੋਈ ਫੈਸਲਾ ਨਹੀਂ ਲਿਆ ਗਿਆ ਹੈ। ਪਿੰਡ ਵਿੱਚ ਅੱਜ ਵੀ ਬੋਲੀ ਜਾਰੀ ਹੈ।ਭਾਜਪਾ ਆਗੂ ਆਤਮਾ ਸਿੰਘ ਅਨੁਸਾਰ ਇਹ ਬੋਲੀ ਹੋਰ ਵੀ ਵੱਧ ਸਕਦੀ। ਸਾਰੇ ਪਿੰਡ ਵਾਸੀ ਇਸ ਬੋਲੀ ਨਾਲ ਸਹਿਮਤ ਹਨ।

ਪਿੰਡ ਦੇ ਨੌਜਵਾਨ ਸਭਾ ਦਾ ਦਾਅਵਾ ਹੈ ਕਿ ਬੋਲੀ ਤੋਂ ਆਉਣ ਵਾਲਾ ਪੈਸਾ ਪਿੰਡ ਦੇ ਵਿਕਾਸ 'ਤੇ ਖਰਚ ਕੀਤਾ ਜਾਵੇਗਾ। ਜਦੋਂ ਕਿ ਪੰਚਾਇਤ ਨੂੰ ਦਿੱਤੀ ਜਾਣ ਵਾਲੀ ਗਰਾਂਟ ਵੱਖਰੀ ਹੋਵੇਗੀ।ਸੂਤਰਾਂ ਅਨੁਸਾਰ ਪ੍ਰਸ਼ਾਸਨ ਕੋਲ ਅਜੇ ਤੱਕ ਕੋਈ ਸ਼ਿਕਾਇਤ ਨਹੀਂ ਪਹੁੰਚੀ ਹੈ। ਇਸ ਤਰ੍ਹਾਂ ਦੀ ਕਾਰਵਾਈ ਪਿੰਡ ਵਿੱਚ ਪਹਿਲੀ ਵਾਰ ਹੋ ਰਹੀ ਹੈ।

ਇਸ ਵਿੱਚ ਪਿੰਡ ਦੀਆਂ ਤਿੰਨ ਧਿਰਾਂ ਬੋਲੀ ਲਗਾ ਰਹੀਆਂ ਹਨ। ਸਭ ਤੋਂ ਵੱਧ ਬੋਲੀ ਲਗਾਉਣ ਵਾਲੇ ਨੂੰ ਸਰਬਸੰਮਤੀ ਨਾਲ ਸਰਪੰਚ ਬਣਾਇਆ ਜਾਵੇਗਾ। ਬੋਲੀਕਾਰਾਂ ਵਿੱਚ ਆਤਮਾ ਸਿੰਘ, ਜਸਵਿੰਦਰ ਸਿੰਘ ਬੇਦੀ, ਨਿਰਭੈਰ ਸਿੰਘ ਸ਼ਾਮਲ ਹਨ। ਭਾਜਪਾ ਆਗੂ ਨੇ ਹੁਣ ਤੱਕ ਦੀ ਸਭ ਤੋਂ ਵੱਧ ਬੋਲੀ ਲਗਾਈ ਹੈ। ਪਿੰਡ ਵਿੱਚ ਸਰਪੰਚ ਦੇ ਅਹੁਦੇ ਦੀ ਬੋਲੀ ਸਬੰਧੀ ਗੁਰਦੁਆਰਾ ਸਾਹਿਬ ਤੋਂ ਐਲਾਨ ਕੀਤਾ ਗਿਆ। ਇਸ ਤੋਂ ਬਾਅਦ ਇਹ ਪ੍ਰਕਿਰਿਆ ਸ਼ੁਰੂ ਹੋਈ। ਪਤਾ ਲੱਗਾ ਹੈ ਕਿ ਆਮ ਆਦਮੀ ਪਾਰਟੀ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਦਾ ਕੋਈ ਵੀ ਨੁਮਾਇੰਦਾ ਬੋਲੀ ਦੇਣ ਲਈ ਅੱਗੇ ਨਹੀਂ ਆਇਆ।

ਪਹਿਲਾਂ ਭਾਜਪਾ ਨੇਤਾ ਆਤਮਾ ਰਾਮ ਨੇ 50 ਲੱਖ ਰੁਪਏ ਦੀ ਬੋਲੀ ਲਗਾਈ। ਉਸ ਦੇ ਮੁਕਾਬਲੇ ਜਸਵਿੰਦਰ ਸਿੰਘ ਨੇ 1 ਕਰੋੜ ਰੁਪਏ



ਦੀ ਬੋਲੀ ਲਗਾਈ। ਜਿਸ ਤੋਂ ਬਾਅਦ ਆਤਮਾ ਸਿੰਘ ਨੇ 2 ਕਰੋੜ ਰੁਪਏ ਦੀ ਬੋਲੀ ਲਗਾਈ। ਇਹ ਬੋਲੀ ਅੱਜ ਵੀ ਜਾਰੀ ਰਹੇਗੀ। ਦੂਜੇ ਪਾਸੇ ਭਾਜਪਾ ਆਗੂ ਵਿਜੇ ਸੋਨੀ ਨੇ ਆਤਮਾ ਸਿੰਘ ਨੂੰ 2 ਕਰੋੜ ਰੁਪਏ ਦੀ ਬੋਲੀ ਲਗਾਉਣ ਲਈ ਵਧਾਈ ਦਿੱਤੀ ਹੈ।

# ਗੁਰਦਾਸਪੁਰ ਦੇ ਕਾਦੀਆਂ ਚ ਵੱਡਾ ਬੱਸ ਹਾਦਸਾ, 4 ਲੋਕਾਂ ਦੀ ਹੋਈ ਮੌਤ

ਬਟਾਲਾ : (ਲੋਕ ਬਾਣੀ) ਸੋਮਵਾਰ ਬਾਅਦ ਦੁਪਹਿਰ ਬਟਾਲਾ ਦੇ ਕਾਦੀਆਂ ਰੋਡ ਨੇੜੇ ਪਿੰਡ ਸ਼ਾਹਬਾਦ ਵਿਖੇ ਵਾਪਰੇ ਇਕ ਭਿਆਨਕ ਹਾਦਸੇ ਚ 4 ਲੋਕਾਂ ਦੀ ਮੌਤ ਤੇ 15 ਤੋਂ ਜ਼ਿਆਦਾ ਦੇ ਗੰਭੀਰ ਜ਼ਖ਼ਮੀ ਹੋਣ ਦੀ ਖਬਰ ਹੈ। ਕਾਦੀਆਂ ਤੋਂ ਬਟਾਲਾ ਵੱਲ ਨੂੰ ਆ ਰਹੀ ਇਕ ਬੱਸ ਬੇਕਾਬੂ ਹੋ ਕੇ ਸ਼ਾਹਬਾਦ ਮੋੜ ਦੇ ਬਣੇ ਉਡੀਕ ਘਰ ਦੇ ਸ਼ੈੱਡ ਨਾਲ ਜਾ ਟਕਰਾਈ। ਜਾਣਕਾਰੀ ਅਨੁਸਾਰ ਬੱਸ ਇਕ ਸਕੂਟਰੀ ਨੂੰ ਬਚਾਉਂਦੀ ਹੋਈ ਸ਼ਾਹਬਾਦ ਪਿੰਡ ਦੇ ਮੋੜ ਤੇ ਬਣੇ ਉਡੀਕ ਘਰ ਦੇ ਸ਼ੈੱਡ ਨਾਲ ਜੱਟ ਕਰਾਈ ਹਾਦਸਾ ਇੰਨਾ ਭਿਆਨਕ ਸੀ ਕਿ ਸ਼ੈੱਡ ਨੂੰ ਚੀਰਦਿਆਂ ਹੋਇਆਂ ਬੱਸ ਅੱਗੇ ਜਾ ਨਿਕਲੀ। ਹਾਦਸੇ ਚ ਬੱਸ ਚਾਲਕ ਸਮੇਤ ਤਿੰਨ ਜਣਿਆਂ ਦੀ ਮੌਤ ਦੀ ਗੱਲ ਕਹੀ ਜਾ ਰਹੀ ਹੈ। ਜ਼ਖਮੀਆਂ ਨੂੰ ਐਂਬੂਲੈਂਸ ਦੀ ਦੇ ਨਾਲ ਸਿਵਲ ਹਸਪਤਾਲ ਬਟਾਲਾ ਵਿਖੇ ਲਿਜਾਇਆ ਗਿਆ ਹੈ ਤੇ ਹਾਦਸੇ ਚ ਮਾਰੇ ਗਏ ਲੋਕਾਂ ਦੀਆਂ ਲਾਸ਼ਾਂ ਨੂੰ ਬਟਾਲਾ ਦੇ ਮੋਰਚਰੀ ਵਿਖੇ ਰਖਵਾਇਆ ਜਾ ਰਿਹਾ ਹੈ। ਇਸ ਹਾਦਸੇ ਦੌਰਾਨ ਮਾਰੇ ਗਏ ਲੋਕਾਂ ਦੀ ਅਜੇ ਪਛਾਣ ਨਹੀਂ ਹੋ ਸਕੀ ਤੇ ਚਾਰ ਚੁਫੇਰੇ ਚੀਕ-ਚਿਹਾੜਾ ਪਿਆ ਹੋਇਆ ਹੈ। ਬਟਾਲਾ ਪੁਲਿਸ ਪ੍ਰਸ਼ਾਸਨ




ਵੀ ਮੌਕੇ ਤੇ ਪਹੁੰਚ ਗਿਆ ਹੈ ਤੇ ਰਾਹਤ ਕਾਰਜ ਜਾਰੀ ਹਨ।

# ਬੀਬੀ ਜਗੀਰ ਕੌਰ ਦੇ ਮਾਮਲੇ ਚ ਅਕਾਲੀ ਆਗੂ ਸ. ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਖ਼ਿਲਾਫ਼ ਆਈ ਟਿੱਪਣੀ ਤੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ...

(ਲੋਕ ਬਾਣੀ) ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅੱਜ ਇੱਕ ਨਵੀਂ ਚਰਚਾ ਦੇਖਣ ਨੂੰ ਆ ਰਹੀ ਹੈ ਕਿ ਕੁਛ ਵਿਅਕਤੀਆਂ ਵੱਲੋਂ ਬੀਬੀ ਜਗੀਰ ਕੌਰ ਜੀ ਦੇ ਬਾਰੇ ਦੇ ਵਿੱਚ ਇੱਕ ਸ਼ਿਕਾਇਤ ਸੀ ਅਕਾਲ ਤਖਤ ਸਾਹਿਬ ਵਿਖੇ ਪਹੁੰਚੀ ਉਸ ਸ਼ਿਕਾਇਤ ਦੇ ਮੂਲ ਬਾਰੇ ਤੇ ਅਕਾਲ ਤਖਤ ਸਾਹਿਬ ਵੱਲੋਂ ਬੀਬੀ ਜੀ ਨੂੰ ਜਿਹੜੇ ਦਿੱਤੇ ਸਪਸ਼ਟੀ ਕਰਨ ਲਈ ਹਫਤੇ ਦੇ ਅੰਦਰ ਦੇਣ ਲਈ ਆਏ ਜਥੇਦਾਰ ਸਾਹਿਬ ਦੇ ਬਿਆਨ ਬਾਰੇ ਇਹ ਨੁਕਤਾ ਚੀਨੀ ਕਾਫੀ ਵੱਡੀ ਪੱਧਰ ਤੇ ਹੋਣੀ ਸ਼ੁਰੂ ਹੋ ਗਈ ਆ ਮੈਨੂੰ ਇਸ ਗੱਲ ਦਾ ਬੜਾ ਅਫਸੋਸ ਆਇਆ ਕਿ ਬੀਬੀ ਜਗੀਰ ਕੌਰ ਜੀ ਜਿਨਾਂ ਨੂੰ ਇਹ ਨੋਟਿਸ ਜਾਰੀ ਕੀਤਾ ਅਕਾਲ ਤਖਤ ਸਾਹਿਬ ਵੱਲੋਂ ਉਹਨਾਂ ਵੱਲੋਂ ਤਾਂ ਬੜੇ ਸਤਿਕਾਰ ਨਾਲ ਇਹ ਗੱਲ ਕਹੀ ਜਾ ਰਹੀ ਹੈ ਕਿ ਵਿਰੋਧੀ ਲੋਕ ਕੁਝ ਵੀ ਬੋਲਣ ਮੈਂ ਅਕਾਲ ਤਖਤ ਸਾਹਿਬ ਤੇ ਜਾ ਕੇ ਪੇਸ਼ ਹੋ ਕੇ ਪੱਖ ਆਪਣਾ ਸਪਸ਼ਟ ਕਰਾਗੀ ਪਰ ਉਸ ਤੋਂ ਇਲਾਵਾ ਜਿਹੜੇ ਸਾਡੇ ਅਕਾਲੀ ਦਲ ਦੀ ਸੁਧਾਰ ਲਹਿਰ ਦੇ ਮੁਖੀ ਨੇ ਵਡਾਲਾ ਸਾਹਿਬ ਉਹਨਾਂ ਨੂੰ ਪ੍ਰੈਸ ਕਾਨਫਰਸ ਕਰ ਰਹੇ ਹਨ ਤੇ ਪ੍ਰੈਸ ਕਾਨਫਰੰਸ ਦੇ ਵਿੱਚ ਬੜੇ ਖੁੱਲੇ ਹੋ ਕੇ ਉਹ ਇਸ ਗੱਲ ਦਾ ਵਿਰੋਧ ਕਰ ਰਹੇ ਨੇ ਕੀ ਸ਼ਿਕਾਇਤ ਦੇਣੀ ਮਾੜੀ ਹੈ ਤੇ ਸ਼ਿਕਾਇਤ ਤੋਂ ਬਾਅਦ ਉਹ ਜਥੇਦਾਰ ਸਾਹਿਬਾਨ ਵੱਲੋਂ ਬੀਬੀ ਜੀ ਨੂੰ ਇਸ ਗੱਲ ਲਈ ਜਿਹੜੀ ਹੈ ਸੱਦਾ ਦੇਣਾ ਮਾੜਾ ਹੈ ਉਹ ਇਸ ਗੱਲ ਨੂੰ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਨਾਲ ਜੋੜ ਰਹੇ ਨੇ ਜਦੋਂ ਕਿ ਮੇਰੇ ਹਿਸਾਬ ਨਾਲ ਹਾਲੇ ਦੋ ਮਹੀਨੇ ਦਾ ਸਮਾਂ ਪਿਆ ਹੈ ਜਿਹੜਾ ਕਿ ਸ਼੍ਰੋਮਣੀ ਕਮੇਟੀ



ਦੀਆਂ ਜਿਹੜੀਆਂ ਪ੍ਰਧਾਨਗੀ ਦੀਆਂ ਚੋਣਾਂ ਤੇ ਮੈਂ ਇਹ ਬੇਨਤੀ ਕਰਦਾ ਕਿ ਵਡਾਲਾ ਸਾਹਿਬ ਮੇਰੀ ਸਤਿਕਾਰਯੋਗ ਨੇ ਮੈਨੂੰ ਇਹਨਾਂ ਤੋਂ ਇਸ ਤਰ੍ਹਾਂ ਦੀ ਆਸ ਨਹੀਂ ਹੈ ਕਿ ਪਿਛਲੇ ਦਿਨੀ ਜਦੋਂ ਸ੍ਰੀ ਅਕਾਲ ਤਖਤ ਸਾਹਿਬ ਤੇ ਵਡਾਲਾ ਸਾਹਿਬ ਦੀ ਅਗਵਾਈ ਦੇ ਵਿੱਚ ਸਾਡੇ ਸਤਿਕਾਰਯੋਗ ਸਾਹਿਬਾਨ ਨੇ ਇਹ ਅਕਾਲੀ ਦਲ ਦੇ ਖਿਲਾਫ ਅਕਾਲੀ ਦਲ ਦੇ ਪ੍ਰਧਾਨ ਦੇ ਖਿਲਾਫ ਇੱਕ ਸ਼ਿਕਾਇਤ ਜੋ ਦਿੱਤੀ ਸੀ ਉਹ ਸ਼ਿਕਾਇਤ ਤੇ ਤੁਰੰਤ ਸ਼੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਵੱਲੋਂ ਕਾਰਵਾਈ ਕੀਤੀ ਗਈ ਸਪਸ਼ਟੀਕਰਨ ਮੰਗਿਆ ਗਿਆ ਉਸ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾ ਦਿੱਤਾ ਗਿਆ ਤਾਂ ਇਸ ਗੱਲ ਤੇ ਬੜੀ ਵਿਸ਼ਵਾਸਯੋਗਤਾ ਪ੍ਰਗਟ ਕੀਤੀ ਗਈ ਤੇ ਇਸ ਗੱਲ ਦੀ ਵੱਡੀ ਸ਼ਲਾਗਾ ਕੀਤੀ ਗਈ ਕਿ ਜਥੇਦਾਰ ਸਾਹਿਬ ਜਿਹੜੇ ਆ ਇਹ ਸਹੀ ਫੈਸਲਾ ਕਰ ਰਹੇ ਨੇ ਤੇ ਸਹੀ ਰਸਤਾ ਤੌਰ ਤੇ ਉਹ ਵੀ ਤੁਸੀਂ ਸ਼ਿਕਾਇਤ ਦਿੱਤੀ ਸੀ ਤੇ ਉਹ ਸ਼ਿਕਾਇਤ ਤੇ ਜਥੇਦਾਰ ਸਾਹਿਬ ਨੇ ਸਪਸ਼ਟੀਕਰਨ ਮੰਗਿਆ ਸੀ ਅੱਜ ਵੀ ਕਿਸੇ ਨੇ ਸ਼ਿਕਾਇਤ ਦਿੱਤੀ ਹੈ ਮੈਂ ਨਹੀਂ ਜਾਣਦਾ ਕੌਣ ਨੇ ਬੀਬੀ ਜੀ ਦੇ ਬਾਰੇ ਦੇ ਵਿੱਚ ਮੇਰੀ ਸਤਿਕਾਰਯੋਗ ਨੇ ਤਾਂ ਉਸ ਗੱਲ ਤੇ ਸਾਨੂੰ ਅਕਾਲ ਤਖਤ ਤੇ ਤੇ ਬੜੀਆ ਵੱਡੀਆ ਟਿੱਪਣੀਆਂ ਕੀਤੀਆਂ ਜਾ ਰਹੀਆਂ ਹਨ ਵਡਾਲਾ ਸਾਹਿਬ ਤੇ ਉਹਨਾਂ ਦੇ ਹੋਰ ਸਾਥੀ ਜਿਹੜੇ ਆ ਜਥੇਦਾਰ ਸਾਹਿਬ ਦੀ ਇਸ ਕਾਰਵਾਈ ਤੇ ਟਿੱਪਣੀ ਕਰ ਰਹੇ ਨੇ ਮੈਸੇਜ ਦੇ ਤੌਰ ਤੇ ਕਹਿ ਦਿਆ ਵਿਰੋਧ ਦੇ ਉਤਰਿਆ ਹੀ ਨਹੀਂ ਸਾਨੂੰ ਇਹ ਗੱਲ ਨਹੀਂ ਕਰਨੀ ਚਾਹੀਦੀ ਜੇ ਕੋਈ ਤੁਹਾਡੇ ਮਨ ਦੇ ਅੰਦਰ ਖਿਆਲ ਹੈ ਜਾਂ ਕੋਈ ਵਿਚਾਰ ਹੈ ਤੇ ਤੁਸੀਂ ਜਥੇਦਾਰ ਸਾਹਿਬ ਨੂੰ ਕਿੰਨੀ ਵਾਰ ਮਿਲੇ ਹੋ ਤੇ ਕਿੰਨੀ ਵਾਰ ਤੁਸੀਂ ਮਿਲਣਾ ਤੇ ਹੁਣ ਵੀ ਉਹਨਾਂ ਨੂੰ ਮਿਲ ਕੇ ਇਸ ਗੱਲ ਦੇ ਬਾਰੇ ਚ ਗੱਲ ਕਰ ਸਕਦੇ ਹੋ ਇਹ ਇਸ ਤਰ੍ਹਾਂ ਜਨਤਕ ਤੌਰ ਤੇ ਜਥੇਦਾਰ ਸਾਹਿਬ ਦਾ ਵਿਰੋਧ ਕਰਨਾ ਉਹਨਾਂ ਦੇ ਫੈਸਲਿਆਂ ਦਾ ਵਿਰੋਧ ਕਰਨਾ ਉਹਨਾਂ ਦੀ ਕਾਰਗੁਜ਼ਾਰੀ ਚ ਟਿੱਪਣੀ ਉਠਾਉਣੀ ਮੈਨੂੰ ਲੱਗਦਾ ਵੀ ਸਾਡੇ ਵਾਸਤੇ ਸ਼ੋਭਾ ਨਹੀਂ ਹੈ। ਹੱਥ ਜੋੜ ਕੇ ਬੇਨਤੀ ਕਰਦੇ ਆਂ ਇਹ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਉਹੀ ਨੇ ਜਿਨਾਂ ਦੇ ਇਸ ਫੈਸਲੇ ਤੇ ਤੁਸੀਂ ਸਮਰਥਨ ਦਿੱਤਾ ਸੀ ਪਿੱਛੇ ਕੀਤੇ ਫੈਸਲਿਆਂ ਤੇ ਅੱਜ ਜੇ ਉਹਨਾਂ ਨੇ ਕੋਈ ਸਪਸ਼ਟੀਕਰਨ ਮੰਗਿਆ ਤੇ ਉੱਥੇ ਤੁਹਾਨੂੰ ਕੰਡਾ ਚੁਭਿਆ ਮੈਨੂੰ ਲੱਗਦਾ ਕਿ ਇਹ ਗੱਲ ਚੰਗੀ ਨਹੀਂ ਆਓ ਆਪਾਂ ਸਾਰੇ ਅਕਾਲ ਤਖਤ ਸਾਹਿਬ ਨੂੰ ਸਮਰਪਿਤ ਵੀ ਹੋਈਏ ਸਨਮਾਨ ਤੇ ਮਾਣ ਜਿਹੜਾ ਬਹਾਲ ਰੱਖਦੇ ਹਾਂ ਅਸੀਂ ਸਿਆਸਤ ਦੇ ਵਿੱਚ ਧਰਮ ਦੇ ਅਧੀਨ ਲੈ ਕੇ ਸਿਆਸਤ ਕਰਨ ਦੀ ਗੱਲ ਕਰੀਏ ਇਹ ਮੇਰਾ ਮਸ਼ਵਰਾ ਮੈਨੂੰ ਲੱਗਦਾ ਵਡਾਲਾ ਸਾਹਿਬ ਤੇ ਉਹਨਾਂ ਦੇ ਸਾਥੀ ਪਿਆਰ ਸਹਿਤ ਪ੍ਰਵਾਨ ਕਰਨਗੇ।

# ਕੀ ਸੁਨੀਲ ਜਾਖੜ ਦੇਣਗੇ ਅਸਤੀਫ਼ਾ! ਭਾਜਪਾ ਦੀ ਸੂਬਾ ਪੱਧਰੀ ਮੀਟਿੰਗ ਚ ਗ਼ੈਰ ਹਾਜ਼ਰ ਰਹੇ ਪਾਰਟੀ ਪ੍ਰਧਾਨ



(ਲੋਕ ਬਾਣੀ) ਪਾਰਟੀ ਦੀ ਮੀਟਿੰਗ ਚੰਡੀਗੜ੍ਹ ਸਥਿਤ ਪੰਜਾਬ ਭਾਜਪਾ ਦੇ ਮੁੱਖ ਦਫਤਰ ਵਿਖੇ ਸ਼ੁਰੂ ਹੋ ਗਈ ਹੈ। ਇਸ ਮੀਟਿੰਗ ਵਿੱਚ ਭਾਜਪਾ ਦੇ ਸੂਬਾ ਪ੍ਰਧਾਨ ਸੁਨੀਲ ਜਾਖੜ ਗੈਰਹਾਜ਼ਰ ਰਹੇ ਹਨ। ਉਦੋਂ ਤੋਂ ਉਨ੍ਹਾਂ ਦੇ ਅਸਤੀਫੇ ਨੂੰ ਲੈ ਕੇ ਚਰਚਾ ਸ਼ੁਰੂ ਹੋ ਗਈ ਹੈ। ਇਸ ਮਾਮਲੇ ਵਿੱਚ ਪੱਤਰਕਾਰਾਂ ਨੇ ਭਾਜਪਾ ਦੇ ਹਲਕਾ ਇੰਚਾਰਜ ਵਿਜੇ ਰੂਪਾਨੀ ਨਾਲ ਗੱਲਬਾਤ ਕਰਕੇ ਦੱਸਿਆ ਹੈ ਕਿ ਜਾਖੜ ਨੇ ਅਸਤੀਫਾ ਨਹੀਂ ਦਿੱਤਾ ਹੈ। ਪਾਰਟੀ ਨੂੰ ਉਨ੍ਹਾਂ ਦਾ ਅਸਤੀਫਾ ਨਹੀਂ ਮਿਲਿਆ ਹੈ।

ਵਿਜੇ ਰੂਪਾਨੀ ਨੇ ਕਿਹਾ ਕਿ ਅਸਤੀਫੇ ਨੂੰ ਲੈ ਕੇ ਚੱਲ ਰਹੀਆਂ ਖਬਰਾਂ ਪੂਰੀ ਤਰ੍ਹਾਂ ਅਫਵਾਹ ਹਨ। ਜਾਖੜ ਸਾਹਿਬ ਕਿਸੇ ਨਿੱਜੀ ਕੰਮ ਲਈ ਦਿੱਲੀ ਵਿੱਚ ਹਨ। ਪੱਤਰਕਾਰਾਂ ਨੇ ਉਨ੍ਹਾਂ ਨੂੰ ਸਵਾਲ ਕੀਤਾ ਹੈ ਕਿ ਜਾਖੜ ਨੇ ਇਨ੍ਹਾਂ ਖਬਰਾਂ ਦਾ ਖੰਡਨ ਵੀ ਨਹੀਂ ਕੀਤਾ। ਇਸ 'ਤੇ ਉਨ੍ਹਾਂ ਨੇ ਜਵਾਬ ਦਿੱਤਾ ਕਿ ਉਹ ਇਸ ਸਮੇਂ ਦਿੱਲੀ 'ਚ ਹਨ। ਉਨ੍ਹਾਂ ਕਿਹਾ ਕਿ ਉਹ ਸਾਡੀ ਪਾਰਟੀ ਦੇ ਪ੍ਰਧਾਨ ਹਨ। ਪਾਰਟੀ ਉਨ੍ਹਾਂ ਦੀ ਅਗਵਾਈ ਵਿੱਚ ਕੰਮ ਕਰ ਰਹੀ ਹੈ ਅਤੇ ਉਹ 2-4 ਦਿਨਾਂ ਵਿੱਚ ਪਾਰਟੀ ਗਤੀਵਿਧੀਆਂ ਵਿੱਚ ਹਿੱਸਾ ਲੈਣਗੇ।

# ਗੁਰਦਾਸਪੁਰ ਦੇ ਪਿੰਡ ਕਾਦੀਆ ਚ ਦੇਖਿਆ ਤੇਂਦੁਆ, ਦਹਿਸ਼ਤ ਦਾ ਮਾਹੌਲ, ਅਧਿਕਾਰੀਆਂ ਨੇ ਕਿਹਾ- ਸਾਵਧਾਨ ਰਹੋ!!



ਗੁਰਦਾਸਪੁਰ-(ਲੋਕ ਬਾਣੀ) ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਕਾਦੀਆ ਕਸਬੇ ਵਿੱਚ ਇੱਕ ਤੈਂਦੂਏ ਦੇ ਨਜ਼ਰ ਆਉਣ ਨਾਲ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਹਰਚੋਵਾਲ ਰੋਡ ਤੇ ਇਕ ਕਾਲੋਨੀ ਚ ਰਹਿਣ ਵਾਲੇ ਹਲੀਮ ਅਹਿਮਦ ਨੇ ਤੈਂਦੂਏ ਨੂੰ ਆਪਣੀਆਂ ਅੱਖਾਂ ਨਾਲ ਦੇਖਿਆ ਅਤੇ ਜੰਗਲਾਤ ਵਿਭਾਗ ਦੇ ਅਧਿਕਾਰੀਆਂ ਨੂੰ ਸੂਚਨਾ ਦਿੱਤੀ। ਜਿਸ ਤੋਂ ਬਾਅਦ ਜੰਗਲਾਤ ਵਿਭਾਗ ਦੇ ਅਧਿਕਾਰੀ ਸ਼ਕਤੀ ਕਪੂਰ ਨੇ ਨੇੜੇ ਲੱਗੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਤਾਂ ਉਸ ਵਿੱਚ ਤੇਦੂਏ ਵਰਗਾ ਜਾਨਵਰ ਦੇਖਿਆ ਗਿਆ।

ਜੰਗਲਾਤ ਵਿਭਾਗ ਦੇ ਅਧਿਕਾਰੀ ਸ਼ਕਤੀ ਕਪੂਰ ਨੇ ਪੁਸ਼ਟੀ ਕੀਤੀ ਹੈ ਕਿ ਇਹ ਤੈਂਦੂਆ ਹੈ ਅਤੇ ਇਲਾਕੇ ਦੇ ਲੋਕਾਂ ਖਾਸ ਕਰਕੇ ਬੱਚਿਆਂ ਨੂੰ ਚੌਕਸ ਰਹਿਣ ਲਈ ਕਿਹਾ ਗਿਆ ਹੈ। ਦੱਸ ਦਈਏ ਕਿ ਕਾਹਨੂੰਵਾਨ ਇਲਾਕੇ ਦੇ ਲੋਕ ਵੀ ਪਿਛਲੇ ਇਕ ਮਹੀਨੇ ਤੋਂ ਚੀਤੇ ਵਰਗਾ ਜਾਨਵਰ ਦੇਖਣ ਦਾ ਦਾਅਵਾ ਕਰ ਰਹੇ ਸਨ ਪਰ ਇਸ ਦੀ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ ਸੀ। ਹੁਣ ਅਧਿਕਾਰੀ ਨੇ ਇਸ ਨੂੰ ਤੈਂਦੂਆਂ ਹੋਣ ਦੀ ਪੁਸ਼ਟੀ ਕੀਤੀ ਹੈ

# ਸ਼ਹੀਦ ਭਗਤ ਸਿੰਘ ਦੇ 117ਵੇਂ ਜਨਮ ਦਿਨ ਤੇ ਬੂਟੇ ਵੰਡ ਕੇ ਚੇਤਨਾ ਕਾਫਲਾ ਤੇ ਸੈਮੀਨਾਰ ਕਰਵਾਇਆ

ਮਹਿਲ ਕਲਾਂ (ਲੋਕ ਬਾਣੀ) ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ 295 ਪੰਜਾਬ ਦੇ ਸੂਬਾ ਪ੍ਰੈੱਸ ਮੀਡੀਆ ਇੰਚਾਰਜ ਪੰਜਾਬ ਡਾਕਟਰ ਮਿੱਠੂ ਮੁਹੰਮਦ ਮਹਿਲ ਕਲਾਂ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੈਡੀਕਲ ਐਸੋਸੀਏਸ਼ਨ ਵੱਲੋਂ ਪੂਰੇ ਪੰਜਾਬ ਵਿੱਚ ਸ਼ਹੀਦ ਭਗਤ ਸਿੰਘ ਦਾ 117 ਵਾਂ ਜਨਮ ਦਿਨ ਸਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ।

ਇਸੇ ਕੜੀ ਤਹਿਤ ਮੈਡੀਕਲ ਪ੍ਰੈਕਟੀਸ਼ਨਰਜ ਐਸੋਸੀਏਸ਼ਨ ਪੰਜਾਬ ਰਜਿ 295 ਜਿਲਾ ਲੁਧਿਆਣਾ ਵੱਲੋਂ ਵੀ ਸ਼ਹੀਦੇ ਆਜਮ ਭਗਤ ਸਿੰਘ ਦਾ 117 ਵਾ ਜਨਮ ਦਿਵਸ ਛਾਂਦਾਰ ਤੇ ਫਲਦਾਰ ਬੂਟੇ ਲਗਾਕੇ ਅਤੇ ਆਮ ਲੋਕਾਂ ਵਿੱਚ ਵੰਡ ਕੇ ਤੇ ਵੱਖ ਵੱਖ ਪਿੰਡਾਂ ਵਿੱਚ ਚੇਤਨਾ ਕਾਫਲਾ ਤੇ ਸੈਮੀਨਾਰ ਲਗਾ ਕੇ ਧੂੰਮ ਧਾਮ ਨਾਲ ਮਨਾਇਆ ਗਿਆ। ਛਾਂਦਾਰ ਤੇ ਫਲਦਾਰ ਬੂਟੇ ਲਗਾਉਣ ਤੇ ਵੰਡਣ ਚੇਤਨਾ ਕਾਫਲਾ ਤੇ ਵੱਖ ਵੱਖ ਸੈਮੀਨਾਰਾਂ ਦਾ ਉਦਘਾਟਨ ਡਾ ਜਸਵਿੰਦਰ ਕਾਲਖ ਪ੍ਰਧਾਨ ਪੰਜਾਬ ਨੇ ਕੀਤਾ। ਉਹਨਾਂ ਨਾਲ ਡਾਕਟਰ ਰਜੇਸ਼ ਸ਼ਰਮਾ ਰਾਜੂ ਪ੍ਰੈਸ ਸਕੱਤਰ ਪੰਜਾਬ ਤੇ ਜਿਲਾ ਪ੍ਰਧਾਨ ਡਾਕਟਰ ਸੁਖਵਿੰਦਰ ਸਿੰਘ ਅਟਵਾਲ, ਡਾਕਟਰ ਕੇਸਰ ਸਿੰਘ ਧਾਂਦਰਾ ਜਨ ਸਕੱਤਰ ਲੁਧਿਆਣਾ, ਡਾਕਟਰ ਬਲਜਿੰਦਰ ਰਾੜੇ ਕੈਸੀਅਰ ਜ਼ਿਲ੍ਹਾ ਲੁਧਿਆਣਾ, ਡਾਕਟਰ ਅਜੀਤ ਰਾਮ ਸ਼ਰਮਾ ਝਾਂਡੇ ਮੀਤ ਪ੍ਰਧਾਨ ਲੁਧਿਆਣਾ, ਡਾਕਟਰ ਬਚਿੱਤਰ ਸਿੰਘ ਬਲਾਕ ਪ੍ਰਧਾਨ ਰਾੜਾ ਸਾਹਿਬ, ਡਾਕਟਰ



ਮਨਪ੍ਰੀਤ ਕੌਰ ਢੈਪੀ ਜਿਲਾ ਪ੍ਰਧਾਨ ਇਸਤਰੀ ਵਿੰਗ, ਡਾਕਟਰ ਆਸਾ ਰਾਣੀ ਜੀ ਮੈਂਬਰ ਇਸਤਰੀ ਵਿੰਗ ਮੌਜੂਦ ਸਨ। ਇਸ ਮੌਕੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਇੱਕ ਬਹੁਤ ਪੱਖੀ ਸ਼ਖਸ਼ੀਅਤ ਸਨ । ਉਨਾਂ ਦੀ ਵਿਚਾਰਧਾਰਾ ਹਮੇਸ਼ਾ ਸਮਾਜ ਵਿੱਚ ਹਰ ਤਬਕੇ ਨੂੰ ਉੱਚਾ ਚੁੱਕਣ ਦੀ ਸੀ ਉਹਨਾਂ ਦਾ ਕਥਨ ਇਹ ਸੀ ਕਿ ਮਨੁੱਖ ਤੋਂ ਮਨੁੱਖ ਦੀ ਲੁੱਟ ਖਤਮ ਹੋਵੇ ਅਤੇ ਸਭ ਮਨੁੱਖ ਬਰਾਬਰ ਹੋਣ ਇੱਕ ਵਧੀਆ ਸਮਾਜ ਸਿਰਜਣਾ ਸ਼ਹੀਦ ਭਗਤ ਸਿੰਘ ਦਾ ਸੁਪਨਾ ਸੀ। ਸਾਨੂੰ ਭਗਤ ਸਿੰਘ ਦੀਆਂ ਸਿੱਖਿਆਵਾਂ ਤੇ ਅਮਲ ਕਰਨਾ ਚਾਹੀਦਾ ਹੈ ।ਇਸ ਮੌਕੇ ਹੋਰਨਾਂ ਤੋ ਇਲਾਵਾ ਡਾ ਨਿਰਮਲ ਸਿੰਘ, ਡਾ ਬਲਦੀਪ, ਡਾ ਬਲਜੀਤ ਕੁਮਾਰ ਬਲਾਕ ਪ੍ਰਧਾਨ ਪੱਖੋਵਾਲ, ਡਾ ਜਸਮੇਲ ਸਿੰਘ, ਡਾਕਟਰ ਹਰਦੀਪ ਗੁੱਜਰਵਾਲ, ਡਾਕਟਰ ਹਰਬੰਸ ਬਸਰਾਮ,ਡਾਕਟਰ ਸੰਤੋਖ ਸਿੰਘ ਮਨਸੂਰਾਂ, ਡਾਕਟਰ ਹਿਰਦੇਪਾਲ, ਡਾਕਟਰ ਜਸਵੀਰ ਸਿੰਘ ਦਾਦ, ਡਾਕਟਰ ਸੁਖਦੇਵ ਨੰਗਲ, ਡਾ ਭਗਵਾਨ ਸਿੰਘ, ਡਾਕਟਰ ਰਾਜ ਮਹਿੰਦਰ ਸਿੰਘ, ਡਾ ਮਲਕ ਭਾਂਬਰੀ, ਡਾਕਟਰ ਜਸਵਿੰਦਰ ਸਿੰਘ, ਡਾ ਅਵਤਾਰ ਸਿੰਘ, ਡਾ ਕੇਵਲ ਸਿੰਘ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਮੌਕੇ ਆਏ ਮਹਿਮਾਨਾਂ ਤੇ ਆਗੂਆਂ ਦਾ ਸਨਮਾਨ ਵੀ ਕੀਤਾ ਗਿਆ।

# ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਸਟ੍ਰੈਸ ਐਂਡ ਪੇਨ ਮਨੈਂਜਮੈਂਟ ਵਿਸ਼ੇ ਤੇ ਐਕਸਟੈਂਸ਼ਨ ਲੈਕਚਰ ਦਾ ਆਯੋਜਨ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਰਾਮਗੜ੍ਹੀਆ ਕਾਲਜ ਆਫ ਐਜੂਕੇਸ਼ਨ, ਫਗਵਾੜਾ ਵਿਖੇ ਵਿਦਿਆਰਥੀਆਂ ਵਿੱਚ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ 'ਸਟੈਸ ਐਂਡ ਪੇਨ ਮਨੈਂਜਮੈਂਟ ਵਿਸ਼ੇ ਤੇ ਐਕਸਟੈਂਸ਼ਨ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਲੈਕਚਰ ਦੇ ਰਿਸੋਰਸ ਪਰਸਨ ਸਿਹਤ ਅਤੇ ਤੰਦਰੁਸਤੀ ਨੂੰ ਸਮਰਪਿਤ ਐਨ.ਜੀ.ਓ. 'ਹੈਲਥ ਇਨ ਯੂਅਰ ਹੈਂਡਜ਼ ਦੇ ਉੱਘੇ ਡਾ. ਗੁਰਿੰਦਰ ਸਿੰਘ ਸਨ ਲੈਕਚਰ ਦੌਰਾਨ ਰਿਸੋਰਸ ਪਰਸਨ ਨੇ ਵਿਦਿਆਰਥੀਆਂ ਨੂੰ ਤਣਾਅ ਪ੍ਰਬੰਧਨ ਤਕਨੀਕਾਂ, ਨੈਚਰੋਪੈਥੀ, ਦਵਾਈ ਰਹਿਤ ਜੀਵਨ ਜਿਊਣ ਅਤੇ ਦਰਦ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਵਰਗੇ ਮਹੱਤਵਪੂਰਨ ਵਿਸ਼ਿਆਂ ਤੇ ਚਰਚਾ ਕੀਤੀ। ਉਹਨਾਂ ਨੇ ਹਾਈਪਰਟੈਂਸ਼ਨ, ਸ਼ੂਗਰ, ਸਪੌਂਡੀਲਾਈਟਿਸ ਅਤੇ ਗਠੀਏ ਵਰਗੇ ਰੋਗਾਂ ਤੋਂ ਪੀੜਤ ਵਿਅਕਤੀਆਂ ਲਈ ਲਾਭਦਾਇਕ ਅਭਿਆਸਾਂ ਬਾਰੇ ਵੀ ਜਾਣਕਾਰੀ ਦਿੱਤੀ। ਇਸ ਤੋ ਇਲਾਵਾ ਸਕਾਰਾਤਮਕ ਰਵੱਈਆ ਬਣਾਈ ਰੱਖਣ ਅਤੇ ਕਿਸੇ ਦੀ ਛੁਪੀ ਸੰਭਾਵਨਾ ਨੂੰ ਪਛਾਣਨ ਦੀ ਮਹੱਤਤਾ ਤੇ ਜ਼ੋਰ ਦਿੱਤਾ ਪ੍ਰੈਕਟੀਕਲ ਸੈਸ਼ਨ ਵਿੱਚ ਵਿਦਿਆਰਥੀਆਂ ਨੂੰ ਤਣਾਅ ਨੂੰ ਕਿਸ ਤਰਾਂ ਕੰਟਰੋਲ ਕਰਨਾ, ਆਸ਼ਾਵਾਦੀ




ਸੋਚ ਅਤੇ ਆਪਣੀ ਕਾਬਲੀਅਤ ਨੂੰ ਖੋਜਣਾ ਬਾਰੇ ਜਾਣਕਾਰੀ ਦਿੱਤੀ ਗਈ। ਡਾ. ਸਿੰਘ ਨੇ ਵਿਦਿਆਰਥੀਆਂ ਨੂੰ ਸਹੀ ਤਰੀਕੇ ਨਾਲ ਸਾਹ ਲੈਣਾ ਅਤੇ ਕਸਰਤ ਕਰਨ ਦੀ ਪ੍ਰੈਕਟੀਕਲ ਟਰੇਨਿੰਗ ਵੀ ਦਿੱਤੀ। ਲੈਕਚਰ ਦੇ ਅਖ਼ੀਰਲੇ ਹਿੱਸੇ ਵਿੱਚ ਵਿਦਿਆਰਥੀਆਂ ਵਲੋ ਮਹਿਰਾਂ ਨਾਲ ਵਿਚਾਰ-ਵਟਾਦਰਾਂ ਕੀਤਾ ਗਿਆ ਅਤੇ ਆਪਣੀਆਂ ਸਮੱਸਿਆਵਾਂ ਨਾਲ ਸੰਬੰਧਿਤ ਪ੍ਰਸ਼ਨ ਪੁੱਛੇ ਗਏ ਇਹ ਲੈਕਚਰ ਕਾਲਜ ਦੇ ਰੈੱਡ ਰਿਬਨ ਕਲੱਬ ਅਤੇ ਐਨ. ਐਸ.ਐਸ. ਯੂਨਿਟ ਦਾ ਸਾਂਝਾ ਉਪਰਾਲਾ ਸੀ ਜੋ ਕਿ ਵਿਦਿਆਰਥੀਆਂ ਵਿੱਚ ਸਿਹਤ ਅਤੇ ਸਮਾਜਿਕ ਜਾਗਰੁਕਤਾ ਨੂੰ ਉਤਸ਼ਾਹਿਤ ਕਰਦਾ ਹੈ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ ਨੇ ਡਾ. ਗੁਰਿੰਦਰ ਸਿੰਘ ਦਾ ਨਿੱਘਾ ਸਵਾਗਤ ਕੀਤਾ ਅਤੇ ਸੈਸ਼ਨ ਦੌਰਾਨ ਸਾਂਝੇ ਕੀਤੇ ਵੱਡਮੁੱਲੇ ਵਿਚਾਰਾਂ ਦੀ ਸ਼ਲਾਘਾ ਕੀਤੀ ਉਹਨਾਂ ਨੇ ਕਿਹਾ ਕਿ ਅੱਜ ਦੇ ਤੇਜ਼ ਰਫਤਾਰ ਵਾਲੇ ਸਮੇਂ ਵਿੱਚ ਵਿਅਕਤੀਗਤ ਅਤੇ ਪੇਸ਼ੇਵਰ ਵਿਕਾਸ ਦੋਨਾਂ ਲਈ ਤਣਾਅ ਪ੍ਰਬੰਧਨ ਬਹੁਤ ਜ਼ਰੂਰੀ ਹੈ ਸ੍ਰੀਮਤੀ ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਫਗਵਾੜਾ ਨੇ ਪ੍ਰਿੰਸੀਪਲ ਡਾ. ਸੁਰਿੰਦਰ ਜੀਤ ਕੌਰ, ਕਲੱਬ ਇੰਚਾਰਜ ਡਾ. ਰਜਨੀ ਬਾਲਾ ਅਤੇ ਸ੍ਰੀਮਤੀ ਜਸਵਿੰਦਰ ਕੌਰ, ਸਮੂਹ ਸਟਾਫ ਮੈਬਰਾਂ ਅਤੇ ਵਿਦਿਆਰਥੀਆ ਨੂੰ ਇਸ ਲੈਕਚਰ ਦੇ ਆਯੋਜਨ ਲਈ ਵਧਾਈ ਦਿੱਤੀ । ਉਹਨਾਂ ਕਿਹਾ ਕਿ ਕਾਲਜ ਆਪਣੀ ਸਥਾਪਤੀ ਦੇ ਸਮੇਂ 1956 ਤੋਂ ਹੀ ਵਿਦਿਆਰਥੀਆਂ ਦੀ ਸਰਵਪੱਖੀ ਸ਼ਖਸੀਅਤ ਦੇ ਵਿਕਾਸ ਲਈ ਵਚਨਬੱਧ ਹੈ। ਉਹਨਾਂ ਨੇ ਆਉਣ ਵਾਲੇ ਸਮੇਂ ਵਿਚ ਇਸ ਤਰਾਂ ਦੇ ਲੈਕਚਰ ਕਰਵਾਉਣ ਦੀ ਪ੍ਰੇਰਨਾ ਦਿੱਤੀ

ਰੋਜ਼ਾਨਾ ਲੋਕ ਬਾਣੀ www.lokbani

# ਗੁਰਬਖਸ਼ੀਸ਼ ਸਿੰਘ ਇੰਪਲਾਈਜ਼ ਫੈਡਰੇਸ਼ਨ (ਪਹਿਲਵਾਨ) ਦੇ ਸਰਕਲ ਪ੍ਰਧਾਨ ਬਣੇ



ਅੰਮ੍ਰਿਤਸਰ, (ਲੋਕ ਬਾਣੀ) ਇੰਪਲਾਈਜ ਫੈਡਰੇਸ਼ਨ (ਪਹਿਲਵਾਨ) ਦੇ ਸਟੇਟ ਮੀਤ ਪ੍ਰਧਾਨ ਮਨੋਜ ਕੁਮਾਰ ਜੀ ਜੇ.ਈ (ਰਿਟਾਇਰ) ਅਤੇ ਸਟੇਟ ਸਕੱਤਰ ਰਾਜੇਸ਼ ਸ਼ਰਮਾ ਜੇ.ਈ ਦੀ ਯੋਗ ਨਿਗਰਾਨੀ ਹੇਠ ਅਤੇ ਬਾਰਡਰ ਜੋਨ ਪ੍ਰਧਾਨ ਸਤਪਾਲ ਸਿੰਘ ਐਸਡੀਓ ਅਤੇ ਸਕੱਤਰ ਓੰਕਾਰ ਸਿੰਘ ਜੇ.ਈ ਦੀ ਅਗਵਾਈ ਹੇਠ ਸਬ ਅਰਬਨ ਸਰਕਲ ਅੰਮ੍ਰਿਤਸਰ ਦੀ ਨਵੀਂ ਜਥੇਬੰਦਕ ਟੀਮ ਦੀ ਚੋਣ ਕੀਤੀ ਗਈ। ਜਿਸ ਵਿੱਚ ਸਰਵਸੰਮਤੀ ਦੇ ਨਾਲ ਗੁਰਬਖਸ਼ੀਸ਼ ਸਿੰਘ ਨੂੰ ਸਰਕਲ ਪ੍ਰਧਾਨ ਅਤੇ ਵਿਸ਼ਾਲ ਸ਼ਰਮਾ ਜੇ.ਈ ਨੂੰ ਸਰਕਲ ਸਕੱਤਰ ਚੁਣਿਆ ਗਿਆ। ਸਾਬਕਾ ਸਰਕਲ ਪ੍ਰਧਾਨ ਗੁਰਵੰਤ ਸਿੰਘ ਸੋਹੀ ਦੀ ਨਵੀਂ ਜਥੇਬੰਦਕ ਜ਼ਿੰਮੇਵਾਰੀ ਦੀ ਘੋਸ਼ਣਾ ਅਗਲੇ ਡੇਲੀਗੇਟ ਇਜਲਾਸ ਵਿੱਚ ਹੋਵੇਗੀ। ਇਸ ਮੌਕੇ ਪੈਨਸ਼ਨਰ ਫੈਡਰੇਸ਼ਨ ਦੇ ਸਟੇਟ ਆਗੂ ਬਾਬਾ ਅਮਰਜੀਤ ਸਿੰਘ ਅਤੇ ਸਰਕਲ ਪ੍ਰਧਾਨ ਰਣਜੀਤ ਸਿੰਘ ਤਲਵੰਡੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਬੈਠਕ ਦੇ ਦੌਰਾਨ ਨਵੀਂ ਜਥੇਬੰਦਕ ਸਰਕਲ ਕਮੇਟੀ ਵਿੱਚ ਸਚਪਾਲ ਸਿੰਘ (ਰਿਟਾਇਰ) ਸਰਪ੍ਰਸਤ, ਗੁਰਬਖਸ਼ੀਸ਼ ਸਿੰਘ ਪ੍ਰਧਾਨ, ਸਰਬਜੀਤ ਸਿੰਘ ਟਾਂਗਰਾ ਸੀਨੀਅਰ ਮੀਤ ਪ੍ਰਧਾਨ, ਵਿਸ਼ਾਲ ਸ਼ਰਮਾ ਜੇਈ ਸਕੱਤਰ, ਰਵਿੰਦਰ ਪਾਲ ਸਿੰਘ ਆਰ ਏ ਸੰਯੁਕਤ ਸਕੱਤਰ,ਅਰਸ਼ਦੀਪ ਸਿੰਘ ਭੁੱਲਰ, ਮਨਜੀਤ ਸਿੰਘ ਢੱਡੇ, ਰਾਜਿੰਦਰ ਸਿੰਘ ਜੇਈ ਮੀਤ ਪ੍ਰਧਾਨ, ਸੁਖਬੀਰ ਸਿੰਘ ਪ੍ਰਚਾਰ ਸਕੱਤਰ, ਜਸਵੀਰ ਸਿੰਘ ਜੇਈ, ਹਰਪ੍ਰੀਤ ਸਿੰਘ ਨੂੰ ਪ੍ਰੈਸ ਸਕੱਤਰ, ਰੋਹਿਤ ਸਿੰਘ ਕੈਸ਼ੀਅਰ,ਜਸਪਾਲ ਸਿੰਘ,ਚੰਨਨ ਸਿੰਘ ਨੂੰ ਸਲਾਹਕਾਰ ਚੁਣਿਆ ਗਿਆ।

ਰੋਜ਼ਾਨਾ ਲੋਕ ਬਾਣੀ www.lokbani

# ਪ੍ਰਸ਼ਾਸਨ ਵੱਲੋਂ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨ ਮਸ਼ੀਨਾਂ ਰਾਹੀਂ ਝੋਨੇ ਦੀ ਕਟਾਈ ਤੇ ਪਾਬੰਦੀ

ਲੁਧਿਆਣਾ, (ਸੁਖਚੈਨ ਮਹਿਰਾ, ਵਰਿੰਦਰ ਪ੍ਰਕਾਸ਼ ਭਾਂਬਰੀ) ਜ਼ਿਲ੍ਹਾ ਪ੍ਰਸ਼ਾਸਨ ਨੇ ਲੁਧਿਆਣਾ ਵਿੱਚ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਝੋਨੇ ਦੀ ਫ਼ਸਲ ਦੀ ਕਟਾਈ ਤੇ ਪਾਬੰਦੀ ਲਗਾ ਦਿੱਤੀ ਹੈ।

ਭਾਰਤੀ ਨਾਗਰਿਕ ਸੁਰੱਖਿਆ ਸੰਘਤਾ, 2023 (ਸੀ.ਆਰ.ਪੀ.ਸੀ ਦੀ ਪੁਰਾਣੀ 144) ਦੀ ਧਾਰਾ 163 ਦੇ ਤਹਿਤ, ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਨ੍ਹਾਂ ਘੰਟਿਆਂ ਦੌਰਾਨ ਝੋਨੇ ਦੀ ਕਟਾਈ ਲਈ ਕੰਬਾਈਨ ਮਸ਼ੀਨਾਂ ਦੀ ਵਰਤੋਂ ਤੇ ਪਾਬੰਦੀ ਲਗਾਈ ਗਈ ਹੈ।

ਇਹ ਪਾਬੰਦੀ ਇਸ ਲਈ ਲਗਾਈ ਗਈ ਹੈ ਕਿਉਂਕਿ ਰਾਤ ਵੇਲੇ ਅਨਾਜ ਤੇ ਤ੍ਰੇਲ ਪੈ ਜਾਂਦੀ ਹੈ, ਜਿਸ ਨਾਲ ਨਮੀ ਦੀ ਮਾਤਰਾ ਵੱਧ ਜਾਂਦੀ ਹੈ ਅਤੇ ਖਰੀਦ ਏਜੰਸੀਆਂ ਨੂੰ ਅਨਾਜ ਖਰੀਦਣਾ ਮੁਸ਼ਕਲ ਹੋ ਜਾਂਦਾ ਹੈ।

ਇਸ ਤੋਂ ਇਲਾਵਾ, ਝੋਨੇ ਦੀ ਕਟਾਈ ਦੇ ਇਸ ਸੀਜ਼ਨ ਦੌਰਾਨ, ਕਿਸੇ ਵੀ ਕੰਬਾਈਨ ਹਾਰਵੈਸਟਰ ਨੂੰ
ਸੁਪਰ ਸਟਰਾਅ ਮੈਨੇਜਮੈਂਟ ਸਿਸਟਮ
(ਐਸ.ਐਮ.ਐਸ) ਤੋਂ ਬਿਨਾਂ ਕੰਮ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।

ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਗੁਰੇਜ਼ ਕਰਨ ਦੀ ਅਪੀਲ ਵੀ ਕੀਤੀ ਕਿਉਂਕਿ ਇਸ ਨਾਲ ਮਿੱਟੀ ਦੇ ਜ਼ਰੂਰੀ ਪੌਸ਼ਟਿਕ ਤੱਤ ਨਸ਼ਟ ਹੋ ਜਾਂਦੇ ਹਨ ਅਤੇ ਮਨੁੱਖੀ ਸਿਹਤ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਹਾਨੀਕਾਰਕ ਗੈਸਾਂ ਨਿਕਲਦੀਆਂ ਹਨ।

ਰੋਜ਼ਾਨਾ ਲੋਕ ਬਾਣੀ www.lokbani

# ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਨ ਮੌਕੇ ਇਲਾਜ ਅਧੀਨ ਮਰੀਜ਼ਾਂ ਨੂੰ ਵੰਡੇ ਫਲ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਨੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਦੇ 117ਵੇਂ ਜਨਮ ਦਿਨ ਨੂੰ ਸਮਰਪਿਤ ਪ੍ਰੋਜੈਕਟ ਅਧੀਨ ਸਥਾਨਕ ਸਿਵਲ ਹਸਪਤਾਲ ਵਿਖੇ ਇਲਾਜ ਅਧੀਨ ਮਰੀਜ਼ਾਂ ਨੂੰ ਫਲ ਵੰਡੇ। ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ ਪ੍ਰੋਜੈਕਟ ਦੇ ਚੇਅਰਮੈਨ ਲਾਇਨ ਬਲਵਿੰਦਰ ਸਿੰਘ ਸਨ। ਜਿਹਨਾਂ ਦੇ ਬੇਟੇ ਪ੍ਰਭਜੋਤ ਸਿੰਘ ਦਾ ਵੀ ਜਨਮ ਦਿਨ ਸੀ। ਇਸ ਦੌਰਾਨ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਇਸ ਪ੍ਰੋਜੈਕਟ ਤੋਂ ਪਹਿਲਾਂ ਸਮੂਹ ਕਲੱਬ ਮੈਂਬਰਾਂ ਨੇ ਸ਼ਹੀਦ ਭਗਤ ਸਿੰਘ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਲਾਇਨ ਗੁਰਦੀਪ ਸਿੰਘ ਕੰਗ ਨੇ ਕਲੱਬ ਵੱਲੋਂ ਸਮਾਜ ਸੇਵਾ ਵਿੱਚ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਅਤੇ ਸਮੂਹ ਮੈਂਬਰਾਂ ਦੀ ਅਣਥੱਕ ਮਿਹਨਤ ਦੇ ਬਲਬੂਤੇ ਸਾਲ 2014 ਵਿੱਚ ਸਥਾਪਿਤ ਹੋਈ ਲਾਇਨਜ਼ ਕਲੱਬ ਫਗਵਾੜਾ ਵਿਸ਼ਵਾਸ ਨੇ ਸਿਰਫ਼ ਦਸ ਸਾਲਾਂ ਦੇ ਅਰਸੇ ਵਿੱਚ ਹੀ ਲਾਇਨਜ਼ ਇੰਟਰਨੈਸ਼ਨਲ 321-ਡੀ ਦੀਆਂ ਪ੍ਰਮੁੱਖ ਕਲੱਬਾਂ ਵਿੱਚ ਇੱਕ ਵਿਸ਼ੇਸ਼ ਸਥਾਨ ਹਾਸਲ ਕੀਤਾ ਹੈ। ਕਲੱਬ ਦੀਆਂ ਗਤੀਵਿਧੀਆਂ ਦਾ ਨੋਟਿਸ ਲੈਂਦਿਆਂ ਡਿਸਟ੍ਰਿਕਟ ਗਵਰਨਰ ਲਾਇਨ ਰਛਪਾਲ ਸਿੰਘ ਬੱਚਾਜੀਵੀ ਨੇ ਕਲੱਬ ਦੇ ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਨੂੰ ਡਿਸਟ੍ਰਿਕਟ ਕੋਆਰਡੀਨੇਟਰ (ਜੀ.ਐਸ.ਟੀ.), ਲਾਇਨ ਬਲਵਿੰਦਰ ਸਿੰਘ ਨੂੰ ਡਿਸਟ੍ਰਿਕਟ ਚੇਅਰਮੈਨ (ਸਪੋਰਟਸ), ਲਾਇਨ ਚਮਨ ਲਾਲ ਨੂੰ ਰੀਜ਼ਨ ਚੇਅਰਮੈਨ (ਰਿਜਨ-9), ਲਾਇਨ ਇੰਦਰਜੀਤ ਸਿੰਘ ਨੂੰ ਜ਼ੋਨ ਚੇਅਰਮੈਨ (ਰਿਜਨ-9, ਜ਼ੋਨ-2) ਦਾ ਮਾਣ ਦਿੱਤਾ ਹੈ। ਚਾਰਟਰ ਪ੍ਰਧਾਨ ਲਾਇਨ ਸੁਸ਼ੀਲ ਸ਼ਰਮਾ ਨੇ ਸਮੂਹ ਹਾਜ਼ਰੀਨ ਨੂੰ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਆਦਰਸ਼ਾਂ ਨੂੰ ਜੀਵਨ ਵਿੱਚ ਅਪਣਾਉਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਕਲੱਬ ਦੇ ਚਾਰ ਮੈਂਬਰਾਂ ਨੂੰ ਸਨਮਾਨ ਯੋਗ ਅਹੁਦੇ ਪ੍ਰਦਾਨ ਕਰਨ ਲਈ ਡਿਸਟ੍ਰਿਕਟ ਗਵਰਨਰ ਲਾਇਨ ਰਛਪਾਲ ਸਿੰਘ ਬੱਚਾਜੀਵੀ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਦਕਿ ਕਲੱਬ ਦੇ ਪ੍ਰਧਾਨ ਲਾਇਨ ਹਰਵਿੰਦਰਜੀਤ ਸਿੰਘ ਨੇ ਡਿਸਟ੍ਰਿਕਟ ਚੇਅਰਮੈਨ ਲਾਇਨ ਗੁਰਦੀਪ ਸਿੰਘ ਕੰਗ ਦਾ ਪਹੁੰਚਣ ਲਈ ਧੰਨਵਾਦ ਕੀਤਾ। ਸਮੂਹ ਕਲੱਬ ਮੈਂਬਰਾਂ ਨੇ ਇਸ ਪ੍ਰੋਜੈਕਟ ਦੇ ਡਾਇਰੈਕਟਰ ਅਤੇ ਕਲੱਬ ਦੇ ਖਜ਼ਾਨਚੀ ਲਾਇਨ ਬਲਵਿੰਦਰ ਸਿੰਘ ਨੂੰ ਉਨ੍ਹਾਂ ਦੇ ਪੁੱਤਰ ਪ੍ਰਭਜੋਤ ਸਿੰਘ ਦੇ ਜਨਮ ਦਿਨ ਦੀ ਵਧਾਈ ਵੀ ਦਿੱਤੀ। ਕਲੱਬ ਦੀ ਤਰਫੋਂ ਮੁੱਖ ਮਹਿਮਾਨ ਲਾਇਨ ਗੁਰਦੀਪ ਸਿੰਘ ਕੰਗ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਇਸ ਮੌਕੇ ਲਾਇਨ ਅਵਤਾਰ ਸਿੰਘ ਪੀ.ਪੀ., ਲਾਇਨ ਰਵੀ ਮੰਗਲ, ਲਾਇਨ ਪ੍ਰਦੀਪ ਸਿੰਘ, ਲਾਇ ਮੋਹਨ ਸਿੰਘ ਕੋਹਲੀ, ਲਾਇਨ ਸੁਰਿੰਦਰ ਰਾਏ ਆਦਿ ਹਾਜ਼ਰ ਸਨ







ਰੋਜ਼ਾਨਾ ਲੋਕ ਬਾਣੀ www.lokbani

# ਪੰਚਾਇਤੀ ਚੋਣ ਲੜਨ ਦੇ ਸੰਭਾਵਿਤ ਉਮੀਦਵਾਰਾਂ ਦੀਆਂ ਬੀ.ਡੀ.ਪੀ.ਓ. ਦਫਤਰ 'ਚ ਲੱਗੀਆਂ ਰੌਣਕਾਂ

ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਗ੍ਰਾਮ ਪੰਚਾਇਤਾਂ ਦੇ ਗਠਨ ਲਈ 15 ਅਕਤੂਬਰ ਨੂੰ ਹੋਣ ਵਾਲੀਆਂ ਪੰਚਾਇਤੀ ਚੋਣਾਂ ਦੇ ਸਬੰਧ ਵਿਚ ਸਰਪੰਚ ਅਤੇ ਪੰਚ ਦੀ ਚੋਣ ਲੜਨ ਵਾਲੇ ਸੰਭਾਵਿਤ ਉੱਮੀਦਵਾਰਾਂ ਵਲੋਂ ਅੱਜ ਵੱਡੀ ਗਿਣਤੀ 'ਚ ਬਲਾਕ ਵਿਕਾਸ ਅਤੇ ਪੰਚਾਇਤ ਦਫਤਰ ਫਗਵਾੜਾ ਵਿਖੇ ਪੁੱਜ ਕੇ ਦਸਤਾਵੇਜੀ ਕਾਰਵਾਈ ਸ਼ੁਰੂ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਬੀ.ਡੀ.ਪੀ.ਓ. ਰਾਮ ਪਾਲ ਰਾਣਾ ਨੇ ਦੱਸਿਆ ਕਿ ਨਾਮਜਦਗੀ ਪੱਤਰ ਭਰਨ ਦੀ ਸ਼ੁਰੂਆਤ 27 ਸਤੰਬਰ ਤੋਂ ਹੋ ਚੁੱਕੀ ਹੈ ਜੋ ਕਿ 4 ਅਕਤੂਬਰ ਤਕ ਜਾਰੀ ਰਹੇਗੀ। 5 ਅਕਤੂਬਰ ਨੂੰ ਨਾਮਜੱਦਗੀ ਪੱਤਰਾਂ ਦੀ ਪੜਤਾਲ ਕੀਤੀ ਜਾਵੇਗੀ ਅਤੇ ਨਾਮ ਵਾਪਸ ਲੈਣ ਦੀ ਆਖਰੀ ਤਾਰੀਖ 7 ਅਕਤੂਬਰ ਹੈ। ਜਿਸ ਤੋਂ ਬਾਅਦ 15 ਅਕਤੂਬਰ ਦਿਨ ਮੰਗਲਵਾਰ ਨੂੰ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਵੋਟਾਂ ਪਾਉਣ ਦਾ ਕੰਮ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ। ਉਹਨਾਂ ਦੱਸਿਆ ਕਿ ਵੋਟਾਂ ਵਾਲੇ ਦਿਨ ਹੀ ਸ਼ਾਮ ਨੂੰ ਵੋਟਾਂ ਦੀ ਗਿਣਤੀ ਅਤੇ ਨਤੀਜਿਆਂ ਦਾ ਐਲਾਨ ਕਰ ਦਿੱਤਾ ਜਾਵੇਗਾ। ਉਹਨਾਂ ਸਮੂਹ ਪਿੰਡਾਂ ਦੇ ਵਸਨੀਕਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਵੋਟਾਂ ਪਾਉਣ ਦਾ ਕੰਮ ਸ਼ਾਂਤੀਪੂਰਣ ਢੰਗ ਦੇ ਨਾਲ ਨੇਪਰੇ ਚਾੜ੍ਹਨ ਵਿਚ ਸਹਿਯੋਗ ਦਿੱਤਾ ਜਾਵੇ। ਇਸ ਦੌਰਾਨ ਉਹਨਾਂ ਸਮੂਹ ਵੋਟਰਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਉਹ ਆਪਣੇ ਵੋਟ ਪਾਉਣ ਦੇ ਅਧਿਕਾਰ ਦੀ ਵਰਤੋਂ ਜਰੂਰ ਕਰਨ ਕਿਉਂਕਿ ਵੋਟਾਂ



ਵਾਲਾ ਦਿਨ ਲੋਕਤੰਤਰ ਦੇ ਜਸ਼ਨ ਦਾ ਦਿਨ ਹੁੰਦਾ ਹੈ। ਬੀ.ਡੀ.ਪੀ.ਓ. ਰਾਣਾ ਨੇ ਚੋਣ ਕਮਿਸ਼ਨ ਪੰਜਾਬ ਵਲੋਂ ਜਾਰੀ ਪੱਤਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਕਰ ਕਿਸੇ ਉੱਮੀਦਵਾਰ ਨੂੰ ਆਪਣੇ ਵਲੋਂ ਕੀਤੀਆਂ ਕੋਸ਼ਿਸ਼ਾਂ ਦੇ ਬਾਵਜੂਦ ਨਾਮਜੱਦਗੀ ਪੱਤਰ ਦੇ ਨਾਲ ਲਗਾਉਣ ਲਈ ਕਿਸੇ ਵੀ ਕਿਸਮ ਦੇ ਟੈਕਸ ਦੇ ਏਰੀਅਰ ਦੇ ਬਕਾਏ ਜਾਂ ਹੋਰ ਬਕਾਏ ਬਾਬਤ ਐਨ.ਓ.ਸੀ. ਲੈਣ ਵਿਚ ਦਿੱਕਤ ਪੇਸ਼ ਆ ਰਹੀ ਹੋਵੇ ਤਾਂ ਸੰਭਾਵਿਤ ਉੱਮੀਦਵਾਰ ਨਾਮਜੱਦਗੀ ਪੱਤਰ ਦੇ ਨਾਲ ਇਕ ਹਲਫੀਆ ਬਿਆਨ ਲਗਾ ਕੇ ਪੇਪਰ ਦਾਖਲ ਕਰ ਸਕਦਾ ਹੈ। ਇਸ ਦੌਰਾਨ ਦਫਤਰ ਦੇ ਸਮੂਹ ਸਟਾਫ ਵਲੋਂ ਦਸਤਾਵੇਜੀ ਕਾਰਵਾਈ ਨੇਪਰੇ ਚਾੜ੍ਹਨ ਵਿਚ ਪੂਰਾ ਸਹਿਯੋਗ ਦਿੱਤਾ ਗਿਆ।

ਰੋਜ਼ਾਨਾ ਲੋਕ ਬਾਣੀ
www.lokbani

# ਭਾਰਤ ਵਿੱਚ ਹਰ ਸਾਲ 2 ਲੱਖ ਤੋਂ ਵੱਧ ਦਿਲ ਦੀ ਹੋ ਰਹੀ ਹੈ ਸਰਜਰੀ- ਡਾ. ਕਿਰਨਦੀਪ ਕੌਰ



ਅੰਮ੍ਰਿਤਸਰ (ਲੋਕ ਬਾਣੀ) ਸਿਵਲ ਸਰਜਨ ਡਾ.ਕਿਰਨਦੀਪ ਕੌਰ ਦੀ ਪ੍ਰਧਾਨਗੀ ਹੇਠਾਂ ਦਫਤਰ ਸਿਵਲ ਸਰਜਨ ਵਿਖੇ ਵਿਸ਼ਵ ਦਿਲ ਦਿਵਸ ਮਨਾਇਆ ਗਿਆ। ਇਸ ਅਵਸਰ ਤੇ ਉਹਨਾਂ ਵਲੋਂ ਇੱਕ ਜਾਗਰੁਕਤਾ ਪੋਸਟਰ ਰਲੀਜ ਕੀਤਾ ਗਿਆ। ਇਸ ਪੋਸਟਰ ਵਿਚ ਆਪਣੇ ਦਿਲ ਨੂੰ ਤੰਦਰੁਸਤ ਰੱਖਣ ਲਈ ਸਾਰੇ ਜਰੂਰੀ ਨੁਕਤਿਆਂ ਪ੍ਰਤੀ ਜਾਗਰੂਕ ਕੀਤਾ ਗਿਆ ਹੈ। ਇਸ ਅਵਸਰ ਤੇ ਸੰਬੋਧਨ ਕਰਦਿਆਂ ਸਿਵਲ ਸਰਜਨ ਨੇ ਕਿਹਾ ਇੱਕ ਅੰਕੜੇ ਅਨੁਸਾਰ ਭਾਰਤ ਵਿਚ ਹਰ ਸਾਲ ਤਕਰੀਬਨ 2 ਲੱਖ ਤੋਂ ਵੱਧ ਲੋਕਾ ਦੀ ਦਿਲ ਦੀ ਸਰਜਰੀ ਹੋ ਰਹੀ ਹੈ ਤੇ ਹਰ ਸਾਲ 10% ਵਾਧਾ ਹੋ ਰਿਹਾ ਹੈ। ਉਨਾਂ ਨੇ ਕਿਹਾ ਕਿ ਸਾਨੂੰ ਹਰ ਦਿਨ 30-45 ਮਿੰਟ ਦੀ ਕਸਰਤ ਕਰਨੀ ਚਾਹੀਦੀ ਹੈ ਜਿਸ ਨਾਲ ਸ਼ਰੀਰ ਅਤੇ ਦਿਲ ਤੰਦਰੁਸਤ ਰਹਿੰਦਾ ਹੈ। ਜੇਕਰ ਆਪਣੇ ਦਿਲ ਨੂੰ ਬਿਮਾਰੀਆਂ ਤੋ ਬਚਾਉਣਾ ਹੈ ਤਾਂ ਸਾਨੂੰ ਆਪਣੇ ਜੀਵਨ ਵਿਚ ਸਿਹਤ ਪ੍ਰਤੀ ਚੰਗੀਆ ਆਦਤਾਂ ਨੂੰ ਅਪਣਾਓਣੀਆਂ ਚਾਹੀਦੀਆਂ ਹਨ। ਜਿਵੇਂ ਕਿ ਪੌਸ਼ਟਿਕ ਆਹਾਰ ਲੈਣਾਂ,ਆਪਣੇ ਸ਼ਰੀਰ ਦੇ ਭਾਰ ਦੇ ਮੁਤਾਬਿਕ ਕੈਲਰੀਸ ਦਾ ਸੇਵਨ ਕਰਨਾ,ਤਲੇ ਹੋਏ ਭੋਜਨ ਤੋਂ ਪਰਹੇਜ ਕਰਨਾਂ, ਬੱਲਡ ਪ੍ਰੈਸ਼ਰ ਅਤੇ ਸ਼ੂਗਰ ਨੂੰ ਕੰਟਰੋਲ ਵਿਚ ਰੱਖਣਾਂ, ਆਪਣੇ ਆਪ ਨੂੰ ਤਨਾਓ ਤੋਂ ਮੁਕਤ ਰੱਖਣਾਂ, ਤੰਬਾਕੂ ਅਤੇ ਸ਼ਰਾਬ ਦੀ ਵਰਤੋਂ ਤੋਂ ਪਰਹੇਜ ਕਰਨਾਂ,ਨਮਕ ਅਤੇ ਮਿੱਠੇ ਦੀ ਵਰਤੋਂ ਘੱਟ ਕਰਨਾਂ,40 ਸਾਲ ਦੀ ਉਮਰ ਬਾਦ ਆਪਣਾ ਰੁਟੀਣ ਚੈਕਅਪ ਕਰਵਾਓਣਾਂ ਆਦਿ। ਇਸ ਤੋਂ ਇਲਾਵਾ ਕਦੇ ਵੀ ਸੈਲਫ ਮੈਡੀਕੇਸ਼ਨ ਜਾਂ ਆਪਣੇ ਆਪ ਦਵਾਈਆ ਦੀ ਵਰਤੋਂ ਨਹੀ ਕਰਨੀ ਚਾਹੀਦੀ। ਇਸ ਮੌਕੇ ਸਹਾਇਕ ਸਿਵਲ ਸਰਜਨ ਡਾ ਰਜਿੰਦਰਪਾਲ ਕੌਰ, ਪਰਿਵਾਰ ਭਲਾਈ ਅਫਸਰ ਡਾ.ਨੀਲਮ ਭਗਤ,ਟੀਕਾਕਰਨ ਅਫਸਰ ਡਾ.ਭਾਰਤੀ ਧਵਨ,ਡਾ.ਮਨਮੀਤ ਕੌਰ,ਡਾ.ਹਰਜੋਤ ਕੌਰ, ਡਾ.ਨਵਦੀਪ ਕੌਰ,ਡਾ.ਰਘਵ ਗੁਪਤਾ,ਡਾ. ਸੁਨੀਤ ਗੁਰਮ ਗੁਪਤਾ,ਡਾ.ਵਨੀਤ ਕੌਰ ਜਿਲਾ ਐਮ. ਈ.ਆਈ.ਓ ਅਮਰਦੀਪ ਸਿੰਘ, ਸਹਾਇਕ ਕਮਿਸ਼ਨਰ ਫੂਡ ਰਜਿੰਦਰਪਾਲ ਸਿੰਘ, ਸੁਪਰਡੈਂਟ ਰਾਜੀਵ ਕੁਮਾਰ, ਸੰਜੀਵ ਕੁਮਾਰ ਜਿਲਾ ਅਕਾਂਓਂਟ ਅਫਸਰ ਮਲਵਿੰਦਰ ਸਿੰਘ, ਰਸ਼ਪਾਲ ਸਿੰਘ ਅਤੇ ਸਮੂਹ ਸਟਾਫ ਸ਼ਾਮਲ ਹੋਏ।

ਰੋਜ਼ਾਨਾ ਲੋਕ ਬਾਣੀ
www.lokbani

# ਮਾਮਲਾ ਗੁਰੂ ਨਗਰੀ ਵਿਚ ਬਣ ਰਹੇ ਖੋਖਿਆਂ ਦਾ, ਕੋਈ ਮੇਰਾ ਖੋਖਾ ਸਾਬਤ ਕਰ ਦੇਵੇ ਤਾਂ ਦੇਵਾਂਗਾ ਅਸਤੀਫਾ- ਕੌਂਸਲਰ ਬੰਟੀ ਵਾਲੀਆ


ਸ੍ਰੀ ਆਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਅੱਜ ਕੱਲ ਸ਼੍ਰੀ ਅਨੰਦਪੁਰ ਸਾਹਿਬ ਦੇ ਵਿੱਚ ਖੋਖਿਆਂ ਦੀ ਬਹੁਤ ਚਰਚਾ ਚੱਲ ਰਹੀ ਹੈ । ਨਗਰ ਕੌਂਸਲ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਫੜੀਆਂ ਰੇਹੜੀਆਂ ਲਾਉਣ ਵਾਲਿਆਂ ਨੂੰ ਖੋਖੇ ਦਿੱਤੇ ਜਾ ਰਹੇ ਹਨ ਤਾਂ ਜੋ ਉਹ ਆਪਣੇ ਰੁਜ਼ਗਾਰ ਦੇ ਸਮਰੱਥ ਹੋ ਕੇ ਆਪਣੇ ਬੱਚਿਆਂ ਦਾ ਪਾਲਣ ਪੋਸ਼ਣ ਕਰ ਸਕਣ ਪਰ ਇਸ ਦੇ ਨਾਲ ਹੀ ਕਈ ਤਰ੍ਹ ਦੀਆਂ ਚਰਚਾਵਾਂ ਨੇ ਵੀ ਜਨਮ ਲਿਆ ਹੈ ਜਿਨਾਂ ਵਿੱਚੋਂ ਇੱਕ ਚਰਚਾ ਇਹ ਵੀ ਚੱਲ ਰਹੀ ਹੈ ਕਿ ਨਗਰ ਕੌਂਸਲ ਦੇ ਕੁਝ ਕੌਂਸਲਰਾਂ ਵੱਲੋਂ



ਇਸ ਦਾ ਫਾਇਦਾ ਲੈਂਦੇ ਹੋਏ ਕੁਝ ਖੋਖੇ ਆਪ ਲੈ ਲਏ ਹਨ ਜੋ ਉਹ ਕਿਰਾਏ ਤੇ ਦੇ ਕੇ ਮੁਨਾਫਾ ਕਮਾਉਣਾ ਚਾਹੁੰਦੇ ਹਨ।

ਇਸ ਚਰਚਾ ਨੂੰ ਉਸ ਸਮੇਂ ਹੋਰ ਵੀ ਬਲ ਮਿਲ ਗਿਆ ਜਦੋਂ ਵਾਰਡ ਨੰਬਰ 13 ਦੇ ਕੌਂਸਲਰ ਗੁਰਿੰਦਰ ਸਿੰਘ ਬੰਟੀ ਵਾਲਿਆਂ ਨੇ ਸੋਸ਼ਲ ਮੀਡੀਆ ਤੇ ਇੱਕ ਵੀਡੀਓ ਪਾ ਕੇ ਆਪਣਾ ਸਪਸ਼ਟੀਕਰਨ ਦਿੰਦੀਆਂ ਇੱਥੋਂ ਤੱਕ ਕਹਿ ਦਿੱਤਾ ਕਿ ਜੇ ਕੋਈ ਸਾਬਤ ਕਰ ਦੇਵੇ ਕਿ ਉਹਨਾਂ ਨੇ ਕੋਈ ਖੋਖਾ ਲਿਆ ਹੈ ਤਾਂ ਮੈਂ ਅਸਤੀਫਾ ਦੇ ਦੇਵਾਂਗਾ। ਇਸ ਸਬੰਧੀ ਉਹਨਾਂ ਸ਼ਹੀਦਾਂ ਦੇ ਸਰਤਾਜ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਕਸਮ ਵੀ ਖਾਈ ਹੈ। ਉਹਨਾਂ ਜਾਰੀ ਕੀਤੀ ਆਪਣੀ ਵੀਡੀਓ ਵਿੱਚ ਕਿਹਾ ਕਿ ਹਰ ਗਰੀਬ ਲੋੜਵੰਦ ਨੂੰ ਖੋਖਾ ਮਿਲਣਾ ਚਾਹੀਦਾ ਹੈ ਤਾਂ ਜੋ ਉਹ ਆਪਣਾ ਰੁਜ਼ਗਾਰ ਕਰਕੇ ਆਪਣੇ ਬੱਚਿਆਂ ਦੀ ਪਾਲਣਾ ਪੋਸ਼ਣਾ ਕਰ ਸਕੇ। ਸਾਨੂੰ ਕਿਸੇ ਨਾਲ ਕੋਈ ਇਤਰਾਜ਼ ਨਹੀਂ ਹੈ ਪਰ ਕੁਝ ਬੰਦੇ ਸ਼ਹਿਰ ਦੇ ਹਨ ਜਿਨ੍ਹਾਂ ਨੇ ਇੱਕ ਪ੍ਰਚਾਰ ਕੀਤਾ ਹੋਇਆ ਹੈ ਕਿ ਆਨੰਦਪੁਰ ਸਾਹਿਬ ਦੇ ਵਿੱਚ ਇਹ ਜਿਹੜੇ ਖੋਖੇ ਐ ਇਹਨਾਂ ਦੇ ਵਿੱਚ ਸਾਰੇ ਕੌਂਸਲਰਾਂ ਨੇ ਆਪਣੇ ਆਪਣੇ ਇਕ-ਇਕ, ਦੋ-ਦੋ ਖੋਖੇ ਰਖਾਏ ਹਨ। ਉਨ੍ਹਾਂ ਕਿਹਾ ਮੈਂ ਇਸ ਤਰਾਂ ਦਾ ਕੰਮ ਨਹੀਂ ਕਰਨਾ ਚਾਹੁੰਦਾ ਨਾ ਮੈਨੂੰ ਕੋਈ ਬਦਨਾਮ ਕਰੇ ਹਾਂ ਮੈਂ ਇੱਕ ਬੇਨਤੀ ਕਰਦਾ ਬਾਕੀ ਵੀ ਕੌਂਸਲਰਾਂ ਨੂੰ ਕਿ ਜੇ ਤੁਸੀਂ ਵੀ ਕੋਈ ਖੋਖਾ ਨਹੀਂ ਲਿਆ ਤਾਂ ਤੁਸੀਂ ਵੀ ਇਸ ਸਬੰਧੀ ਜਰੂਰ ਸਪਸ਼ਟ ਕਰੋ ਤਾਂ ਜੋ ਕੌਂਸਲਰਾਂ ਦੀ ਅਤੇ ਨਗਰ ਕੌਂਸਲ ਦੀ ਬਦਨਾਮੀ ਨਾ ਹੋਵੇ।

ਕੀ ਕਹਿਣਾ ਹੈ ਇਸ ਬਾਰੇ ਕੌਂਸਲਰ ਬੰਟੀ ਵਾਲੀਆ ਦਾ ?




ਜਦੋਂ ਇਸ ਸਬੰਧੀ ਕੌਂਸਲਰ ਬੰਟੀ ਵਾਲੀਆ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਕਿਹਾ ਕਿ ਮੈਂ ਵੀਡੀਓ ਵਿੱਚ ਸਾਰੀ ਗੱਲ ਸਪਸ਼ਟ ਕਰ ਦਿੱਤੀ ਹੈ ਤੇ ਮੈਂ ਬਾਕੀ ਦੇ ਕੌਂਸਲਰਾਂ ਨੂੰ ਵੀ ਬੇਨਤੀ ਕਰਦਾ ਹਾਂ ਕਿ ਉਹ ਵੀ ਆਪੋ ਆਪਣੀ ਗੱਲ ਸਪਸ਼ਟ ਕਰਨ ਤਾਂ ਜੋ ਕੌਂਸਲਰਾਂ ਦੇ ਖਿਲਾਫ ਚੱਲ ਰਹੀ ਚਰਚਾ ਖਤਮ ਹੋ ਸਕੇ।

ਰੋਜ਼ਾਨਾ ਲੋਕ ਬਾਣੀ
www.lokbani

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਨਗਰ ਨਿਗਮ ਦੇ ਅਧਿਕਾਰੀਆਂ,ਕਰਮਚਾਰੀਆਂ ਦੀ ਅਣਦੇਖੀ ਦੇ ਚੱਲਦਿਆਂ ਗਰੀਨ ਫੀਲਡ ਦੇ ਲੋਕ ਪੇਸ਼ਾਨ





ਅੰਮ੍ਰਿਤਸਰ, (ਲੋਕ ਬਾਣੀ)- ਨਗਰ ਨਿਗਮ ਕਮਿਸ਼ਨਰ, ਅੰਮ੍ਰਿਤਸਰ ਦੇ ਮੇਅਰ ਅਤੇ ਕੌਂਸਲਰਾਂ ਦੀਆਂ ਖਾਲੀ ਪਈਆਂ ਕੁਰਸੀਆਂ ਦੇ ਚੱਲਦਿਆਂ ਸ਼ਹਿਰ ਵਾਸੀ ਮੁਸ਼ਕਲਾਂ ਦਾ ਸ਼ਿਕਾਰ ਹੋ ਰਹੇ ਹਨ। ਅਧਿਕਾਰੀਆਂ, ਕਰਮਚਾਰੀਆਂ ਸਮੇਤ ਨਗਰ ਨਿਗਮ ਦੇ ਫੋਨ ਤੇ ਲਗਾਤਾਰ ਸ਼ਿਕਾਇਤਾਂ ਦਰਜ ਕਰਾਉਂਣ ਦੇ ਬਾਵਜੂਦ ਵੀ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਦੇ ਹੱਲ ਨੂੰ ਲੈ ਕੇ ਕੋਈ ਵੀ ਧਿਆਨ ਨਹੀਂ ਦਿੱਤਾ ਜਾ ਰਿਹਾ ਹੈ।

ਮਜੀਠਾ ਰੋਡ ਸਥਿਤ ਵਾਰਡ ਨੰਬਰ 12 ਦੇ ਇਲਾਕੇ ਗਰੀਨ ਫੀਲਡ,ਗਲੀ ਨੰਬਰ ਇੱਕ,ਨਜ਼ਦੀਕ ਤ੍ਰਿਪੁਤੀ ਬਾਲਾ ਜੀ ਦਾ ਮੰਦਿਰ ਵਿਖੇ ਪਿਛਲੇ ਕਰੀਬ ਦੋ ਮਹੀਨਿਆਂ ਤੋਂ ਬੰਦ ਸੀਵਰੇਜ ਦੀਆਂ ਮੁਸ਼ਕਿਲਾਂ ਨੂੰ ਲੈ ਕੇ ਲੋਕ ਦੁਖੀ ਹੋ ਚੁੱਕੇ ਹਨ। ਇਲਾਕਾ ਨਿਵਾਸੀ ਬਲਕਾਰ ਸਿੰਘ,ਕੁਲਦੀਪ ਕੁਮਾਰ,ਸੰਜੂ ਵਧਵਾ,ਜਸਬੀਰ ਸਿੰਘ ਬੱਲ, ਪ੍ਰਮੋਦ ਕੁਮਾਰ ਨੇ ਦੱਸਿਆ ਕਿ ਲਗਾਤਾਰ ਸੀਵਰੇਜ ਬੰਦ ਰਹਿਣ ਕਰਨ ਚੈਂਬਰਾਂ ਦੇ ਰਸਤੇ ਗੰਦਾ ਤੇ ਬਦਬੂਦਾਰ ਪਾਣੀ ਗਲੀਆਂ ਵਿੱਚ ਫੈਲਿਆ ਹੋਇਆ ਹੈ। ਜਿੱਥੇ ਲੋਕਾਂ ਦਾ ਪਲ ਪਲ ਬਤੀਤ ਕਰਨਾ ਮੁਸ਼ਕਿਲ ਹੋ ਰਿਹਾ ਹੈ। ਗੰਦੇ ਪਾਣੀ ਤੇ ਮੱਛਰਾਂ ਦੀ ਪਰਮਾਰ ਦੇ ਚੱਲਦਿਆਂ ਇਲਾਕੇ ਵਿੱਚ ਬਿਮਾਰੀਆਂ ਫੈਲਣ ਦਾ ਖਤਰਾ ਵੀ ਬਣਿਆ ਹੋਇਆ ਹੈ। ਮੁਸ਼ਕਲਾਂ ਨੂੰ ਲੈ ਕੇ ਜੇਈ ਜੋਗਿੰਦਰਪਾਲ ਸਿੰਘ ਭੁੱਲਰ, ਐਸਡੀਓ ਤਰੁਣਪ੍ਰੀਤ ਸਿੰਘ ਨੂੰ ਵੀ ਸੂਚਿਤ ਕਰਨ ਦੇ ਬਾਵਜੂਦ ਕਿਸੇ ਨੇ ਵੀ ਕੋਈ ਧਿਆਨ ਨਹੀਂ ਦਿੱਤਾ। ਇਲਾਕੇ ਦੀ ਰਹੀ ਕੌਂਸਲਰ ਅਤੇ ਮਹੱਲਾ ਪ੍ਰਧਾਨ ਨੂੰ ਵੀ ਅਪੀਲ ਕੀਤੀ ਗਈ ਪਰ ਉਹਨਾਂ ਦਾ ਕਹਿਣਾ ਹੈ ਕਿ ਨਗਰ ਨਿਗਮ ਦੇ ਅਧਿਕਾਰੀ ਤੇ ਕਰਮਚਾਰੀ ਟਾਲ ਮਟੋਲ ਕਰਦੇ ਹੋਏ ਮੁਸ਼ਕਿਲਾਂ ਵੱਲ ਧਿਆਨ ਨਹੀਂ ਦੇ ਰਹੇ ਹਨ। ਇਲਾਕਾ ਨਿਵਾਸੀਆਂ ਨੇ ਦੱਸਿਆ ਕਿ ਬੰਦ ਸੀਵਰੇਜ ਦੀ ਮੁਸ਼ਕਿਲ ਦਾ ਹੱਲ ਕਰਨ ਨੂੰ ਲੈ ਕੇ ਨਗਰ ਨਿਗਮ ਦੇ ਫੋਨ ਨੰਬਰ 0183-22563490 ਤੇ 14 ਅਗਸਤ 2024 ਨੂੰ ਸ਼ਿਕਾਇਤ ਨੰਬਰ 100,23 ਸਤੰਬਰ 2024 ਨੂੰ ਸ਼ਿਕਾਇਤ ਨੰਬਰ 324,25 ਸਤੰਬਰ ਨੂੰ ਸ਼ਿਕਾਇਤ ਨੰਬਰ 354,30 ਸਤੰਬਰ ਨੂੰ ਸ਼ਿਕਾਇਤ ਨੰਬਰ 466 ਤਹਿਤ ਕਈ ਅਪੀਲਾਂ ਵੀ ਕੀਤੀਆਂ ਗਈਆਂ। ਪਰ ਅੱਜ ਤੱਕ ਬੰਦ ਸੀਵਰੇਜ ਦੀ ਮੁਸ਼ਕਿਲ ਦਾ ਹੱਲ ਨਹੀਂ ਕੀਤਾ ਗਿਆ ਹੈ।

ਵਿਭਾਗ ਦੇ ਸਬੰਧਿਤ ਐਸ.ਈ ਸੰਦੀਪ ਸਿੰਘ ਨੇ ਕਿਹਾ ਕਿ ਬੰਦ ਸੀਵਰੇਜ ਦੀ ਮੁਸ਼ਕਿਲ ਨੂੰ ਲੈ ਕੇ ਮਾਮਲਾ ਉਹਨਾਂ ਦੇ ਧਿਆਨ ਵਿੱਚ ਨਹੀਂ ਸੀ। ਮੁਸ਼ਕਿਲ ਨੂੰ ਹੱਲ ਕਰਨ ਦੇ ਲਈ ਐਸ.ਡੀ.ਓ ਤਰੁਣਪ੍ਰੀਤ ਸਿੰਘ ਦੀ ਡਿਊਟੀ ਲਗਾ ਕੇ ਇਲਾਕਾ ਨਿਵਾਸੀਆਂ ਨੂੰ ਸਹੂਲਤ ਦਿੱਤੀ ਜਾਵੇਗੀ।

# ਫਗਵਾੜਾ ਪੁਲਿਸ ਵਲੋਂ ਐਨ ਡੀ ਪੀ ਸੀ ਐਕਟ ਤਹਿਤ ਨਸ਼ਾ ਤਸਕਰਾਂ ਦੀ ਪ੍ਰਾਪਟੀ ਕੀਤੀ ਜ਼ਬਤ



ਫਗਵਾੜਾ (ਜੀਵਨ ਸੰਘਾ/ਸੁਸ਼ੀਲ ਸ਼ਰਮਾ) ਸ੍ਰੀਮਤੀ ਵਤਸਲਾ ਗੁਪਤਾ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਵਲੋਂ ਨਸ਼ਾ ਦਾ ਧੰਦਾ ਕਰਨ ਵਾਲੇ ਵਿਅਕਤੀਆ ਲਈ ਚਲਾਈ ਮੁਹਿੰਮ ਤਹਿਤ, ਸ੍ਰੀਮਤੀ ਰੁਪਿੰਦਰ ਕੌਰ ਭੱਟੀ ਪੁਲਿਸ ਕਪਤਾਨ ਸਬ-ਡਵੀਜਨ ਫਗਵਾੜਾ ਅਤੇ ਇੰਸਪੈਕਟਰ ਗੌਰਵ ਧੀਰ 411/ਜੇਆਰ ਮੁੱਖ ਅਫਸਰ ਥਾਣਾ ਸਤਨਾਮਪੁਰਾ ਫਗਵਾੜਾ ਵਲੋਂ ਅੱਜ ਮਿਤੀ 30.09.2024 ਨੂੰ ਮੁਕੱਦਮਾ ਨੰਬਰ 53 ਮਿਤੀ 19.04.2024 ਅ/ਧ 18 (3), 21-61-85 NDPS Act, 25 Arms Act 25-61-85 NDPS 27(1 )NDPS ਥਾਣਾ ਸਤਨਾਮਪੁਰਾ ਫਗਵਾੜਾ ਜ਼ਿਲ੍ਹਾ ਕਪੂਰਥਲਾ ਵਿੱਚ ਦੋਸ਼ੀ ਰਾਮਪਾਲ ਪੁੱਤਰ ਲੇਟ ਰਮੇਸ਼ ਕੁਮਾਰ ਵਾਸੀ ਮੁਹੱਲਾ ਲਾਮਿਆ ਸਰਾਫਾ ਬਾਜਾਰ ਫਗਵਾੜਾ ਥਾਣਾ ਸਿਟੀ ਫਗਵਾੜਾ ਅਤੇ ਮੀਨਾ ਸੈਣੀ ਪਤਨੀ ਵਿਜੇ ਕੁਮਾਰ ਵਾਸੀ ਮੁਹੱਲਾ ਸੁਭਾਸ਼ ਨਗਰ ਗਲੀ ਨੰਬਰ 3 ਫਗਵਾੜਾ ਥਾਣਾ ਸਿਟੀ ਫਗਵਾੜਾ ਜ਼ਿਲ੍ਹਾ ਕਪੂਰਥਲਾ ਦੀ ਪ੍ਰਾਪਰਟੀ,ਕਪੀਟੈਂਟ ਅਥਾਰਟੀ ਦਿੱਲੀ ਦੇ ਹੁਕਮ ਨੰਬਰ F.No.CA/DL/PUN/NDPS/POL/330/24-25/5041-5046 ਮਿਤੀ 13.09.2024 ਤੋਂ ਬਾਅਦ ਜ਼ਬਤ ਕਰਕੇ ਫਰੀਜ ਕੀਤਾ ਗਿਆ ਸੀ ਇਹ ਪ੍ਰਾਪਰਟੀ ਖਰੀਦੀ ਅਤੇ ਵੇਚੀ ਨਹੀ ਜਾ ਸਕਦੀ ਹੋਣ ਕਰਕੇ ਦੋਸ਼ੀ ਰਾਮਪਾਲ ਅਤੇ ਮੀਨਾ ਸੈਣੀ ਦੇ ਘਰ ਨੋਟਿਸ ਲਗਾਇਆ ਗਿਅ


# ਦੀਨਾਨਗਰ ਚ ਆਪ ਨੂੰ ਲੱਗਾ ਝਟਕਾ, ਕਈ ਪਰਿਵਾਰਾਂ ਨੇ ਫੜਿਆ ਕਾਂਗਰਸ ਪਾਰਟੀ ਦਾ ਪੱਲਾ ।



ਦੀਨਾਨਗਰ, (ਡਾ.ਰਮੇਸ਼ ਸਰੰਗਲ )

ਸੱਤਾਧਾਰੀ ਪਾਰਟੀ ਨੂੰ ਝਟਕਾ ਦਿੰਦਿਆਂ ਪਿੰਡ ਰਣਜੀਤ ਬਾਗ ਦੇ ਵੱਡੀ ਗਿਣਤੀ 'ਆਪ' ਆਗੂਆਂ ਤੇ ਵਰਕਰਾਂ ਨੇ ਅੱਜ ਕਾਂਗਰਸ ਪਾਰਟੀ ਦਾ ਪੱਲਾ ਫੜ ਲਿਆ। ਇਨ੍ਹਾਂ ਆਗੂਆਂ ਨੂੰ ਹਲਕਾ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਨੇ ਸਿਰੋਪੇ ਪਹਿਨਾ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਕੀਤਾ। ਅਰੁਣਾ ਚੌਧਰੀ ਨੇ ਕਿਹਾ ਕਿ ਪਿੰਡ ਰਣਜੀਤ ਬਾਗ 'ਚ ਲਗਭਗ ਕਾਂਗਰਸ ਪਾਰਟੀ ਦੀ ਸਰਦਾਰੀ ਕਾਇਮ ਹੋ ਗਈ ਹੈ ਕਾਂਗਰਸ ਕਮੇਟੀ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ੋਕ ਚੌਧਰੀ ਨੇ ਪਾਰਟੀ ਜੁਆਇਨ ਕਰਨ ਵਾਲੇ ਵਰਕਰਾਂ ਨੂੰ ਭਰੋਸਾ ਦਿੱਤਾ ਕਿ ਕਾਂਗਰਸ ਵਿੱਚ ਉਨ੍ਹਾਂ ਦਾ ਪੂਰਾ ਸਤਿਕਾਰ ਹੋਵੇਗਾ ਅਤੇ ਪਿੰਡ ਅੰਦਰ ਵਿਕਾਸ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾਵੇਗਾ। ਉਨ੍ਹਾਂ ਸਾਰਿਆਂ ਨੂੰ ਪਿੰਡ ਅੰਦਰ ਪਿਆਰ ਅਤੇ ਭਾਈਚਾਰਕ ਸਾਂਝ ਬਣਾ ਕੇ ਰੱਖਣ ਦੀ ਅਪੀਲ ਵੀ ਕੀਤੀ। ਇਸ ਮੌਕੇ ਕਾਂਗਰਸ ਜੁਆਇਨ ਕਰਨ ਵਾਲਿਆਂ 'ਚ ਹਰਬੀਰ ਸਿੰਘ, ਦਲਜੀਤ ਸਿੰਘ, ਗੁਰਜੀਤ ਸਿੰਘ, ਸ਼ਮਸ਼ੇਰ ਸਿੰਘ ਸ਼ੇਰੂ, ਸੰਦੀਪ ਸਿੰਘ, ਗੁਰਸ਼ਰਨ ਸਿੰਘ, ਵਿਜੇ ਕੁਮਾਰ, ਤਰਸੇਮ ਲਾਲ, ਬਲਵਿੰਦਰ ਸਿੰਘ, ਸੋਨੂੰ ਮਠਾਰੂ ਅਤੇ ਗੁਰਦੀਪ ਸਿੰਘ ਦੇ ਨਾਂ ਸ਼ਾਮਲ ਹਨ। ਇਨ੍ਹਾਂ ਤਮਾਮ ਵਰਕਰਾਂ ਨੂੰ ਕਾਂਗਰਸ ਵਿੱਚ ਸ਼ਾਮਲ ਕਰਵਾਉਣ ਲਈ ਪਿੰਡ ਦੇ ਸਾਬਕਾ ਸਰਪੰਚ ਸੁਭਾਸ਼ ਚੰਦਰ ਅਤੇ ਬੱਬੂ ਰਣਜੀਤ ਬਾਗ ਦੀ ਅਹਿਮ ਭੂਮਿਕਾ ਰਹੀ।

# ਅਮਿਤ ਸ਼ਾਹ ਨੇ 2047 ਤੱਕ ਵਿਕਸਤ ਭਾਰਤ ਦਾ ਸਬੂਤ ਬਣਨ ਲਈ ਖੜਗੇ ਜੀ ਦੀ ਬਿਹਤਰ ਸਿਹਤ ਦੀ ਕਾਮਨਾ ਕੀਤੀ।



ਚੰਡੀਗੜ੍ਹ, (ਲੋਕ ਬਾਣੀ) ਜੰਮੂ-ਕਸ਼ਮੀਰ ਅਤੇ ਹਰਿਆਣਾ ਚ ਚੋਣਾਂ ਦਾ ਮੌਸਮ ਆਪਣੇ ਸਿਖਰ ਤੇ ਹੈ। ਅਜਿਹੇ ਚ ਸਾਰੀਆਂ ਸਿਆਸੀ ਪਾਰਟੀਆਂ ਇਕ-ਦੂਜੇ ਤੇ ਦੋਸ਼ ਲਗਾਉਣ ਦੀ ਸਿਆਸੀ ਖੇਡ ਖੇਡਣ ਚ ਲੱਗੀਆਂ ਹੋਈਆਂ ਹਨ। ਪਰ ਜੰਮੂ-ਕਸ਼ਮੀਰ ਚ ਇਕ ਜਨ ਸਭਾ ਦੌਰਾਨ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਵਿਵਾਦਿਤ ਬਿਆਨ ਦਿੰਦੇ ਹੋਏ ਕਿਹਾ, ਮੈਂ ਉਦੋਂ ਤੱਕ ਜਿੰਦਾ ਰਹਾਂਗਾ, ਜਦੋਂ ਤੱਕ ਪੀਐੱਮ ਮੋਦੀ ਨੂੰ ਸੱਤਾ ਤੋਂ ਹਟਾਇਆ ਨਹੀਂ ਜਾਂਦਾ। ਕੇਂਦਰੀ ਗ੍ਰਹਿ ਅਤੇ ਸਹਿਕਾਰਤਾ ਮੰਤਰੀ, ਭਾਰਤੀ ਜਨਤਾ ਪਾਰਟੀ ਦੇ ਦਿੱਗਜ ਨੇਤਾ ਅਤੇ ਭਾਰਤੀ ਰਾਜਨੀਤੀ ਦੇ ਚਾਣਕਯ ਅਮਿਤ ਸ਼ਾਹ ਨੇ ਖੜਗੇ ਦੇ ਇਸ ਬਿਆਨ ਤੇ ਇਤਰਾਜ਼ ਜਤਾਉਂਦੇ ਹੋਏ ਲਿਖਿਆ, '29 ਸਤੰਬਰ ਨੂੰ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਜੀ ਨੇ ਆਪਣੇ ਭਾਸ਼ਣ ਚ ਅਪਮਾਨਜਨਕ ਭਾਸ਼ਾ ਦੀ ਵਰਤੋਂ ਕੀਤੀ ਸੀ। ਇਸ ਤਰ੍ਹਾਂ ਅਸੀਂ ਆਪਣੇ ਆਪ ਨੂੰ, ਆਪਣੇ ਆਗੂਆਂ ਨੂੰ ਅਤੇ ਆਪਣੀ ਪਾਰਟੀ ਨੂੰ ਪਿੱਛੇ ਛੱਡ ਦਿੱਤਾ ਹੈ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਆਪਣੇ ਭਾਸ਼ਣ ਨੂੰ ਪੂਰੀ ਤਰ੍ਹਾਂ ਅਪਮਾਨਜਨਕ ਅਤੇ ਅਪਮਾਨਜਨਕ ਬਣਾ ਕੇ ਆਪਣੇ ਆਪ ਨੂੰ, ਆਪਣੇ ਨੇਤਾਵਾਂ ਅਤੇ ਪਾਰਟੀ ਨੂੰ ਨਿਰਾਸ਼ ਕੀਤਾ ਹੈ। ਬਦਸਲੂਕੀ ਦੇ ਕੌੜੇ ਪ੍ਰਦਰਸ਼ਨ ਵਿੱਚ, ਉਸਨੇ ਬੇਲੋੜੇ ਤੌਰ ਤੇ ਪੀਐੱਮ ਮੋਦੀ ਨੂੰ ਇਹ ਕਹਿ ਕੇ ਆਪਣੇ ਨਿੱਜੀ ਸਿਹਤ ਮਾਮਲਿਆਂ ਵਿੱਚ ਘਸੀਟਿਆ ਕਿ ਉਹ ਪੀਐੱਮ ਮੋਦੀ ਨੂੰ ਸੱਤਾ ਤੋਂ ਹਟਾ ਕੇ ਹੀ ਮਰ ਜਾਣਗੇ। ਇਸ ਤੋਂ ਪਤਾ ਲੱਗਦਾ ਹੈ ਕਿ ਇਨ੍ਹਾਂ ਕਾਂਗਰਸੀਆਂ ਨੂੰ ਪੀਐੱਮ ਮੋਦੀ ਪ੍ਰਤੀ ਕਿੰਨੀ ਨਫ਼ਰਤ ਅਤੇ ਡਰ ਹੈ ਕਿ ਉਹ ਲਗਾਤਾਰ ਉਨ੍ਹਾਂ ਬਾਰੇ ਸੋਚ ਰਹੇ ਹਨ। ਜਿੱਥੋਂ ਤੱਕ ਖੜਗੇ ਜੀ ਦੀ ਸਿਹਤ ਦਾ ਸਵਾਲ ਹੈ, ਮੋਦੀ ਜੀ, ਮੈਂ ਅਤੇ ਅਸੀਂ ਸਾਰੇ ਅਰਦਾਸ ਕਰਦੇ ਹਾਂ ਕਿ ਉਹ ਲੰਬੀ, ਸਿਹਤਮੰਦ ਜ਼ਿੰਦਗੀ ਬਤੀਤ ਕਰਨ। ਉਹ ਕਈ ਸਾਲਾਂ ਤੱਕ ਜੀਉਂਦਾ ਰਹੇ ਅਤੇ ਮੋਦੀ ਜੀ ਦੀ ਅਗਵਾਈ ਵਿੱਚ 2047 ਤੱਕ ਇੱਕ ਵਿਕਸਤ ਭਾਰਤ ਦਾ ਨਿਰਮਾਣ ਦੇਖਣ ਲਈ ਜੀਉਂਦਾ ਰਹੇ।

ਇਹ ਪਹਿਲੀ ਵਾਰ ਨਹੀਂ ਹੈ ਜਦੋਂ ਕਾਂਗਰਸ ਪ੍ਰਧਾਨ ਖੜਗੇ ਨੇ ਪ੍ਰਧਾਨ ਮੰਤਰੀ ਮੋਦੀ ਦਾ ਅਪਮਾਨ ਕੀਤਾ ਹੋਵੇ। ਖੜਗੇ ਨੇ ਪ੍ਰਧਾਨ ਮੰਤਰੀ ਮੋਦੀ ਦੀ ਤੁਲਨਾ ਕਦੇ 'ਜ਼ਹਿਰੀਲੇ ਸੱਪ', 'ਝੂਠ ਦੇ ਮਾਲਕ' ਅਤੇ ਕਦੇ ਰਾਵਣ ਦੇ ਸਿਰ ਨਾਲ ਕੀਤੀ। ਅਜਿਹੇ ਸਾਰੇ ਬਿਆਨ ਦਰਸਾਉਂਦੇ ਹਨ ਕਿ ਸੱਤਾ ਦੇ ਭੁੱਖੇ ਕਾਂਗਰਸੀਆਂ ਦੇ ਦਿਲਾਂ ਵਿਚ ਮੋਦੀ ਪ੍ਰਤੀ ਜ਼ਹਿਰ, ਨਫ਼ਰਤ ਅਤੇ ਡਰ ਹੈ। ਕੁਰਸੀ ਦੀ ਲਾਲਸਾ ਨੇ ਗੱਠਜੋੜ ਪਾਰਟੀ ਵਿੱਚ ਸਭ ਨੈਤਿਕਤਾ ਨੂੰ ਤਬਾਹ ਕਰ ਦਿੱਤਾ ਹੈ। ਕਾਂਗਰਸ ਪ੍ਰਧਾਨ ਨੇ ਮੋਦੀ ਜੀ ਬਾਰੇ ਬਿਆਨ ਦੇ ਕੇ ਆਪਣੀ ਨਿਰਾਸ਼ਾ ਅਤੇ ਡਰ ਦਾ ਪ੍ਰਗਟਾਵਾ ਕੀਤਾ ਹੈ। ਖੜਗੇ ਕਾਂਗਰਸ ਦੇ ਇਕਲੌਤੇ ਨੇਤਾ ਹਨ, ਜਿਨ੍ਹਾਂ ਤੇ ਕਿਸੇ ਨੂੰ ਗੁੱਸਾ ਨਹੀਂ ਕਰਨਾ ਚਾਹੀਦਾ, ਸਗੋਂ ਉਨ੍ਹਾਂ ਲਈ ਦੁੱਖ ਅਤੇ ਅਫਸੋਸ ਪ੍ਰਗਟ ਕਰਨਾ ਚਾਹੀਦਾ ਹੈ। ਕਾਂਗਰਸੀ ਆਪਣੇ ਏਜੰਡੇ ਨਾਲ ਕਮਜ਼ੋਰ ਬੁੱਢੇ ਨੂੰ ਤਸੀਹੇ ਦੇਣ ਵਾਲੇ ਜੋਕਾਂ ਵਾਂਗ ਕੰਮ ਕਰ ਰਹੇ ਹਨ। ਇੱਕ ਕਹਾਵਤ ਹੈ ਕਿ, ਨਿਕੰਮੇ ਪੁੱਤਰ ਆਪਣੇ ਬਜ਼ੁਰਗ ਪਿਤਾ ਨੂੰ ਆਖਰੀ ਸਾਹ ਤੱਕ ਤੇਲ ਕੱਢਦੇ ਰਹਿੰਦੇ ਹਨ। ਇਹ ਉਹੀ ਖੜਗੇ ਹਨ, ਜੋ ਕਾਂਗਰਸ ਦੀ ਸਸਤੀ ਰਾਜਨੀਤੀ ਦਾ ਸ਼ਿਕਾਰ ਹੋਏ ਹਨ, ਜਿਨ੍ਹਾਂ ਨੇ ਕਿਹਾ ਸੀ ਕਿ ਜੇਕਰ ਕਾਂਗਰਸ ਸੱਤਾ ਵਿਚ ਆਈ ਤਾਂ ਅੱਤਵਾਦ ਵਧੇਗਾ।

# ਆਈਵੀਵਾਈ ਹਸਪਤਾਲ ਹੁਣ ਲਿਵਾਸਾ ਹਸਪਤਾਲ, 2000 ਤੱਕ ਵਧੇਗੀ ਬਿਸਤਰਿਆਂ ਦੀ ਗਿਣਤੀ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ)ਲਿਵਾਸਾ ਹਸਪਤਾਲ, ਜਿਸ ਨੂੰ ਪਹਿਲਾਂ ਆਈਵੀਵਾਈ ਹਸਪਤਾਲ ਵਜੋਂ ਜਾਣਿਆ ਜਾਂਦਾ ਸੀ, ਨੇ ਆਪਣੀ ਅਧਿਕਾਰਤ ਰੀਬ੍ਰਾਂਡਿੰਗ ਦਾ ਐਲਾਨ ਕੀਤਾ ਹੈ।ਸੋਮਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੀਈਓ ਪਵਨ ਕੁਮਾਰ,ਨੇ ਕਿਹਾ, ਲਿਵਾਸਾ ਹਸਪਤਾਲ ਆਪਣੇ ਬਿਸਤਰਿਆਂ ਦੀ ਗਿਣਤੀ ਮੌਜੂਦਾ 750 ਤੋਂ ਵਧਾ ਕੇ 2,000 ਕਰਨ ਲਈ ਤਿਆਰ ਹੈ। ਇਸ ਮਹੱਤਵਪੂਰਨ ਵਾਧੇ ਵਿੱਚ ਮੌਜੂਦਾ ਯੂਨਿਟਾਂ ਵਿੱਚ 150-200 ਬਿਸਤਰਿਆਂ ਨੂੰ ਜੋੜਨਾ ਅਤੇ ਪੰਜਾਬ ਅਤੇ ਗੁਆਂਢੀ ਰਾਜਾਂ ਵਿੱਚ ਨਵੀਆਂ ਸਿਹਤ ਸਹੂਲਤਾਂ ਸ਼ੁਰੂ ਕਰਨਾ ਸ਼ਾਮਲ ਹੈ। ਇੰਡੀਆਆਰਐਫ ਅਤੇ ਲਿਵਾਸਾ ਟੀਮ ਇਸ ਵਿਕਾਸ ਨੂੰ ਚਲਾਉਣ ਅਤੇ ਲਿਵਾਸਾ ਨੂੰ ਸਿਹਤ ਸੰਭਾਲ ਉੱਤਮਤਾ ਵਿੱਚ ਇੱਕ ਨੇਤਾ ਵਜੋਂ ਸਥਾਪਤ ਕਰਨ ਲਈ ਪੂਰੀ ਤਰ੍ਹਾਂ ਸਮਰਪਿਤ ਹਨ। ਇੰਡੀਆਆਰਐਫ ਦਾ ਨਵਾਂ ਨਿਵੇਸ਼,ਜੋ ਬੈਨ ਕੈਪੀਟਲ ਅਤੇ ਪ੍ਰੀਮਲ ਗਰੁੱਪ ਦਾ ਸੰਯੁਕਤ ਉੱਦਮ ਹੈ, ਨਾ ਸਿਰਫ ਸਮਰੱਥਾ ਵਧਾ ਰਿਹਾ ਹੈ, ਬਲਕਿ ਨਵੀਆਂ ਵਿਸ਼ੇਸ਼ਤਾਵਾਂ ਦਾ ਨਿਰਮਾਣ ਵੀ ਕਰ ਰਿਹਾ ਹੈ, ਨਵੀਂ ਤਕਨਾਲੋਜੀ ਜੋੜ ਰਿਹਾ ਹੈ, ਉੱਚ ਗੁਣਵੱਤਾ ਵਾਲੀ ਦੇਖਭਾਲ ਪ੍ਰਦਾਨ ਕਰ ਰਿਹਾ ਹੈ। ਮਰੀਜ਼-ਕੇਂਦਰਿਤ ਦੇਖਭਾਲ ਨੂੰ ਚਲਾਉਣ ਵਾਲੀ ਇਹ ਨਵੀਂ ਦ੍ਰਿਸ਼ਟੀ ਸਾਡੇ ਨਵੇਂ ਨਾਮ, ਲਿਵਾਸਾ ਦਾ ਅਧਾਰ ਹੈ।ਲਿਵਾਸਾ ਹਸਪਤਾਲ ਕਾਰਡੀਐਕ ਸਾਇੰਸਜ਼, ਓਨਕੋਲੋਜੀ, ਨਿਊਰੋਸਾਇੰਸਜ਼, ਕ੍ਰਿਟੀਕਲ ਕੇਅਰ, ਨੇਫਰੋ ਅਤੇ ਕਿਡਨੀ ਟ੍ਰਾਂਸਪਲਾਂਟ ਵਿੱਚ ਵਿਸ਼ਵ ਪੱਧਰੀ ਦੇਖਭਾਲ ਪ੍ਰਦਾਨ ਕਰ ਰਿਹਾ ਹੈ ਅਤੇ ਲਿਵਾਸਾ ਗਰੁੱਪ ਦੀ ਯੋਜਨਾ ਗੁੰਝਲਦਾਰ ਸਪੈਸ਼ਲਿਟੀ ਕੰਮ ਦੀ ਪਹੁੰਚ ਨੂੰ ਹੋਰ ਟੀਅਰ 2-3 ਸ਼ਹਿਰਾਂ ਵਿੱਚ ਵਧਾਉਣ ਦੀ ਹੈ ਜਿਸ ਵਿੱਚ ਜਿਗਰ, ਪੈਨਕ੍ਰੀਅਸ ਅਤੇ ਹਾਰਟ ਸਮੇਤ ਟ੍ਰਾਂਸਪਲਾਂਟ ਪ੍ਰੋਗਰਾਮਾਂ ਦੇ ਨਿਰਮਾਣ ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ ਹੈ।ਰੋਹਿਤ ਜੈਸਵਾਲ, ਗਰੁੱਪ ਮੈਡੀਕਲ ਡਾਇਰੈਕਟਰ ਨੇ ਕਿਹਾ, ਸਾਡਾ ਮਿਸ਼ਨ ਸਾਡੀਆਂ ਸਮਰਪਿਤ ਟੀਮਾਂ ਦੀ ਮਦਦ ਨਾਲ ਗੁੰਝਲਦਾਰ ਡਾਕਟਰੀ ਚੁਣੌਤੀਆਂ ਨੂੰ ਹੱਲ ਕਰਦੇ ਹੋਏ ਅਸਾਧਾਰਣ ਕਲੀਨਿਕਲ ਨਤੀਜੇ ਪ੍ਰਦਾਨ ਕਰਨਾ ਹੈ। ਅਤਿ ਆਧੁਨਿਕ ਤਕਨਾਲੋਜੀ ਅਤੇ ਵਿਸਥਾਰ ਵੱਲ ਧਿਆਨ ਦੇ ਨਾਲ, ਅਸੀਂ ਇਸ ਖੇਤਰ ਵਿੱਚ ਸਿਹਤ ਸੰਭਾਲ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਦ੍ਰਿੜ ਹਾਂ।ਇਸ ਸਮੇਂ ਲਿਵਾਸਾ ਹਸਪਤਾਲ ਪੰਜਾਬ ਦਾ ਸਭ ਤੋਂ ਵੱਡਾ ਸੁਪਰਸਪੈਸ਼ਲਿਟੀ ਹਸਪਤਾਲ ਨੈੱਟਵਰਕ ਹੈ ਜਿਸ ਵਿੱਚ 5 ਹਸਪਤਾਲ, 750 ਬੈੱਡ, 280 ਆਈਸੀਯੂ ਬੈੱਡ, 06 ਕੈਥ ਲੈਬ, 20 ਮਾਡਿਊਲਰ ਓਟੀ ਅਤੇ ਹੈਲਥਕੇਅਰ ਚੇਨ ਹਰ ਸਾਲ 3 ਲੱਖ ਤੋਂ ਵੱਧ ਮਰੀਜ਼ਾਂ ਦਾ ਇਲਾਜ ਕਰ ਰਹੀ ਹੈ।




ਰੋਜ਼ਾਨਾ ਲੋਕ ਬਾਣੀ
www.lokbani

# ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕੰਬਾਈਨ ਹਾਰਵੈਸਟਰ ਮਾਲਕਾਂ ਨਾਲ ਕੀਤੀ ਮੀਟਿੰਗ



ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ) ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਰਾਜੇਸ਼ ਧੀਮਾਨ ਵੱਲੋਂ ਅੱਜ ਜ਼ਿਲ੍ਹੇ ਦੇ ਵੱਖ ਵੱਖ ਕੰਬਾਈਨ ਹਾਰਵੈਸਟਰ ਮਾਲਕਾਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਵੱਲੋਂ ਸਾਰੇ ਕੰਬਾਈਨ ਹਾਰਵੈਸਟਰ ਮਾਲਕਾਂ ਨੂੰ ਹਦਇਤ ਕੀਤੀ ਗਈ ਕਿ ਸਾਰੀਆਂ ਕੰਬਾਈਨਾਂ ਸੁਪਰ ਐਸ.ਐਮ.ਐਸ ਨਾਲ ਹੀ ਚੱਲਣ, ਤਾਂ ਜੋ ਕਿ ਪਰਾਲੀ ਨੂੰ ਸਾਂਭਣ ਵਿਚ ਕੋਈ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਵੱਲੋਂ ਸਮੂਹ ਕੰਬਾਈਨ ਹਾਰਵੈਸਟਰ ਮਾਲਕਾਂ ਨੂੰ ਹਦਾਇਤ ਕੀਤੀ ਗਈ ਕਿ ਸਾਰੀਆਂ ਕੰਬਾਈਨਾਂ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਚਲਾਈਆਂ ਜਾਣ ਅਤੇ ਸਿਰਫ ਸੁੱਕਾ ਝੋਨਾ ਹੀ ਵੱਢਿਆ ਜਾਵੇ। ਇਸ ਮੌਕੇ ਸਾਰੇ ਕੰਬਾਈਨ ਹਾਰਵੈਸਟਰ ਮਾਲਕਾਂ ਵੱਲੋਂ ਸਹਿਮਤੀ ਜਤਾਈ ਗਈ ਅਤੇ ਉਨ੍ਹਾਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਸੁਪਰ ਐਸ.ਐਮ.ਐਸ ਨਾਲ ਹੀ ਕੰਬਾਈਨਾਂ ਚਲਾਉਣਗੇ ਅਤੇ ਸੁੱਕਾ ਝੋਨਾ ਹੀ ਵੱਢਣਗੇ ਤਾਂ ਜੋ ਕਿਸਾਨਾਂ ਨੂੰ ਕੋਈ ਵੀ ਪ੍ਰੇਸ਼ਾਨੀ ਨਾ ਆਵੇ। ਇਸ ਮੌਕੇ ਐਸ.ਐਸ.ਪੀ ਡਾ. ਮਹਿਤਾਬ ਸਿੰਘ, ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ, ਉਪ ਮੰਡਲ ਮੈਜਿਸਟ੍ਰੇਟ ਨਵਾਂਸ਼ਹਿਰ ਡਾ. ਅਕਸ਼ਿਤਾ ਗੁਪਤਾ,ਉਪ ਮੰਡਲ ਮੈਜਿਸਟ੍ਰੇਟ ਬਲਾਚੌਰ ਪ੍ਰੀਤ ਇੰਦਰ ਸਿੰਘ ਬੈਂਸ, ਉਪ ਮੰਡਲ ਮੈਜਿਸਟ੍ਰੇਟ ਬੰਗਾ ਵਿਪਿਨ ਭੰਡਾਰੀ, ਮੁੱਖ ਖੇਤੀਬਾੜੀ ਅਫਸਰ ਡਾ. ਰਜਿੰਦਰ ਕੁਮਾਰ ਕੰਬੋਜ,,ਸਹਾਇਕ ਖੇਤੀਬਾੜੀ ਇੰਜੀਨੀਅਰ ਇੰਜ. ਚੰਦਨ ਸ਼ਰਮਾ ਤੋਂ ਇਲਾਵਾ ਵੱਖ-ਵੱਖ ਖ਼ਰੀਦ ਏਜੰਸੀਆਂ ਦੇ ਅਧਿਕਾਰੀ ਹਾਜ਼ਰ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਪੱਤਰਕਾਰਾਂ ਨੇ ਦਿੱਤਾ ਮੁੱਖ ਮੰਤਰੀ ਦੇ ਨਾਮ ਡੀ ਸੀ ਰਾਹੀ ਮੰਗ ਪੱਤਰ

ਅੰਮ੍ਰਿਤਸਰ (ਲੋਕ ਬਾਣੀ)) ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਦੇ ਇੱਕ ਵਫਦ ਨੇ ਜਿਲ੍ਹਾ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਨਾਲ ਮੁਲਾਕਾਤ ਕਰਕੇ ਪੱਤਰਕਾਰਾਂ ਦੀਆਂ ਮੰਗਾਂ ਨੂੰ ਲੈ ਕੇ ਇੱਕ ਮੰਗ ਪੱਤਰ ਮੁੱਖ ਮੰਤਰੀ ਭਗਵੰਤ ਮਾਨ ਦੇ ਨਾਮ ਦਿੱਤਾ ਤੇ ਡਿਪਟੀ ਕਮਿਸ਼ਨਰ ਨੇ ਵਿਸ਼ਵਾਸ਼ ਦਿਵਾਇਆ ਕਿ ਮੰਗ ਨੰਬਰ 14 ਅਨੁਸਾਰ ਐਸੋਸੀਏਸ਼ਨ ਦੇ ਇੱਕ ਨੁੰਮਾਇੰਦੇ ਨੂੰ ਜਿਲ੍ਹਾ ਸ਼ਕਾਇਤ ਨਿਵਾਰਣ ਕਮੇਟੀ ਵਿੱਚ ਸ਼ਾਮਲ ਕੀਤਾ ਜਾਵੇ।ਵਰਨਣਯੋਗ ਹੈ ਕਿ ਪੰਜਾਬ ਸਰਕਾਰ ਇੱਕ ਪੱਤਰ ਸਬੰਧੀ ਪਹਿਲਾਂ ਹੀ ਡੀ ਸੀ ਦਫਤਰ ਨੂੰ ਭੇਜ ਚੁੱਕੀ ਹੈ। ਚੰਡੀਗੜ੍ਹ ਪੰਜਾਬ ਜਰਨਲਿਸਟਸ ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਦੀ ਅਗਵਾਈ ਹੇਠ ਦਿੱਤੇ ਗਏ ਮੰਗ ਪੱਤਰ ਵਿੱਚ ਜਿਥੇ ਜਿਲ੍ਹਾ ਲੋਕ ਸੰਪਰਕ ਅਧਿਕਾਰੀ ਵੱਲੋਂ ਸਰਕਾਰੀ ਕਾਰਡ ਬਣਾਉਣ ਵਿੱਚ ਵਿਤਕਰਾ ਕਰਨ ਦਾ ਮੁੱਦਾ ਉਠਾਇਆ ਗਿਆ ਹੈ ਉਥੇ ਪ੍ਰੈਸ ਕਲੱਬ ਦੀਆਂ ਚੋਣਾਂ ਵਿੱਚ ਹੋਈ ਜਾਅਲੀ ਵੋਟਾਂ ਦੀ ਧਾਂਦਲੀ ਦੇ ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿੱਚ ਚੱਲਦੇ ਕੇਸ ਦੇ ਕਾਪੀ ਮਾਨਯੋਗ ਵੀ ਡੀ ਸੀ ਨੂੰ ਦਿੱਤੀ ਗਈ ਤੇ ਉਹੰਨਾਂ ਨੇ ਕਿਹਾ ਕਿ ਉਹ ਇਸ ਸਬੰਧੀ ਅਤਿਆਤ ਵਰਤਣਗੇ।

**ਪੱਤਰਕਾਰਾਂ ਨੂੰ ਧਮਕੀਆਂ ਦਾ ਮੁੱਦਾ ਉਠਾਇਆ**

ਇਸੇ ਤਰ੍ਹਾਂ ਪੱਤਰਕਾਰਾਂ ‘ਤੇ ਹੋ ਰਹੇ ਹਮਲੇ ਤੇ ਪੱਤਰਕਾਰਾਂ ਨੂੰ ਆ ਰਹੀਆਂ ਧਮਕੀਆਂ ਦਾ ਮਾਮਲਾ ਵੀ ਮੁੱਖ ਮੰਤਰੀ ਨੂੰ ਲਿਖੇ ਮੰਗ ਪੱਤਰ ਵਿੱਚ ਉਠਾਇਆ ਗਿਆ ਤੇ ਮੰਗ ਕੀਤੀ ਕਿ ਸਰਕਾਰ ਪੱਤਰਕਾਰਾਂ ਦੀ ਸੁਰੱਖਿਆਂ ਦਾ ਲੋੜੀਦਾ ਪ੍ਰਬੰਧ ਕਰੇ ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਤੁਰੰਤ ਕਾਰਵਾਈ ਕਰੇ।ਪ੍ਰੈਸ ਕੌਂਸਲ ਦੀਆਂ ਹਦਾਇਤਾਂ ਮੁਤਾਬਕ ਹਰੇਕ ਫੀਲਡ ਵਿੱਚ ਕੰਮ ਕਰਦੇ ਪੱਤਰਕਾਰ ਨੂੰ ਸਰਕਾਰੀ ਸ਼ਨਾਖਤੀ ਕਾਰਡ ਜਾਰੀ ਕੀਤਾ ਜਾਵੇ। ਜੇਕਰ ਸਰਕਾਰ ਦਾ ਲੋਕ ਸੰਪਰਕ ਵਿਭਾਗ ਅਜਿਹਾ ਨਹੀ ਕਰਦਾ ਤਾਂ ਲੋਕ ਸੰਪਰਕ ਵਿਭਾਗ ਦੇ ਉੱਚ ਅਧਿਕਾਰੀਆ ਦੇ ਖਿਲਾਫ ਅਦਾਲਤ ਵਿੱਚ ਮਾਮਲਾ ਲਿਜਾਇਆ ਜਾਵੇਗਾ ਜਿਸ ਤੋਂ ਨਿਕਲਣ ਵਾਲੇ ਸਿੱਟਿਆਂ ਲਈ ਸਬੰਧਿਤ ਅਧਿਕਾਰੀ ਤੇ ਕਰਮਚਾਰੀ ਹੋਣਗੇ।ਜਿਹੜੇ ਪੱਤਰਕਾਰਾਂ ਕੋਲ ਆਪਣੇ ਮਕਾਨ ਨਹੀਂ ਹਨ ਉਹਨਾਂ ਨੂੰ ਸਰਕਾਰੀ ਪੱਧਰ ‘ਤੇ ਮਕਾਨ ਦਿੱਤੇ ਜਾਣ ਤਾਂ ਕਿ ਉਹ ਨਿਸਚਿੰਤ ਹੋ ਕੇ ਆਪਣਾ ਕੰਮ ਕਰ ਸਕਣ।ਮੰਗ ਪੱਤਰ ਦੇਣ ਵਾਲਿਆ ਵਿੱਚ ਮਹਿਲਾਂ ਵਿੰਗ ਦੀ ਪ੍ਰਧਾਨ ਮਮਤਾ ਸ਼ਰਮਾ (ਦੇਵਗਨ), ਸਿਮਰਨ ਰਾਜਪੂਤ, ਖੁਸ਼ਬੂ ਸ਼ਰਮਾ, ਜਿਲ੍ਹਾ ਪ੍ਰਧਾਨ ਰਾਜੇਸ਼ ਸ਼ਰਮਾ ਤੇ ਹਰਦੇਵ ਪ੍ਰਿੰਸ ਤੇ ਸਾਹਿਬ ਸਿੰਘ ਸ਼ਾਮਲ ਸਨ।

ਰੋਜ਼ਾਨਾ ਲੋਕ ਬਾਣੀ
www.lokbani

# ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਗੁ: ਚਰਨ ਕੰਵਲ ਸਾਹਿਬ ਮਾਛੀਵਾੜਾ ਵਿਖੇ ਚੜਦੀ ਕਲਾ ਨਾਲ ਕਰਵਾਇਆ ਗਿਆ 13ਵਾਂ ਗੁਰਮਤਿ ਸਮਾਗਮ

ਸਹੀਦ ਭਗਤ ਸਿੰਘ ਨਗਰ (ਰਮੇਸ ਸਰਮਾ£ਮਨਪ੍ਰੀਤ ਵਾਸੂ) ਧੰਨ ਧੰਨ ਗੁਰੂ ਨਾਨਕ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ 4, 5,6 ਨਵੰਬਰ ਹੋਣ ਵਾਲੇ ਸਲਾਨਾ ਮਹਾਨ ਕੀਰਤਨ ਦਰਬਾਰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਅਤੇ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਨਵਾਂਸ਼ਹਿਰ ਵਿਖੇ ਕਰਵਾਏ ਜਾ ਰਹੇ ਹਨ। ਗੁਰੂ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਇਸ ਕੀਰਤਨ ਦਰਬਾਰ ਨੂੰ ਸਮਰਪਿਤ ਪਿਛਲੇ ਕਾਫੀ ਦਿਨਾਂ ਤੋਂ ਵੱਖ-ਵੱਖ ਪਿੰਡਾਂ ਸ਼ਹਿਰਾਂ ਦੇ ਵਿੱਚ ਗੁਰਮਤਿ ਸਮਾਗਮਾਂ ਦੀ ਲੜੀ ਦਾ ਆਯੋਜਨ ਕੀਤਾ ਗਿਆ ਹੈ। ਇਸੇ ਲੜੀ ਤਹਿਤ 13ਵਾਂ ਗੁਰਮਤਿ ਸਮਾਗਮ ਇਤਿਹਾਸਿਕ ਅਸਥਾਨ ਗੁਰਦੁਆਰਾ ਚਰਨਕੰਵਲ ਸਾਹਿਬ ਮਾਛੀਵਾੜਾ ਵਿਖੇ ਕਰਵਾਇਆ ਗਿਆ । ਇਸ ਸਮਾਗਮ ਵਿੱਚ ਸੰਗਤਾਂ ਦਾ ਹਜਾਰਾਂ ਦੀ ਗਿਣਤੀ ਵਿਚ ਇਕੱਠ ਦੇਖਣ ਯੋਗ ਬਣਦਾ ਸੀ । ਦੂਰੋਂ ਨੇੜੋ ਚੱਲ ਕੇ ਸੰਗਤਾਂ ਇਸ ਸਮਾਗਮ ਦੇ ਵਿੱਚ ਹਾਜਰੀ ਭਰ ਰਹੀਆਂ ਸਨ। ਇਨਾ ਹੀ ਨਹੀਂ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਵੱਲੋਂ ਵੱਖ-ਵੱਖ ਸਥਾਨਾਂ ਤੋਂ ਨਿੱਜੀ ਸਾਧਨਾਂ ਤੋਂ ਇਲਾਵਾ 23 ਬੱਸਾਂ ਦਾ ਇੰਤਜ਼ਾਮ ਕੀਤਾ ਗਿਆ ਜਿਨਾਂ ਰਾਹੀਂ ਜਿਲਾ ਭਰ ਤੋਂ ਸੰਗਤਾਂ ਨੂੰ ਗੁਰਮਤਿ ਸਮਾਗਮਾਂ ਤੱਕ ਪਹੁੰਚਾਇਆ ਗਿਆ। ਇਸ ਸਮਾਗਮ ਵਿੱਚ ਸੰਗਤਾਂ ਨੂੰ ਗੁਰਬਾਣੀ ਕੀਰਤਨ ਦੇ ਨਾਲ ਜੋੜਨ ਲਈ ਵਿਸ਼ੇਸ਼ ਤੌਰ ਤੇ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਭਾਈ ਜਬਰਤੋੜ ਸਿੰਘ ਜੀ ਵੱਲੋਂ ਗੁਰਬਾਣੀ ਕੀਰਤਨ ਦਾ ਰਸ ਭਿੰਨਾ ਗਾਇਨ ਕਰਕੇ ਸੰਗਤਾਂ ਨੂੰ ਪਰਮਾਤਮਾ ਦੀ ਇਲਾਹੀ ਬਾਣੀ ਦੇ ਨਾਲ ਜੋੜਿਆ ਗਿਆ। ਉਪਰੰਤ ਪੰਥ ਦੇ ਮਹਾਨ ਕਥਾਵਾਚਕ ਗਿਆਨੀ ਸਰਬਜੀਤ ਸਿੰਘ ਲੁਧਿਆਣੇ ਵਾਲਿਆਂ ਨੇ ਸੰਗਤਾਂ ਨੂੰ ਗੁਰ ਇਤਿਹਾਸ ਗੁਰਬਾਣੀ ਅਤੇ ਆਪਣੇ ਵਡਮੁੱਲੇ ਸਿਧਾਂਤਾਂ ਤੋਂ ਜਾਣੂ ਕਰਵਾਇਆ। ਉਨਾਂ ਨੇ ਕਥਾ ਕਰਦਿਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਆਪਾਂ ਗੁਰੂ ਦੇ ਹੁਕਮ ਗੁਰੂ ਤੇ ਭਰੋਸਾ ਕਰੀਏ ਅਤੇ ਗੁਰੂ ਸਾਹਿਬ ਦੀ ਸ਼ਖ਼ਸੀਅਤ ਨੂੰ ਪਹਿਚਾਨਣ ਦਾ ਯਤਨ ਕਰਦੇ ਹੋਏ ਆਪਣੇ ਆਪ ਨੂੰ ਜਦੋਂ ਗੁਰੂ ਚਰਨਾਂ ਵਿੱਚ ਸਮਰਪਿਤ ਕਰਾਂਗੇ ਤੇ ਸਾਡੀ ਜ਼ਿੰਦਗੀ ਹੀ ਬਦਲ ਜਾਵਗੀ। ਸੰਗਤਾਂ ਜਿੱਥੇ ਗੁਰਬਾਣੀ ਕੀਰਤਨ ਦਾ ਲਾਹਾ ਲੈ ਰਹੀਆਂ ਸਨ ਉੱਥੇ ਗੁਰਮਤਿ ਵਿਚਾਰਧਾਰਾ ਨੂੰ ਅਪਣਾ ਕੇ ਆਪਣੇ ਆਪ ਨੂੰ ਭਾਗਾਂ ਵਾਲਾ ਸਮਝ ਰਹੀਆਂ ਸਨ। ਸਮਾਗਮ ਦੀ ਸਮਾਪਤੀ ਤੇ ਸੰਗਤਾਂ ਦੇ ਲਈ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਵੱਲੋਂ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਨਾਲ ਹੀ ਸ਼੍ਰੋਮਣੀ ਗੁਰਦੁਆਰਾ ਕਮੇਟੀ ਦੇ ਵੱਲੋਂ ਆਈਆਂ ਹੋਈਆਂ ਸੰਗਤਾਂ ਦਾ ਅਤੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਦੇ ਸਮੂਹ ਮੈਂਬਰ ਸਾਹਿਬਾਨ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਇਨ੍ਹਾਂ ਸਮਾਗਮਾਂ ਦੇ ਵਿੱਚ ਜਿੱਥੇ ਵੱਧ ਚੜ ਕੇ ਵੱਖ-ਵੱਖ ਪਿੰਡਾਂ ਦੀਆਂ ਸੰਗਤਾਂ ਨੇ ਹਿੱਸਾ ਲਿਆ ਉੱਥੇ ਉਚੇਚੇ ਤੌਰ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਸਾਹਿਬਾਨ ਵਲੋਂ ਵੀ ਪਰਿਵਾਰਾਂ ਸਮੇਤ ਹਾਜ਼ਰੀ ਭਰੀ ਗਈ। ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਮੁੱਖ ਸੇਵਾਦਾਰ ਸੁਰਜੀਤ ਸਿੰਘ ਨੇ ਉਚੇਚੇ ਤੌਰ ਤੇ ਸ਼੍ਰੋਮਣੀ ਗੁ: ਪ੍ਰਬੰਧਕ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਗੁਰਬਖਸ਼ ਸਿੰਘ ਖਾਲਸਾ, ਸ਼੍ਰੋਮਣੀ ਕਮੇਟੀ ਮੈਂਬਰ ਹਰਜਿੰਦਰ ਸਿੰਘ ਪਵਾਤ, ਮੈਨੇਜਰ ਜਸਵੀਰ ਸਿੰਘ, ਬਾਬਾ ਮੋਹਣ ਸਿੰਘ, ਪੰਥ ਰਤਨ ਬਾਬਾ ਹਰਬੰਸ ਸਿੰਘ ਬਾਬਾ ਬਚਨ ਸਿੰਘ ਕਾਰ ਸੇਵਾ ਦਿੱਲੀ ਵਾਲਿਆਂ ਦੇ ਮੁੱਖ ਸੇਵਾਦਾਰ ਬਾਬਾ ਮਹਿੰਦਰ ਸਿੰਘ ਬਾਬਾ ਸੁਰਿੰਦਰ ਸਿੰਘ, ਜਥੇਦਾਰ ਰਣਜੀਤ ਸਿੰਘ ਮੰਗਲੀ ਅਤੇ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਨਾਲ ਜੁੜੇ ਜਸਵੀਰ ਸਿੰਘ ਢਿਲੋਂ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਸੁਸਾਇਟੀ ਵਲੋਂ ਸਿਰੋਪੇ ਦੇ ਕੇ ਸਨਮਾਨਿਤ ਵੀ ਕੀਤਾ। ਸ਼੍ਰੋਮਣੀ ਗੁ: ਪ੍ਰਬੰਧਕ ਕਮੇਟੀ ਵਲੋਂ ਵੀ ਸੁਸਾਇਟੀ ਮੈਂਬਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਸਟੇਜ ਦਾ ਸੰਜਾਲਨ ਤਰਲੋਚਨ ਸਿੰਘ ਖਟਕੜ ਕਲਾਂ ਵਲੋਂ ਕੀਤਾ ਗਿਆ। ਇਸ ਮੌਕੇ ਨਵਾਂਸ਼ਹਿਰ ਜਿਲੇ ਤੋਂ ਗਈਆਂ ਸੰਗਤਾਂ ਵਿਚ ਬਾਬਾ ਠਾਕੁਰ ਸਿੰਘ ਠੇਰੀ ਸਾਹਿਬ, ਉੱਤਮ ਸਿੰਘ ਸੇਠੀ, ਦੀਦਾਰ ਸਿੰਘ ਗਹੂੰਣ, ਤਰੁਨਜੀਤ ਸਿੰਘ ਥਾਂਦੀ, ਜਗਜੀਤ ਸਿੰਘ ਮੈਨੇਜਰ, ਜਗਦੀਪ ਸਿੰਘ, ਇੰਦਰਜੀਤ ਸਿੰਘ ਬਾਹੜਾ, ਜਗਜੀਤ ਸਿੰਘ ਬਾਟਾ, ਪਰਮਿੰਦਰ ਸਿੰਘ, ਜਸਵਿੰਦਰ ਸਿੰਘ ਸੈਣੀ, ਦਰਸ਼ਨ ਸਿੰਘ ਸੈਣੀ, ਕਮਲਜੀਤ ਸਿੰਘ ਸੈਣੀ ਸੇਵਾਮੁਕਤ ਡਵੀਜ਼ਨਲ ਕਮਿਸ਼ਨਰ, ਕੁਲਜੀਤ ਸਿੰਘ ਖਾਲਸਾ ਨਵਦੀਪ ਸਿੰਘ, ਗੋਪਾਲ ਸਿੰਘ ਰੱਕੜ ਢਾਹਾਂ, ਜਗਜੀਤ ਸਿੰਘ ਗਰਚਾ, ਅਵਤਾਰ ਸਿੰਘ ਗਰਚਾ ਗਿਆਨ ਸਿੰਘ, ਬਖਸ਼ੀਸ਼ ਸਿੰਘ, ਪਰਮਜੀਤ ਸਿੰਘ ਮੂਸਾਪੁਰ, ਸਾਹਿਬ ਸਿੰਘ, ਜਸਕਰਨ ਸਿੰਘ ਧਰਮਕੋਟ, ਤਰਲੋਚਨ ਸਿੰਘ ਰਾਹੋਂ, ਦਿਲਬਾਗ ਸਿੰਘ ਰਾਹੋਂ, ਸੁਖਵਿੰਦਰ ਸਿੰਘ ਗੋਬਿੰਦਪੁਰ, ਮਾ: ਨਰਿੰਦਰ ਸਿੰਘ ਭਾਰਟਾ, ਬਲਦੀਪ ਸਿੰਘ ਕਾਜਮਪੁਰ, ਹਰਦੀਪ ਸਿੰਘ ਗੜ ਪਧਾਣਾ, ਜੋਗਿੰਦਰ ਸਿੰਘ ਮਹਾਲੋਂ, ਸੇਵਾ ਸਿੰਘ, ਬਲਵਿੰਦਰ ਸਿੰਘ ਦਿਲਬਾਗ ਸਿੰਘ ਉਸਮਾਨਪੁਰ, ਦਲਜੀਤ ਸਿੰਘ ਬਡਵਾਲ ਅਤੇ ਮਨਜੀਤ ਸਿੰਘ ਮਹਿਤਪੁਰ ਵੀ ਸ਼ਾਮਲ ਸਨ।

**ਹਜਾਰਾਂ ਦੀ ਗਿਣਤੀ ਵਿਚ ਸੰਗਤਾਂ ਨੇ ਲਗਵਾਈ ਹਾਜਰੀ**



ਰੋਜ਼ਾਨਾ ਲੋਕ ਬਾਣੀ
www.lokbani

# ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਕੰਪਨੀ ਬਾਗ ਵਿਖੇ ਕੀਤੀ ਗਈ ਸਾਫ਼ ਸਫਾਈ




ਅੰਮ੍ਰਿਤਸਰ (ਲੋਕ ਬਾਣੀ) ਨਹਿਰੂ ਯੁਵਾ ਕੇਂਦਰ ਅੰਮ੍ਰਿਸਰ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲਾ ਜ਼ਿਲ੍ਹਾ ਯੂਥ ਅਫ਼ਸਰ ਆਕਾਂਸ਼ਾ ਮਹਾਵਰੀਆ ਦੀ ਪ੍ਰਧਾਨਗੀ ਹੇਠ ਮੇਰਾ ਯੁਵਾ ਭਾਰਤ ਸੰਸਥਾ ਵੱਲੋਂ ਕੁਦਰਤ ਦੀ ਸਵੱਛਤਾ, ਸੰਸਕਾਰ ਸਵੱਛਤਾ ਵਿਸ਼ੇ ਤਹਿਤ ਚਲਾਏ ਜਾ ਰਹੇ ਸਵੱਛਤਾ ਹੀ ਸੇਵਾ ਪ੍ਰੋਗਰਾਮ ਤਹਿਤ ਸਰੂਪ ਰਾਣੀ ਮਹਿਲਾ ਮਹਾਵਿਦਿਆਲਿਆ, ਖ਼ਾਲਸਾ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ ਅਤੇ ਫਿਨੀਲੂਪ ਸੁਸਾਇਟੀ ਦੇ ਸਹਿਯੋਗ ਨਾਲ ਕੰਪਨੀ ਬਾਗ ਅੰਮ੍ਰਿਤਸਰ ਵਿਖੇ ਸਵੱਛਤਾ ਮੁਹਿੰਮ ਚਲਾਈ ਗਈ।

ਪ੍ਰੋਗਰਾਮ ਦੀ ਸ਼ੁਰੂਆਤ ਸਵੱਛਤਾ ਸਹੁੰ ਚੁੱਕ ਕੇ ਕੀਤੀ ਗਈ ਅਤੇ ਨਹਿਰੂ ਯੁਵਾ ਕੇਂਦਰ ਵੱਲੋਂ ਸਾਰੇ ਪ੍ਰਤੀਭਾਗੀਆਂ ਨੂੰ ਮੇਰੀ ਭਾਰਤ ਕਿੱਟ (ਕੈਪ, ਡਾਇਰੀ ਅਤੇ ਪੈੱਨ) ਵੰਡੀ ਗਈ। ਇਸ ਤੋਂ ਬਾਅਦ ਨਹਿਰੂ ਯੁਵਾ ਕੇਂਦਰ ਅੰਮ੍ਰਿਤਸਰ ਅਤੇ ਕਾਲਜਾਂ ਦੇ ਮੇਰੀ ਭਾਰਤ ਵਲੰਟੀਅਰਾਂ ਵੱਲੋਂ ਕੰਪਨੀ ਬਾਗ ਅੰਮ੍ਰਿਤਸਰ ਵਿਖੇ ਪਲਾਸਟਿਕ ਦੀਆਂ ਬੋਤਲਾਂ, ਬੈਗ ਅਤੇ ਹੋਰ ਪਲਾਸਟਿਕ ਦਾ ਕੂੜਾ ਇਕੱਠਾ ਕੀਤਾ ਗਿਆ।

ਜਿਲ੍ਹਾ ਯੂਥ ਅਫ਼ਸਰ ਨੇ ਦੱਸਿਆ ਕਿ ਇਹ ਪ੍ਰੋਗਰਾਮ 17 ਸਤੰਬਰ ਤੋਂ 2 ਅਕਤੂਬਰ 2024 ਤੱਕ ਪੂਰੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਯੂਥ ਕਲੱਬਾਂ, ਯੂਥ ਵਲੰਟੀਅਰਾਂ ਅਤੇ ਮਾਈ ਭਾਰਤ ਵਾਲੰਟੀਅਰਾਂ ਅਤੇ ਨਾਗਰਿਕਾਂ ਦੇ ਸਹਿਯੋਗ ਨਾਲ ਚੱਲ ਰਿਹਾ ਹੈ। ਇਸ ਪ੍ਰੋਗਰਾਮ ਦੇ ਚਲਦਿਆਂ ਸਥਾਨਕ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਇਸ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਸਿੰਗਲ-ਯੂਜ਼ ਪਲਾਸਟਿਕ ਦੀ ਵਰਤੋਂ ਨੂੰ ਪੂਰੀ ਤਰ੍ਹਾਂ ਬੰਦ ਕਰਨ ਅਤੇ ਇਸਦੀ ਥਾਂ ਤੇ ਧਾਤੂ ਦੀਆਂ ਬੋਤਲਾਂ ਅਤੇ ਕੱਪੜੇ ਦੇ ਥੈਲਿਆਂ ਦੀ ਵਰਤੋਂ ਕਰਨ।

ਇਸ ਮੌਕੇ ਲੇਖਾ ਅਤੇ ਪ੍ਰੋਗਰਾਮ ਸਹਾਇਕ ਰੋਹਿਲ ਕੁਮਾਰ ਕੱਟਾ, ਯੂਥ ਵਲੰਟੀਅਰਜ਼ ਲਵਪ੍ਰੀਤ ਅਤੇ ਰੋਬਨਜੀਤ, ਫਿਨੀਲੂਪ ਸੁਸਾਇਟੀ ਤੋਂ ਅਰਜੁਨ ਰਾਮ ਅਤੇ ਉਨ੍ਹਾਂ ਦੀ ਟੀਮ ਦੇ ਨਾਲ ਮੈਡਮ ਮਨਜੀਤ ਕੌਰ ਦੀ ਅਗਵਾਈ ਵਿੱਚ 40 ਨੌਜਵਾਨਾਂ ਅਤੇ ਸਰੂਪ ਰਾਣੀ ਮਹਿਲਾ ਤੋਂ ਵੰਦਨਾ ਨੇ ਸ਼ਿਰਕਤ ਕੀਤੀ। ਸਵੱਛਤਾ ਮੁਹਿੰਮ ਤਹਿਤ ਜਸਜੀਵਨ ਸਿੰਘ ਅਤੇ ਖ਼ਾਲਸਾ ਕਾਲਜ ਆਫ਼ ਇੰਜਨੀਅਰਿੰਗ ਐਂਡ ਟੈਕਨਾਲੋਜੀ ਦੇ ਮੈਡਮ ਰਿਪਿਨ ਕੋਹਲੀ ਦੀ ਅਗਵਾਈ ਹੇਠ 30 ਨੌਜਵਾਨ ਵਲੰਟੀਅਰਾਂ ਸਮੇਤ ਕਾਲਜ ਦੇ ਵਲੰਟੀਅਰਾਂ ਅਤੇ 100 ਤੋਂ ਵੱਧ ਨਾਗਰਿਕਾਂ ਨੇ ਇਸ ਸਫ਼ਾਈ ਮੁਹਿੰਮ ਵਿੱਚ ਯੋਗਦਾਨ ਪਾਇਆ।

ਪ੍ਰੋਗਰਾਮ ਵਿੱਚ ਮੁੱਖ ਗਤੀਵਿਧੀਆਂ ਵਿੱਚ ਸਵੱਛਤਾ ਮੁਹਿੰਮ, ਸਫ਼ਾਈ ਦਾ ਪ੍ਰਣ, ਸਵੱਛਤਾ ਰੈਲੀ ਅਤੇ ਸਵੱਛਤਾ ਸੰਦੇਸ਼ ਲਈ ਮਨੁੱਖੀ ਚੇਨ ਦਾ ਗਠਨ ਕੀਤਾ ਗਿਆ।

ਰੋਜ਼ਾਨਾ ਲੋਕ ਬਾਣੀ
www.lokbani

# ਜਗਦੀਪ ਸਿੰਘ ਕੰਪਨੀ ਬਾਗ ਐਸੋਸੀਏਸ਼ਨ ਦੇ ਨਵੇਂ ਪ੍ਰਧਾਨ ਨਿਯੁਕਤ



ਅੰਮ੍ਰਿਤਸਰ (ਲੋਕ ਬਾਣੀ) ਕੰਪਨੀ ਬਾਗ ਐਸੋਸੀਏਸ਼ਨ ਦੇ ਸੀਨੀਅਰ ਮੈਂਬਰਾਂ, ਮੁੱਖ ਤੌਰ ਤੇ ਚੇਅਰਮੈਨ ਅੰਮ੍ਰਿਤ ਮਹਾਜਨ, ਪੈਟਰਨ ਸਰਦਾਰ ਬਹਾਦਰ ਸਰਦਾਰ ਯੋਗੇਸ਼ਵਰ ਸਿੰਘ, ਅਸ਼ੋਕ ਮਾਨ, ਸਤਨਾਮ ਸਿੰਘ ਅਤੇ ਪਾਲ ਸਿੰਘ ਨੇ ਮਿਲ ਕੇ ਜਗਦੀਪ ਸਿੰਘ (ਜਗਦੇਵ ਕਲਾਂ) ਨੂੰ ਪ੍ਰਧਾਨ ਨਿਯੁਕਤ ਕੀਤਾ। ਇਸ ਮੌਕੇ ਮਾਲ ਮੰਡੀ ਵਿੱਚ ਨੋਬਲ ਬਮਰਾਹ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਸਾਹਿਬ ਅਤੇ ਫੁੱਲਾਂ ਦੇ ਹਾਰ ਪਾ ਕੇ ਅਤੇ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਗਈ।

ਇਸ ਮੌਕੇ ਚੁਣੇ ਗਏ ਪ੍ਰਧਾਨ ਜਗਦੀਪ ਸਿੰਘ ਨੇ ਕਿਹਾ ਕਿ ਕੰਪਨੀ ਬਾਗ ਵਿੱਚ ਸੁਰੱਖਿਆ ਦੇ ਨਾਲ-ਨਾਲ ਸਾਰੇ ਬੰਦ ਪਏ ਫੁਹਾਰੇ ਜਲਦੀ ਹੀ ਚਾਲੂ ਕਰ ਦਿੱਤੇ ਜਾਣਗੇ ਅਤੇ ਸਭ ਤੋਂ ਵੱਡੀ ਗੱਲ ਮਹਾਰਾਜਾ ਰਣਜੀਤ ਸਿੰਘ ਦੇ ਵਿਰਸੇ ਦੀ ਸੰਭਾਲ ਅਤੇ ਸਫ਼ਾਈ ਹੋਵੇਗੀ। ਇਸ ਮੌਕੇ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਐਡਵੋਕੇਟ ਸਰਤਾਜ ਸਿੰਘ ਲਿਖਾਰੀ, ਨਮਨ ਭਾਟੀਆ, ਅਮਰਜੀਤ ਸਿੰਘ ਭਾਟੀਆ, ਨਰਿੰਦਰਪਾਲ ਸਿੰਘ ਵਿਰਦੀ ਅਤੇ ਕੰਵਰਦੀਪ ਸਿੰਘ ਆਦਿ ਮੁੱਖ ਤੌਰ 'ਤੇ ਹਾਜ਼ਰ ਸਨ।

# ਨਿਰਮਲਾ ਸਮ੍ਰਿਤੀ ਸਾਹਿਤਕ ਸਮਿਤੀ ਵੱਲੋਂ ਅੰਤਰਰਾਸ਼ਟਰੀ ਹਿੰਦੀ ਸਾਹਿਤ ਉਤਸਵ ਅਤੇ ਸਨਮਾਨ ਸਮਾਰੋਹ ਦਾ ਸ਼ਾਨਦਾਰ ਆਯੋਜਨ ਕੀਤਾ ਗਿਆ

ਚੰਡੀਗੜ੍ਹ। (ਲੋਕ ਬਾਣੀ) ਨਿਰਮਲਾ ਸਮ੍ਰਿਤੀ ਸਾਹਿਤਕ ਸਮਿਤੀ ਚਰਖੀ ਦਾਦਰੀ ਹਰਿਆਣਾ ਨੇ ਪ੍ਰੇਰਨਾ ਸਾਹਿਤ ਅਤੇ ਖੋਜ ਸੰਸਥਾਨ, ਕੁਰੂਕਸ਼ੇਤਰ ਵਿਖੇ ਹਿੰਦੀ ਅਤੇ ਭਾਰਤੀ ਖੇਤਰੀ ਭਾਸ਼ਾਵਾਂ ਦੇ ਅਨੁਵਾਦ ਦੀ ਸਥਿਤੀ ਅਤੇ ਸੰਭਾਵਨਾਵਾਂ ਦੇ ਵਿਸ਼ੇ ਤੇ ਅੰਤਰਰਾਸ਼ਟਰੀ ਹਿੰਦੀ ਸਾਹਿਤਕ ਉਤਸਵ ਅਤੇ ਸਨਮਾਨ ਸਮਾਰੋਹ ਅਤੇ ਪੁਸਤਕ ਲਾਂਚ ਦਾ ਆਯੋਜਨ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਮੰਚ ਤੇ ਮੌਜੂਦ ਪਤਵੰਤਿਆਂ ਵੱਲੋਂ ਸਰਸਵਤੀ ਵੰਦਨਾ ਅਤੇ ਦੀਪ ਜਗਾ ਕੇ ਕੀਤੀ ਗਈ। ਹਰਿਆਣਾ ਸਾਹਿਤ ਅਕਾਦਮੀ ਦੇ ਸਾਬਕਾ ਨਿਰਦੇਸ਼ਕ ਡਾ: ਮੁਕਤਾ ਦੀ ਪ੍ਰਧਾਨਗੀ ਹੇਠ ਅਤੇ ਮੁੱਖ ਮਹਿਮਾਨ ਡਾ: ਆਰਤੀ ਲੋਕੇਸ਼ ਦੁਬਈ, ਪ੍ਰੋ: ਨਰੇਸ਼ ਮਿਸ਼ਰਾ ਰੋਹਤਕ, ਪ੍ਰੋ: ਬਾਬੂਰਾਮ ਕੁਰੂਕਸ਼ੇਤਰ, ਡਾ: ਮਧੂ ਕਾਂਤ, ਡਾ: ਜੈਭਗਵਾਨ ਸਿੰਗਲਾ ਸਮੇਤ 51 ਸਾਹਿਤਕਾਰਾਂ ਦੀ ਹਾਜ਼ਰੀ ਵਿਚ ਹੋਈ । ਅਤੇ ਹਿੰਦੀ ਵਰਕਰਾਂ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਤੋਂ 11 ਪੁਸਤਕਾਂ - ਸਾਤ ਸਮੁੰਦਰ ਪਾਰ, ਡਾ: ਅਸ਼ੋਕ ਕੁਮਾਰ ਮੰਗਲੇਸ਼: ਕਵਿਤਾ ਅਤੇ ਸਾਹਿਤ ਚਿੰਤਨ, ਨਾਰੀ ਨਾਈ-ਵਿਆਥਾ ਵਾਹੀ, ਸਮੇ ਸੇ ਸੰਵਾਦ (ਡਾ. ਮੁਕਤਾ), ਗਲੋਰੀ ਗੀਤ (ਡਾ. ਮੁੰਨਾਰਮ), ਕਾਵਿਆ ਮਾਪ (ਡਾ. ਹਸਤਮਲ) ), ਡਾ: ਅਸ਼ੋਕ ਕੁਮਾਰ ਮੰਗਲੇਸ਼: ਸਾਹਿਤਕ ਸੰਪਾਦਨ ਅਤੇ ਸਮੀਖਿਆ (ਡਾ. ਸੰਜੇ ਚੋਪੜੇ), ਹਿੰਦੀ ਵਾਰਤਕ ਸੰਸਾਰ, ਕਲਸ਼, ਨਰੇਸ਼ ਮਿਸ਼ਰਾ ਸਾਹਿਤ ਸਮਾਜ-ਸੱਭਿਆਚਾਰ ਦੀ ਰੌਸ਼ਨੀ ਵਿੱਚ (ਡਾ. ਜਯੋਤੀ) ਰਿਲੀਜ਼ ਕੀਤੇ ਗਏ। ਨਿਰਮਲਾ ਕਮੇਟੀ ਦੇ ਚੇਅਰਮੈਨ ਡਾ: ਅਸ਼ੋਕ ਕੁਮਾਰ ਮੰਗਲੇਸ਼ ਨੇ ਸਾਰੇ ਮਹਿਮਾਨਾਂ ਅਤੇ ਸਾਹਿਤਕਾਰਾਂ ਨੂੰ ਜੀ ਆਇਆਂ ਕਿਹਾ । ਪ੍ਰੋ. ਨਰੇਸ਼ ਮਿਸ਼ਰਾ ਨੇ ਸਾਰੇ ਸਾਹਿਤਕਾਰਾਂ ਨੂੰ ਹਿੰਦੀ ਪੰਦਰਵਾੜੇ ਦੀ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਹਿੰਦੀ ਦਿਵਸ ਜਾਂ ਪੰਦਰਵਾੜਾ ਮਨਾਉਣ ਨਾਲ ਹਿੰਦੀ ਦਾ ਵਿਕਾਸ ਸੰਭਵ ਨਹੀਂ ਹੋਵੇਗਾ, ਸਗੋਂ ਸਾਨੂੰ ਹਿੰਦੀ ਨੂੰ ਦਇਆ ਅਤੇ ਇੱਛਾ ਨਾਲ ਅਪਨਾਉਣਾ ਹੋਵੇਗਾ। ਹਿੰਦੀ ਅਤੇ ਖੇਤਰੀ ਭਾਸ਼ਾਵਾਂ ਦੇ ਅਨੁਵਾਦ ਬਾਰੇ ਵਿਸਤ੍ਰਿਤ ਲੈਕਚਰ ਦਿੰਦੇ ਹੋਏ ਡਾ: ਬਾਬੂਰਾਮ ਨੇ ਕਿਹਾ ਕਿ ਅਨੁਵਾਦ ਦੋ ਭਾਸ਼ਾਵਾਂ ਦਾ ਨਹੀਂ ਸਗੋਂ ਦੋ ਸੱਭਿਆਚਾਰਾਂ ਦਾ ਹੁੰਦਾ ਹੈ। ਮੁੱਖ ਮਹਿਮਾਨ ਡਾ: ਆਰਤੀ ਲੋਕੇਸ਼ ਨੇ ਕਿਹਾ ਕਿ ਇਸ ਸਮੇਂ ਪੂਰੀ ਦੁਨੀਆ ਹਿੰਦੀ ਤੋਂ ਜਾਣੂ ਹੈ ਅਤੇ ਹਿੰਦੀ ਏਸ਼ੀਆ ਮਹਾਂਦੀਪ ਦੀ ਸਭ ਤੋਂ ਵੱਡੀ ਭਾਸ਼ਾ ਹੈ ।ਦੁਬਈ ਦੀ ਦੂਜੀ ਭਾਸ਼ਾ ਹਿੰਦੀ ਹੈ। ਚੇਅਰਪਰਸਨ ਡਾ: ਮੁਕਤਾ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿਚ ਇਸ ਸਮਾਗਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਿੰਦੀ ਸਭ ਤੋਂ ਵਧੀਆ ਭਾਸ਼ਾ ਹੈ ਜੋ ਸਮੁੱਚੇ ਵਿਸ਼ਵ ਨੂੰ ਜੋੜਦੀ ਹੈ, ਨਿਰਮਲਾ ਕਮੇਟੀ ਦਾ ਇਹ ਪ੍ਰੋਗਰਾਮ ਇਸ ਗੱਲ ਦਾ ਸਬੂਤ ਹੈ । ਮੰਚ ਤੋਂ ਡਾ: ਆਰਤੀ ਲੋਕੇਸ਼ ਨੂੰ ਨਿਰਮਲਾ ਅੰਤਰਰਾਸ਼ਟਰੀ ਹਿੰਦੀ ਸੇਵਾ ਪੁਰਸਕਾਰ, ਡਾ: ਮੁਕਤਾ ਨੂੰ ਨਿਰਮਲਾ ਲਾਈਫਟਾਈਮ ਸਾਹਿਤ ਸਾਧਨਾ ਪੁਰਸਕਾਰ, ਪ੍ਰੋ: ਪੂਰਨਚੰਦ ਟੰਡਨ, ਡਾ: ਮਧੂ ਕਾਂਤ, ਪ੍ਰੋ: ਸ਼ਾਮਾਲ, ਆਚਾਰੀਆ ਨੂੰ ਅੰਤਰਰਾਸ਼ਟਰੀ ਭਾਰਤ ਭਾਰਤੀ ਪੁਰਸਕਾਰ, ਪ੍ਰੋ. ਰਾਮਚੰਦਰ ਸ਼ੁਕਲਾ ਆਲੋਚਨਾ ਨੂੰ ਪ੍ਰੋ: ਬਾਬੂਰਾਮ, ਪ੍ਰੋ: ਜੈ ਪ੍ਰਕਾਸ਼ ਸ਼ਰਮਾ ਨੂੰ ਭਾਸ਼ਾਸ਼੍ਰੀ, ਡਾ: ਸ਼ਿਵ ਕੁਮਾਰ ਨੂੰ ਨਿਰਵਾਸ਼੍ਰੀ ਅਤੇ ਡਾ: ਜੈਭਗਵਾਨ ਸਿੰਗਲਾ, ਦਿਨੇਸ਼ ਮਾਲੀ, ਰਾਜਕੁਮਾਰ ਨਿਜਾਤ, ਸ਼੍ਰੀ ਕ੍ਰਿਸ਼ਨ ਮੁਦਗਿਲ, ਰਾਧੇਸ਼ਿਆਮ ਗੋਮਲਾ, ਡਾ: ਸੁਭਾਜ ਰਸਤੋਗੀ, ਸ. ਦਹੀਆ ਨੂੰ ਨਿਰਮਲਾ ਹਿੰਦੀ ਸਾਹਿਤ ਸ਼੍ਰੋਮਣੀ ਸਨਮਾਨ ਦਿੱਤਾ ਗਿਆ। ਡਾ: ਧਰਮਚੰਦਰ ਵਿਦਿਆਲੰਕਰ ਨੂੰ ਮਹਾਕਵੀ ਸ਼ੰਭੂਦਾਸ ਸਮ੍ਰਿਤੀ ਸਨਮਾਨ, ਸੁਚੇਤਾ ਯਾਦਵ ਨੂੰ ਇੰਦਰਾ ਸਵਪਨਾ ਸਮ੍ਰਿਤੀ ਸਨਮਾਨ, ਮਮਤਾ ਸੂਦ ਨੂੰ ਅਸ਼ਰਫ਼ੀ ਦੇਵੀ ਸਮ੍ਰਿਤੀ ਸਨਮਾਨ, ਡਾ: ਜਗਦੀਪ ਰਾਹੀ ਨੂੰ ਧਰਮਿੰਦਰ ਗੌਤਮ ਸਮ੍ਰਿਤੀ ਸਨਮਾਨ ਅਤੇ ਚੰਡੀਗੜ੍ਹ ਤੋਂ ਡਾ: ਵਿਨੋ ਸ਼ਰਮਾ ਨੂੰ ਡਾ. ਨਿਰਮਲਾ ਸਮ੍ਰਿਤੀ ਸਮਾਜ ਅਤੇ ਪੱਤਰਕਾਰੀ ਸਾਰਸਵਤ ਸਨਮਾਨ ਨਾਲ ਸਨਮਾਨਿਤ ਕੀਤਾ ਗਿਆ। ਡਾ: ਬਹਾਦਰ ਸਿੰਘ ਜਗਾਧਰੀ, ਡਾ: ਸ਼ਿਵ ਕੁਮਾਰ, ਡਾ: ਮਮਤਾ ਚੌਰਸੀਆ, ਸ਼ੀਤਲ ਕੋਕਾਟੇ, ਰਾਜੇਸ਼ ਨਾਮਦੇਵ ਮਹਾਰਾਸ਼ਟਰ, ਡਾ: ਨੀਤਾ ਅਗਰਵਾਲ, ਡਾ: ਹਸਤੀਮਲ, ਮਹੇਸ਼ ਪੰਵਾਰ ਰਾਜਸਥਾਨ, ਡਾ: ਅੰਜੂ ਦੁਆ, ਜਨਕਰਾਜ, ਡਾ: ਹੇਮਲਤਾ, ਬ੍ਰਿਜ ਸ਼ਰਮਾ, ਡਾ. ਵਿਨੋਦ ਵਿਮਲ, ਰਾਧਾ ਅਗਰਵਾਲ ਆਦਿ ਨੂੰ ਹਿੰਦੀ ਸਾਹਿਤ ਰਤਨ ਨਾਲ ਸਨਮਾਨਿਤ ਕੀਤਾ ਗਿਆ, ਇਸ ਤੋਂ ਇਲਾਵਾ ਡਾ: ਰਣਵੀਰ ਸਿੰਘ ਦਿੱਲੀ ਨੂੰ ਜਲ ਸੰਭਾਲ ਪੁਰਸਕਾਰ, ਹਰੀਕੇਸ਼ ਨੂੰ ਖ਼ੂਨਦਾਨ ਭੀਸ਼ਮ ਮਧੂਕਾਂਤ ਪੁਰਸਕਾਰ, ਡਾ: ਮੋਹਿਤ ਗੁਪਤਾ ਨੂੰ ਨਿਰਮਲਾ ਉਦਬੋਧਨ ਸਾਰਸਵਤ ਪੁਰਸਕਾਰ, ਵਿਨੋਦ ਖੁੰਗ ਨੂੰ ਸਨਮਾਨਿਤ ਕੀਤਾ ਗਿਆ ।, ਰਾਜ ਮੰਡੀ ਕੁਰੂਕਸ਼ੇਤਰ ਨੂੰ ਪੱਤਰਕਾਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦਾ ਸਟੇਜ ਸੰਚਾਲਨ ਡਾ: ਮੋਹਿਤ ਗੁਪਤਾ, ਡਾ: ਜਗਦੀਪ ਰਾਹੀ ਨੇ ਕੀਤਾ ਅਤੇ ਤਾਲਮੇਲ ਕਮੇਟੀ ਨੂੰ ਆਸ਼ਾ ਸਿੰਗਲਾ, ਰੇਨੂੰ ਘੁੱਗਰ, ਸੁਸ਼ੀਲਾ ਜਾਂਗੜਾ, ਸੁਸ਼ੀਲਾ ਸ਼ਰਮਾ, ਡਾ: ਸਵਿਤਾ ਸ਼ਰਮਾ, ਸੁਰੇਖਾ, ਜਗਰਾਮ ਜਾਂਗੜਾ, ਨਿਤਿਨ ਗੌਤਮ ਦਾ ਸਹਿਯੋਗ ਸੀ ।, ਆਰੀਅਨ ਚਰਖੀਆ ਅਤੇ ਕੁਨਾਲ ਆਦਿ।





ਰੋਜ਼ਾਨਾ ਲੋਕ ਬਾਣੀ
www.lokbani

# ਆੜ੍ਹਤੀ,ਕਿਸਾਨ ਅਤੇ ਮਿਲਰ ਪੰਜਾਬੀ ਖੇਤੀਬਾੜੀ ਪ੍ਰਣਾਲੀ ਦੇ ਮੁੱਖ ਸਤੰਭ- ਡਿਪਟੀ ਕਮਿਸ਼ਨਰ

ਮਾਲੇਰਕੋਟਲਾ (ਕਿਮੀ ਅਰੋੜਾ,ਅਸਲਮ ਨਾਜ਼ ) ਝੋਨੇ ਦੀ ਖਰੀਦ ਲਈ ਪ੍ਰਬੰਧਾਂ ਦਾ ਜਾਇਜਾ ਲੈਣ ਲਈ ਸਥਾਨਕ ਦਫ਼ਤਰ ਐਸ.ਐਸ.ਪੀ ਦੇ ਮੀਟਿੰਗ ਹਾਲ ਵਿਖੇ ਆੜ੍ਹਤੀਆਂ,ਮਿਲਰਾਂ(ਸ਼ੈਲਰ ਮਾਲਕਾਂ) ਅਤੇ ਖਰੀਦ ਏਜੰਸੀਆਂ ਦੇ ਨੁਮਾਇੰਦਿਆ ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਕਿਹਾ ਕਿ ਪੰਜਾਬ ਵਿੱਚ ਖੇਤੀਬਾੜੀ ਪ੍ਰਣਾਲੀ ਦੇ ਸਤੰਭ ਚ ਆੜ੍ਹਤੀ, ਕਿਸਾਨ, ਮਿਲਰ, ਅਤੇ ਖਰੀਦ ਏਜੰਸੀਆਂ ਝੋਨੇ ਦੀ ਖਰੀਦ ਪ੍ਰਕਿਰਿਆ ਵਿੱਚ ਇੱਕ ਅਹਿਮ ਕੜੀ ਬਣਕੇ ਆਪਣਾ ਰੋਲ ਅਦਾ ਕਰਦੇ ਹਨ । ਇਸ ਕੜੀ ਨੂੰ ਮਜਬੂਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਹਰ ਸੰਭਵ ਉਪਰਾਲੇ ਕਰ ਰਿਹਾ ਹੈ ਤਾਂ ਜੋ ਅਗਾਮੀ ਖਰੀਦ ਸੀਜਨ ਦੌਰਾਨ ਕਿਸਾਨਾਂ,ਆੜ੍ਹਤੀਆਂ ਅਤੇ ਸ਼ੈਲਰ ਮਾਲਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨਾਂ ਆਉਂਣ ਦਿੱਤੀ ਜਾਵੇ । ਇਸ ਮੌਕੇ ਐਸ.ਐਸ.ਪੀ. ਗਗਨ ਅਜੀਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ ਵੀ ਮੌਜੂਦ ਸਨ ।

ਆੜ੍ਹਤੀ, ਕਿਸਾਨ, ਸ਼ੈਲਰ ਮਾਲਕਾਂ ਅਤੇ ਖਰੀਦ ਏਜੰਸੀਆਂ ਵਿਚਕਾਰ ਇੱਕ ਸੰਯੁਕਤ ਸਹਿਯੋਗ ਦੀ ਲੋੜ ਤੇ ਜੋਰ ਦਿੰਦਿਆ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੀਟਿੰਗ ਦਾ ਮਨੋਰਥ ਝੋਨੇ ਦੀ ਖਰੀਦ ਪ੍ਰੀਕ੍ਰਿਆਂ ਨੂੰ ਸੁਚਾਰੂ, ਨਿਰਵਿਘਨ ਅਤੇ ਪਾਰਦਰਸ਼ੀ ਬਣਾਉਣ ਦੇ ਨਾਲ ਨਾਲ ਕਿਸਾਨਾਂ ਨੂੰ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਨਿਸ਼ਚਿਤ ਕੀਮਤ ($♥♦) ਤੇ ਭੁਗਤਾਨ ਕਰਵਾਉਣਾ ਹੈ। ਸ਼ੈਲਰ ਮਾਲਕਾਂ,ਆੜ੍ਹਤੀਆਂ ਐਸੋਸੀਏਸ਼ਨ ਦੇ ਪ੍ਰਧਾਨਾਂ ਅਤੇ ਨੁਮਾਇੰਦਿਆ ਨੇ ਡਿਪਟੀ ਕਮਿਸ਼ਨਰ ਕੋਲ ਜ਼ਿਲ੍ਹੇ ਵਿੱਚ ਝੋਨੇ ਦੇ ਭੰਡਾਰਨ ਲਈ ਥਾਂ ਦੀ ਘਾਟ ਦਾ ਮੁੱਦਾ ਉਠਾਇਆ ਅਤੇ ਆਪਣੀ ਹੋਰ ਸਮੱਸਿਆਵਾਂ ਨਾਲ ਵੀ ਅਵਗਤ ਕਰਵਾਇਆ । ਡਿਪਟੀ ਕਮਿਸ਼ਨਰ ਨੇ ਐਸੋਸੀਏਸ਼ਨਾਂ ਦੇ ਨੁਮਾਇੰਦਿਆ ਨੂੰ ਕਿਹਾ ਕਿ ਐਫ.ਸੀ.ਆਈ. ਕੋਲ ਥਾਂ ਦੀ ਕਿੱਲਤ ਸਬੰਧੀ ਮੁੱਦਾ ਸਰਕਾਰ ਵੱਲੋਂ ਪਹਿਲਾਂ ਹੀ ਉਠਾਇਆ ਜਾ ਚੁੱਕਾ ਹੈ, ਜਿਸ ਦੇ ਸਾਰਥਕ ਨਤੀਜੇ ਆਉਂਣ ਦੀ ਆਸ ਪ੍ਰਗਟਾਈ। ਝੋਨੇ ਦੇ ਭੰਡਾਰਨ ਲਈ ਥਾਂ ਦੀ ਘਾਟ ਦੀ ਪੂਰਤੀ ਲਈ ਸਪੈਸ਼ਲ ਰੇਲ ਗੱਡੀਆਂ (ਰੈਕ) ਜਲਦੀ ਲਗਾਉਣ ਲਈ ਵੀ ਰਾਬਤਾ ਕੀਤਾ ਜਾਵੇਗਾ ਤਾਂ ਜੋ ਇਸ ਸਮੱਸਿਆਵਾ ਦਾ ਸਾਰਥਕ ਹੱਲ ਨਿਕਲ ਸਕਣ । ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸਾਸ਼ਨ ਸਮਾਜ ਦੇ ਹਰ ਵਰਗ ਦੇ ਹਿੱਤਾਂ ਦੀ ਰਾਖੀ ਕਰਨ ਲਈ ਵਚਨਬੱਧ ਹੈ । ਉਨ੍ਹਾਂ ਦੱਸਿਆ ਕਿ ਅਗਾਮੀ ਖਰੀਦ ਸੀਜਨ ਦੌਰਾਨ ਜ਼ਿਲ੍ਹੇ ਦੀਆਂ ਸਮੂਹ 46 ਮੰਡੀਆਂ ਵਿੱਚ ਕਰੀਬ 05 ਲੱਖ 21 ਹਜਾਰ ਮੀਟਰਕ ਟਨ ਝੋਨਾਂ ਮੰਡੀਆਂ ਵਿੱਚ ਆਉਣ ਦੀ ਉਮੀਦ ਹੈ । ਕਿਸਾਨਾਂ ਦੀ ਜਿਨਸ ਮੰਡੀਆਂ ਵਿੱਚ ਆਉਂਦੇ ਸਾਰ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਅਦਾਇਗੀ ਨੂੰ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸਾਸ਼ਨ ਵਲੋਂ ਝੋਨੇ ਦਾ ਹਰੇਕ ਦਾਣਾ ਖਰੀਦਣ ਲਈ ਪੁਖ਼ਤਾ ਪ੍ਰਬੰਧ ਕਰ ਲਏ ਗਏ ਹਨ। ਉਨ੍ਹਾਂ ਸ਼ੈਲਰ ਮਾਲਕਾਂ,ਆੜ੍ਹਤੀਆਂ ਐਸੋਸੀਏਸ਼ਨ ਨੂੰ ਭਰੋਸਾ ਦਵਾਇਆ ਕਿ ਜ਼ਿਲ੍ਹਾ ਸਿਵਲ ਅਤੇ ਪੁਲਿਸ ਪ੍ਰਸਾਸ਼ਨ ਹਮੇਸ਼ਾ ਉਨ੍ਹਾਂ ਦਾ ਖੈਰ ਗਵਾਹ ਹੈ ।

ਇਸ ਮੌਕੇ ਆੜਤੀ ਅਤੇ ਰਾਈਸ ਮਿਲਰ ਐਸੋਸੀਏਸ਼ਨ ਯੂਨੀਅਨ ਦੇ ਨੁਮਾਇੰਦਿਆਂ ਨੇ ਭਰੋਸਾ ਦਵਾਇਆ ਕਿ ਜਿਨਸ ਲੈ ਕੇ ਆਉਣ ਵਾਲੇ ਕਿਸਾਨ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਪ੍ਰੇਸ਼ਾਨੀ ਨਹੀਂ ਆਉਂਣ ਦਿੱਤੀ ਜਾਵੇਗੀ । ਇਸ ਮੌਕੇ ਐਸ.ਡੀ.ਐਮ. ਹਰਬੰਸ ਸਿੰਘ, ਐਸ.ਡੀ.ਐਮ. ਅਮਰਗੜ੍ਹ ਸੁਰਿੰਦਰ ਕੌਰ, ਐਸ.ਪੀ.ਸਵਰਨਜੀਤ ਕੌਰ, ਡੀ.ਐਸ.ਪੀ.(ਐਚ) ਮਾਨਵਜੀਤ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਜਸਪਾਲ ਸਿੰਘ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਡੇਜੀ ਖੋਸ਼ਲਾ, ਰਸਮਿੰਦਰ ਸਿੰਘ, ਪ੍ਰਧਾਨ ਆੜਤੀ ਐਸੋਸੀਏਸ਼ਨ ਅਹਿਮਦਗੜ੍ਹ ਸੁਰਿੰਦਰ ਕੁਮਾਰ, ਪ੍ਰਧਾਨ ਆੜਤੀ ਐਸੋਸੀਏਸ਼ਨ ਮਾਲੇਰਕੋਟਲਾ ਤਰੇਸਮ ਸਿੰਘ ਭੁੰਦਨ, ਪ੍ਰਧਾਨ ਰਾਈਸ ਮਿਲਰ ਐਸੋਸੀਏਸ਼ਨ ਮਾਲੇਰਕੋਟਲਾ ਕੇਵਲ ਜਿੰਦਲ, ਪ੍ਰਧਾਨ ਰਾਈਸ ਮਿਲਰ ਐਸੋਸੀਏਸ਼ਨ ਅਮਰਗੜ੍ਹ ਪਰਮਜੀਤ ਸਿੰਘ,ਸੁਭਾਸ਼ ਕੁਮਾਰ ਸੰਦੋੜ ਤੋਂ ਇਲਾਵਾ ਸਮੂਹ ਖਰੀਦ ਏਜੰਸੀਆਂ ਦੇ ਨੁਮਾਇੰਦੇ ਮੌਜੂਦ ਸਨ ।




ਰੋਜ਼ਾਨਾ ਲੋਕ ਬਾਣੀ
www.lokbani

# ਕਾਨਪੁਰ ਚ ਚੌਥੇ ਦਿਨ ਭਾਰਤੀ ਗੇਂਦਬਾਜ਼ਾਂ ਦੀ ਬਹਾਦਰੀ ਕਾਰਨ ਬੰਗਲਾਦੇਸ਼ ਦੀ ਟੀਮ 233 ਦੌੜਾਂ ਤੇ ਸਿਮਟ ਗਈ, ਖੇਡ ਪ੍ਰੇਮੀ ਖੁਸ਼ ਹਨ।

ਕਾਨਪੁਰ (ਸੁਨੀਲ ਬਾਜਪਾਈ) ਮੀਂਹ ਕਾਰਨ ਤਿੰਨ ਦਿਨਾਂ ਦੀ ਰੁਕਾਵਟ ਤੋਂ ਬਾਅਦ ਅੱਜ ਟੈਸਟ ਦੇ ਚੌਥੇ ਦਿਨ ਭਾਰਤੀ ਗੇਂਦਬਾਜ਼ਾਂ ਨੇ ਬੰਗਲਾਦੇਸ਼ ਨੂੰ ਪਹਿਲੀ ਪਾਰੀ ਵਿਚ 233 ਦੌੜਾਂ ਤੇ ਆਊਟ ਕਰ ਦਿੱਤਾ, ਜਿਸ ਤੋਂ ਬਾਅਦ ਭਾਰਤ ਦੀ ਜ਼ਬਰਦਸਤ ਸ਼ੁਰੂਆਤ ਨੇ ਪਿਛਲੇ ਤਿੰਨ ਦਿਨਾਂ ਤੋਂ ਨਿਰਾਸ਼ ਖੇਡ ਪ੍ਰੇਮੀਆਂ ਨੂੰ ਖੁਸ਼ ਕਰ ਦਿੱਤਾ। ਮੰਨਿਆ ਜਾ ਰਿਹਾ ਹੈ ਕਿ ਜਿਸ ਤਰ੍ਹਾਂ ਦੀ ਬਹਾਦਰੀ ਭਾਰਤੀ ਖਿਡਾਰੀਆਂ ਨੇ ਦਿਖਾਈ ਹੈ, ਅੱਜ ਚੌਥੇ ਦਿਨ ਹੈ। ਇਸ ਦੇ ਨਤੀਜੇ ਵਜੋਂ ਜੇਕਰ ਸੂਰਜ ਪ੍ਰਮਾਤਮਾ ਦੀ ਕਿਰਪਾ ਹੁੰਦੀ ਹੈ ਤਾਂ ਅੱਜ ਦਾ ਪੰਜਵਾਂ ਦਿਨ ਵੀ ਖੇਡ ਪ੍ਰੇਮੀਆਂ ਲਈ ਯਾਦਗਾਰੀ ਹੋਣ ਦੀ ਪ੍ਰਬਲ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ।

ਮੈਚ ਦੇ ਚੌਥੇ ਦਿਨ ਜਸਪ੍ਰੀਤ ਬੁਮਰਾਹ ਨੇ ਇਸ ਦੌਰਾਨ ਸਭ ਤੋਂ ਵੱਧ 3 ਵਿਕਟਾਂ ਲਈਆਂ। ਜਦੋਂ ਕਿ ਮੁਹੰਮਦ ਸਿਰਾਜ, ਆਕਾਸ਼ਦੀਪ ਅਤੇ ਆਰ ਅਸ਼ਵਿਨ ਨੂੰ ਦੋ-ਦੋ ਸਫ਼ਲਤਾ ਮਿਲੀ। ਰਵਿੰਦਰ ਜਡੇਜਾ ਨੇ ਪਾਰੀ ਦਾ ਆਖਰੀ ਵਿਕਟ ਲੈ ਕੇ ਬੰਗਲਾਦੇਸ਼ ਦੀ ਪਾਰੀ ਨੂੰ ਸਮੇਟ ਦਿੱਤਾ। ਇਹ ਰਵਿੰਦਰ ਜਡੇਜਾ ਦਾ ਟੈਸਟ ਕ੍ਰਿਕਟ ਵਿੱਚ 300ਵਾਂ ਵਿਕਟ ਸੀ। ਬੰਗਲਾਦੇਸ਼ ਦੀ ਤਰਫੋਂ ਮੋਮਿਨੁਲ ਹੱਕ ਅੰਤ ਤੱਕ ਡਟੇ ਰਹੇ। ਉਹ 107 ਦੌੜਾਂ ਬਣਾ ਕੇ ਅਜੇਤੂ ਪੈਵੇਲੀਅਨ ਪਰਤ ਗਿਆ। ਮੀਂਹ ਅਤੇ ਖ਼ਰਾਬ ਆਊਟਫੀਲਡ ਕਾਰਨ ਦੋ ਦਿਨ ਦੀ ਖੇਡ ਰੱਦ ਹੋਣ ਤੋਂ ਬਾਅਦ ਕਾਨਪੁਰ ਟੈਸਟ ਵਿੱਚ ਉਤਸ਼ਾਹ ਵਧ ਰਿਹਾ ਹੈ।




ਭਾਰਤ ਨੇ ਇੱਥੇ ਗ੍ਰੀਨ ਪਾਰਕ ਮੈਦਾਨ ਤੇ ਆਪਣੀ ਪਹਿਲੀ ਪਾਰੀ ਦੀ ਸ਼ਾਨਦਾਰ ਸ਼ੁਰੂਆਤ ਕੀਤੀ। ਯਸ਼ਸਵੀ ਜੈਸਵਾਲ ਅਤੇ ਰੋਹਿਤ ਸ਼ਰਮਾ ਨੇ ਸਿਰਫ਼ 3 ਓਵਰਾਂ ਵਿੱਚ 50 ਦੌੜਾਂ ਦਾ ਅੰਕੜਾ ਪਾਰ ਕਰ ਲਿਆ। ਭਾਰਤ ਨੂੰ ਪਹਿਲਾ ਝਟਕਾ ਮੇਹਦੀ ਹਸਨ ਮਿਰਾਜ਼ ਨੇ ਚੌਥੇ ਓਵਰ ਚ 23 ਦੇ ਨਿੱਜੀ ਸਕੋਰ ਤੇ ਰੋਹਿਤ ਸ਼ਰਮਾ ਨੂੰ ਬੋਲਡ ਕਰਕੇ ਦਿੱਤਾ। ਅੱਜ ਦੇ ਮੈਚ ਵਿੱਚ ਯਸ਼ਸਵੀ ਜੈਸਵਾਲ ਨੇ 31 ਗੇਂਦਾਂ ਵਿੱਚ ਆਪਣਾ ਅਰਧ ਸੈਂਕੜਾ ਪੂਰਾ ਕਰ ਲਿਆ ਹੈ। ਇਹ ਭਾਰਤ ਲਈ ਕਿਸੇ ਵੀ ਬੱਲੇਬਾਜ਼ ਦਾ ਸਾਂਝਾ ਤੀਜਾ ਸਭ ਤੋਂ ਤੇਜ਼ ਅਰਧ ਸੈਂਕੜਾ ਹੈ। ਇਸ ਸੂਚੀ ਵਿੱਚ ਉਸ ਤੋਂ ਅੱਗੇ ਰਿਸ਼ਭ ਪੰਤ (28) ਅਤੇ ਕਪਿਲ ਦੇਵ (30) ਹਨ। ਰੋਹਿਤ ਸ਼ਰਮਾ ਦੇ ਆਊਟ ਹੋਣ ਦੇ ਬਾਵਜੂਦ ਯਸ਼ਸਵੀ ਜੈਸਵਾਲ ਦਾ ਬੱਲਾ ਨਹੀਂ ਰੁਕਿਆ।

ਇਸ ਤੋਂ ਬਾਅਦ ਚੌਥੇ ਓਵਰ ਚ ਆਏ ਮੇਹਦੀ ਹਸਨ ਮਿਰਾਜ ਨੇ ਰੋਹਿਤ ਸ਼ਰਮਾ ਨੂੰ 23 ਦੇ ਨਿੱਜੀ ਸਕੋਰ ਤੇ ਆਊਟ ਕਰਕੇ ਭਾਰਤ ਨੂੰ ਪਹਿਲਾ ਝਟਕਾ ਦਿੱਤਾ। ਇਸ ਤੋਂ ਇਕ ਗੇਂਦ ਪਹਿਲਾਂ ਮਿਰਾਜ ਨੇ ਹਿਟਮੈਨ ਨੂੰ ਐੱਲਬੀਡਬਲਿਊ ਆਊਟ ਕਰ ਦਿੱਤਾ ਪਰ ਰੋਹਿਤ ਨੇ ਡੀਆਰਐੱਸ ਦੀ ਮਦਦ ਨਾਲ ਅੰਪਾਇਰ ਦੇ ਫੈਸਲੇ ਨੂੰ ਪਲਟ ਦਿੱਤਾ। ਅੰਪਾਇਰ ਦੇ ਇਸ ਫੈਸਲੇ ਕਾਰਨ ਰੋਹਿਤ ਦੀ ਲੈਅ ਟੁੱਟ ਗਈ। ਯਸ਼ਸਵੀ ਜੈਸਵਾਲ ਨੇ ਵੀ ਹਸਨ ਮਹਿਮੂਦ ਦੇ ਓਵਰ ਦੀ ਪੰਜਵੀਂ ਗੇਂਦ ਤੇ ਕਵਰ ਤੇ ਛੱਕਾ ਜੜਿਆ ਅਤੇ ਅਗਲੀਆਂ ਦੋ ਗੇਂਦਾਂ ਤੇ ਦੋ ਚੌਕੇ ਜੜੇ।

ਕੁੱਲ ਮਿਲਾ ਕੇ ਅੱਜ ਦੇ ਚੌਥੇ ਦਿਨ ਦੀ ਖੇਡ ਨੇ ਤਿੰਨ ਦਿਨਾਂ ਤੋਂ ਮੀਂਹ ਕਾਰਨ ਨਿਰਾਸ਼ ਹੋਏ ਖੇਡ ਪ੍ਰੇਮੀਆਂ ਨੂੰ ਖੁਸ਼ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ। ਅਤੇ ਜੇਕਰ ਸੂਰਿਆਦੇਵ ਅੱਜ ਮੰਗਲਵਾਰ ਨੂੰ ਖੁਸ਼ ਹੋ ਜਾਂਦੇ ਹਨ ਤਾਂ ਭਾਰਤ ਦਾ ਸੰਭਾਵਿਤ ਪ੍ਰਦਰਸ਼ਨ ਯਕੀਨੀ ਤੌਰ ਤੇ ਖੇਡ ਪ੍ਰੇਮੀਆਂ ਨੂੰ ਖੁਸ਼ੀ ਦੇ ਸਾਗਰ ਚ ਡੁੱਬਣ ਲਈ ਮਜਬੂਰ ਕਰ ਸਕਦਾ ਹੈ।

ਰੋਜ਼ਾਨਾ ਲੋਕ ਬਾਣੀ www.lokbani

# ਇਸਲਾਮੀਆ ਸੀਨੀਅਰ ਸੈਕੰਡਰੀ ਸਕੂਲ ਦੇ 100 ਸਾਲਾ ਜਸ਼ਨਾਂ ਨੂੰ ਸਮਰਪਿਤ ਕਿਰਾਤ ਮੁਕਾਬਲਿਆਂ ਦਾ ਆਯੋਜਨ




ਮਾਲੇਰ ਕੋਟਲਾ (ਕਿਮੀ ਅਰੋੜਾ,ਅਸਲਮ ਨਾਜ਼ ) ਇਸਲਾਮੀਆ ਸੀਨੀਅਰ ਸੈਕੰਡਰੀ ਸਕੂਲ, ਮਲੇਰਕੋਟਲਾ ਦੇ ਹੋਂਦ ਵਿੱਚ ਆਇਆ ਸੌ ਸਾਲ ਹੋ ਚੁੱਕੇ ਹਨ। ਇਸ ਸੰਬੰਧ ਵਿੱਚ 100 ਸਾਲਾ ਜਸ਼ਨਾਂ ਨੂੰ ਸਮਰਪਿਤ ਸਕੂਲ ਵੱਲੋਂ ਵੱਖ-ਵੱਖ ਤਰ੍ਹਾਂ ਦੇ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ ।ਇਸੇ ਲੜੀ ਵਿੱਚ ਸਕੂਲ ਦੀ ਬ੍ਰਾਂਚ ਨੰਬਰ ਤਿੰਨ ਵਿਖੇ ਵਿਦਿਆਰਥੀਆਂ ਦਾ ਕਿਰਾਤ ਮੁਕਾਬਲਾ ਕਰਵਾਇਆ ਗਿਆ ⇩ ਜਿਸ ਵਿੱਚ ਸਕੂਲ ਦੀਆਂ ਵੱਖ ਵੱਖ ਬਰਾਂਚਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਸ੍ਰੀ ਰਿਆਜ਼ ਅਹਿਮਦ ਅਤੇ ਸ੍ਰੀ ਅਬਦੁਲ ਮਲਿਕ ਨੇ ਜੱਜ ਦੇ ਤੌਰ ਤੇ ਜਿੰਮੇਵਾਰੀ ਨਿਭਾਈ। ਮੰਚ ਦਾ ਸੰਚਾਲਨ ਬਰਾਂਚ ਦੇ ਅਧਿਆਪਕ ਸ੍ਰੀ ਮੁਹੰਮਦ ਨਜ਼ੀਰ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਕੀਤਾ। ਇਸ ਮੁਕਾਬਲੇ ਵਿੱਚ ਬਰਾਂਚ ਨੰਬਰ ਇੱਕ ਦੇ ਵਿਦਿਆਰਥੀ ਮੁਹੰਮਦ ਸੈਫ ਨੇ ਪਹਿਲਾ, ਬਰਾਂਚ ਨੰਬਰ ਚਾਰ ਦੀ ਵਿਦਿਆਰਥਣ ਸਨਾ ਪ੍ਰਵੀਨ ਨੇ ਦੂਜਾ ਅਤੇ ਬ੍ਰਾਂਚ ਨੰਬਰ ਛੇ ਦੇ ਵਿਦਿਆਰਥੀ ਮੁਹੰਮਦ ਫੁਰਕਾਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਮੁਕਾਬਲੇ ਵਿੱਚ ਪੁਜੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਿੰਸੀਪਲ ਸ੍ਰੀ ਮੁਹੰਮਦ ਜਮੀਲ ਅਨੁਸਾਰੀ ਨੇ ਟਰਾਫੀਆਂ ਦੇ ਕੇ ਸਨਮਾਨਿਤ ਕੀਤਾ।

ਰੋਜ਼ਾਨਾ ਲੋਕ ਬਾਣੀ www.lokbani

# ਪਰਾਲੀ ਦੇ ਪ੍ਰਬੰਧਨ ਸਬੰਧੀ ਕਿਸਾਨ ਜਾਗਰੂਕਤਾ ਕੈਂਪ ਕੀਤਾ ਗਿਆ ਆਯੋਜਿਤ



ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼) ਨੈਸ਼ਨਲ ਗ੍ਰੀਨ ਟ੍ਰਿਬਿਊਨਲ, ਨਵੀ ਦਿੱਲੀ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਪੰਜਾਬ ਸਰਕਾਰ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਅਤੇ ਝੋਨੇ ਦੀ ਰਹਿੰਦ- ਖੂੰਹਦ ਦੀ ਸੁਚੱਜੀ ਸੰਭਾਲ ਕਰਨ ਸਬੰਧੀ ਚਲਾਈ ਜਾ ਰਹੀ ਮੁਹਿੰਮ ਦੀ ਲਗਾਤਾਰਤਾ ਤਹਿਤ ਡਿਪਟੀ ਕਮਿਸ਼ਨਰ ਡਾ ਪੱਲਵੀ ਦੇ ਦਿਸ਼ਾ ਨਿਰਦੇਸ਼ ਤਹਿਤ ਸਹਿਕਾਰੀ ਸਭਾ ਪਿੰਡ ਲਾਂਗੜੀਆਂ ਵਿਖੇ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਮਾਲੇਰਕੋਟਲਾ ਦੀ ਟੀਮ ਵੱਲੋਂ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਸਬੰਧੀ ਵੱਖ-ਵੱਖ ਨੁਕਤੇ ਸਾਂਝੇ ਕੀਤੇ ਗਏ। ਇਸ ਕੈਂਪ ਵਿੱਚ ਖੇਤੀਬਾੜੀ ਵਿਕਾਸ ਅਫਸਰ, ਮਾਲੇਰਕੋਟਲਾ ਡਾ. ਕੁਲਦੀਪ ਕੌਰ ਨੇ ਕਿਸਾਨਾ ਨੂੰ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਦੀ ਅਪੀਲ ਕਰਦਿਆਂ ਸੀ.ਆਰ.ਐਮ ਸਕੀਮ ਤਹਿਤ ਪਰਾਲੀ ਦੇ ਯੋਗ ਪ੍ਰਬੰਧਨ ਲਈ ਸਬਸਿਡੀ ਉੱਪਰ ਦਿੱਤੀ ਜਾਣ ਵਾਲੀ ਮਸ਼ੀਨਰੀ ਬਾਰੇ ਜਾਣਕਾਰੀ ਦਿੱਤੀ ਅਤੇ ਪਰਾਲੀ ਨੂੰ ਬਿਨਾਂ ਅੱਗ ਲਗਾ ਕੇ ਕਣਕ ਦੀ ਬਿਜਾਈ ਕਰਨ ਲਈ ਪ੍ਰੇਰਿਤ ਕੀਤਾ। ਉਹਨਾ ਹੋਰ ਦੱਸਿਆ ਕਿ ਜਿੱਥੇ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਮਿਲਾ ਕੇ ਮਿੱਟੀ ਦੀ ਉਪਜਾਊ ਸ਼ਕਤੀ ਵਿੱਚ ਵਾਧਾ ਕੀਤਾ ਜਾ ਸਕਦਾ ਹੈ, ਉੱਥੇ ਹੀ ਖੇਤੀ ਲਾਗਤ ਖਰਚਾ ਘਟਾਇਆ ਜਾ ਸਕਦਾ ਹੈ ਅਤੇ ਵਾਤਾਵਰਣ ਦੂਸ਼ਿਤ ਹੋਣ ਤੋਂ ਵੀ ਬਚਾਇਆ ਜਾ ਸਕਦਾ ਹੈ। ਉਹਨਾ ਵੱਲੋਂ ਕਿਸਾਨਾਂ ਨੂੰ ਕਸਟ ਮਹਾਇਰਿੰਗ ਸੈਂਟਰ/ਕਿਸਾਨ ਗਰੁੱਪ ਬਣਾ ਕੇ ਸੀ.ਆਰ.ਐਮ ਸਕੀਮ ਅਧੀਨ ਵੱਧ ਤੋਂ ਵੱਧ ਸਬਸਿਡੀ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ। ਇਸ ਕੈਂਪ ਵਿੱਚ ਹਾੜੀ ਦੀਆਂ ਫਸਲਾਂ ਦੀ ਕਾਸ਼ਤ ਸਬੰਧੀ ਜਾਣਕਾਰੀ ਵੀ ਸਾਂਝੀ ਕੀਤੀ ਗਈ। ਇਸ ਤੋਂ ਇਲਾਵਾ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਭਾਰਤ ਸਰਕਾਰ ਦੇ 'ਸਵੱਛਤਾ ਹੀ ਸੇਵਾ 2024' ਮੁਹਿੰਮ ਤਹਿਤ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਹਵਾ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਦੇ ਨਾਲ-ਨਾਲ ਸਾਫ ਸਫਾਈ ਸਬੰਧੀ ਮਹੱਤਵਪੂਰਨ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਮਾਨਵ ਵਿਕਾਸ ਸੰਸਥਾ ਦੇ ਪਰਾਨਾ ਪ੍ਰੋਜੈਕਟ ਦੇ ਜਿਲਾ ਕੋਔਰਡੀਨੇਟਰ ਸਤਿਪਾਲ ਸਿੰਘ ਵੱਲੋ ਵੀ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੇ ਯੋਗ ਪ੍ਰਬੰਧਨ ਸਬੰਧੀ ਜਾਗਰੂਕ ਕੀਤਾ ਗਿਆ । ਇਸ ਮੌਕੇ ਸ਼ਰਫਰੋਸ਼ ਰੰਗ ਮੰਚ ( ਫਤਿਹਗੜ ਸਾਹਿਬ) ਦੀ ਟੀਮ ਵੱਲੋਂ ਮਿੱਟੀ, ਪਾਣੀ, ਹਵਾ ਅਤੇ ਕੁਦਰਤੀ ਸਰੋਤਾਂ ਦੀ ਸਾਂਭ ਸੰਭਾਲ ਨੂੰ ਦਰਸਾਉਦਾ ਨੁੱਕੜ ਨਾਟਕ ਵੀ ਖੇਡਿਆਂ ।

ਰੋਜ਼ਾਨਾ ਲੋਕ ਬਾਣੀ www.lokbani

# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ ਨਾਰਕੋ ਕੋਆਰਡੀਨੇਸ਼ਨ ਸੈਂਟਰ ਕਮੇਟੀ ਵਲੋਂ ਚੁੱਕੇ ਗਏ ਕਦਮਾਂ ਦੀ ਸਮੀਖਿਆ



ਮਾਲੇਰਕੋਟਲਾ :(ਕਿਮੀ ਅਰੋੜਾ,ਅਸਲਮ ਨਾਜ਼)

ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਵੱਲੋਂ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਅਲਾਮਤ ਨੂੰ ਰੋਕਣ ਲਈ ਚੁੱਕੇ ਗਏ ਕਦਮਾਂ ਦੀ ਸਮੀਖਿਆ ਕਰਨ ਲਈ ਨਾਰਕੋ ਕੋਆਰਡੀਨੇਸ਼ਨ ਸੈਂਟਰ (ਐਨ.ਸੀ.ਓ.ਆਰ.ਡੀ) ਅਧੀਨ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਸਥਾਨਕ ਦਫ਼ਤਰ ਐਸ.ਐਸ.ਪੀ.ਦੇ ਮੀਟਿੰਗ ਹਾਲ ਵਿਖੇ ਆਯੋਜਿਤ ਕੀਤੀ ਗਈ ।

ਇਸ ਮੌਕੇ ਡੀ.ਐਸ.ਪੀ. ਸਤੀਸ਼ ਕੁਮਾਰ ਨੇ ਦੱਸਿਆ ਕਿ ਜਨਵਰੀ 2024 ਤੋਂ ਹੁਣ ਤੱਕ ਜ਼ਿਲ੍ਹੇ 'ਚ ਐਨ ਡੀ ਪੀ ਐਸ ਐਕਟ ਤਹਿਤ145 ਮੁਕੱਦਮਿਆਂ 'ਚ 199 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ । ਉਨ੍ਹਾਂ ਨਸ਼ਾ ਬਰਾਮਦਗੀ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਮੁਕੱਦਮਿਆਂ 'ਚ ਕਰੀਬ 01 ਲੱਖ 96 ਹਜ਼ਾਰ ਰੁਪਏ ਦੀ ਡਰੱਗ ਮਨੀ, 891 ਕਿੱਲੋ 500 ਗਰਾਮ ਭੁੱਕੀ, 36,475 ਨਸ਼ੀਲੇ ਕੈਪਸੂਲ/ਗੋਲੀਆਂ, 2 ਕਿਲੋ 530 ਗ੍ਰਾਮ ਹੀਰੋਇਨ, 07 ਸ਼ੀਸ਼ੀਆਂ, 23 ਕਿੱਲੋ 210 ਗਰਾਮ ਅਫ਼ੀਮ, 10 ਗ੍ਰਾਮ ਇਨਟੋਕਸੀਅਨ ਪਾਊਡਰ , 02 ਕਿਲੋ 870 ਗਰਾਮ ਸੁਲਫ਼ਾ ਅਤੇ 13 ਕਿੱਲੋ 800 ਗਰਾਮ ਹਰੇ ਪੌਦੇ(ਖਸਖਸ) ਸ਼ਾਮਲ ਹੈ । ਇਸ ਤੋਂ ਇਲਾਵਾ ਜ਼ਿਲ੍ਹੇ ਵਿੱਚ 12 ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਸਰਕਾਰ ਦੇ ਨਿਯਮਾਂ ਅਨੁਸਾਰ ਜ਼ਬਤ ਅਨੁਸਾਰ ਜ਼ਬਤ ਕੀਤੀਆਂ ਜਾ ਚੁੱਕੀਆਂ ਹਨ।

ਇਸ ਮੌਕੇ ਉਨ੍ਹਾਂ ਕਿਹਾ ਨਸ਼ੇ 'ਚ ਗ੍ਰਸਤ ਲੋਕਾਂ ਦੇ ਇਲਾਜ ਤੋਂ ਇਲਾਵਾ ਉਨ੍ਹਾਂ ਦੇ ਮੁੜ ਵਸੇਬੇ ਨੂੰ ਵੀ ਪਹਿਲ ਦੇ ਆਧਾਰ ਤੇ ਤਰਜੀਹ ਦੇਣੀ ਚਾਹੀਦੀ ਹੈ। ਉਨ੍ਹਾਂ ਜ਼ਿਲ੍ਹਾ ਸਿੱਖਿਆ ਅਫ਼ਸਰ ਨੂੰ ਹਦਾਇਤ ਕੀਤੀ ਕਿ ਉਹ ਜ਼ਿਲ੍ਹੇ ਦੇ ਸਮੁੱਚੇ ਸਕੂਲਾਂ ਵਿੱਚ ਨਸ਼ਾ ਰੋਕੂ ਗਤੀਵਿਧੀਆਂ ਨਾਲ ਸਬੰਧਤ ਸੈਮੀਨਾਰ ਦਾ ਆਯੋਜਨ ਕਰਨ ਨੂੰ ਯਕੀਨੀ ਬਣਾਉਣ ਅਤੇ ਸੈਮੀਨਾਰਾਂ ਦੀਆਂ

ਰੋਜ਼ਾਨਾ ਲੋਕ ਬਾਣੀ www.lokbani

# ਯੂਸਫ ਮੈਮੋਰੀਅਲ ਵੈਲਫੇਅਰ ਸੋਸਾਇਟੀ ਦੀ ਮਹੱਤਵਪੂਰਨ ਮੀਟਿੰਗ ਵਿੱਚ ਕੁਰਾਨ ਸ਼ਰੀਫ ਦੀ ਤਿਲਾਵਤ ਦੇ ਮੁਕਾਬਲੇ 2 ਨਵੰਬਰ ਨੂੰ ਕਰਵਾਉਣ ਦਾ ਲਿਆ ਗਿਆ ਫੈਸਲਾ

ਮਾਲੇਰ ਕੋਟਲਾ ( ਕਿਮੀ ਅਰੌੜਾ ,ਅਸਲਮ ਨਾਜ਼ ) ਯੂਸਫ ਮੈਮੋਰੀਅਲ ਵੈਲਫੇਅਰ ਸੋਸਾਇਟੀ ਦੀ ਇੱਕ ਮਹੱਤਵਪੂਰਨ ਮੀਟਿੰਗ ਨਗਰ ਕੌਂਸਲ ਮਾਲੇਰਕੋਟਲਾ ਦੀ ਪ੍ਰਧਾਨ ਮੈਡਮ ਨਸਰੀਨ ਅਸ਼ਰਫ ਅਬਦੁਲਾ ਦੀ ਰਿਹਾਇਸ਼ ਤੇ ਆਯੋਜਿਤ ਹੋਈ ।ਜਿਸ ਦੀ ਪ੍ਰਧਾਨਗੀ ਮੁਫਤੀ ਏ ਆਜਮ ਪੰਜਾਬ ਸ੍ਰੀ ਇਰਤਕਾ ਉਲ ਹਸਨ ਕਾਂਦਲਵੀ ਨੇ ਕੀਤੀ ਅਤੇ ਮੀਟਿੰਗ ਦੀ ਕਾਰਵਾਈ ਸੁਸਾਇਟੀ ਦੇ ਸਕੱਤਰ ਮੁਫਤੀ ਅਬਦੁਲ ਮਲਿਕ ਵੱਲੋਂ ਚਲਾਈ ਗਈ। ਯੂਸਫ ਮੈਮੋਰੀਅਲ ਵੈਲਫੇਅਰ ਸੋਸਾਇਟੀ ਵੱਲੋਂ ਬੀਤੇ ਸਮੇਂ ਵਿੱਚ ਵੱਖ-ਵੱਖ ਤਰ੍ਹਾਂ ਦੇ ਮੁਕਾਬਲੇ ਆਯੋਜਿਤ ਕਰਵਾ ਕੇ ਚੰਗਾ ਨਾ ਕਮਾਇਆ ਹੈ ਅਤੇ ਇਹ ਸੁਸਾਇਟੀ ਵਿਦਿਆਰਥੀਆਂ ਨੂੰ ਕੁਰਾਨ ਸ਼ਰੀਫ ਦੀਆਂ ਸਿੱਖਿਆਵਾਂ ਨਾਲ ਜੁੜਨ ਦੇ ਲਈ ਪ੍ਰੇਰਿਤ ਕਰ ਰਹੀ ਹੈ। ਇਸ ਮੀਟਿੰਗ ਦੇ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸੋਸਾਇਟੀ ਦੇ ਪ੍ਰਧਾਨ ਮੁਫਤੀ ਮੁਹੰਮਦ ਦਿਲਸ਼ਾਦ ਜਮਾਲਪੁਰਾ ਨੇ ਕਿਹਾ ਕਿ ਆਉਣ ਵਾਲੀ ਦੋ ਨਵੰਬਰ ਨੂੰ ਮਸਜਿਦ ਹਮਜਾ, ਨਿਸ਼ਾਤ ਕਲੋਨੀ ਵਿੱਚ ਕੁਰਾਨ ਸ਼ਰੀਫ ਦੀ ਤਿਲਾਵਤ ਦੇ ਮੁਕਾਬਲੇ ਆਯੋਜਿਤ ਕੀਤੇ ਜਾਣਗੇ ਜਿਸ ਵਿੱਚ ਪਹਿਲੀਆਂ ਤਿੰਨ ਪੁਜੀਸ਼ਨਾਂ ਹਾਸਿਲ ਕਰਨ ਵਾਲੇ ਵਿਦਿਆਰਥੀਆਂ ਨੂੰ ਰੇਸਰਜ ਸਾਈਕਲ ਅਤੇ ਨਕਦੀ



ਨਾਮ ਦੇ ਕੇ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਬਾਕੀ ਦੇ ਸਾਰੇ ਵਿਦਿਆਰਥੀਆਂ ਦਾ ਵੀ ਸਨਮਾਨ ਕੀਤਾ ਜਾਵੇਗਾ। ਇਸ ਮੁਕਾਬਲੇ ਵਿੱਚ ਕੇਵਲ ਮਲੇਰ ਕੋਟਲਾ ਜ਼ਿਲ੍ਹੇ ਦੇ 17 ਸਾਲ ਤੋਂ ਘੱਟ ਉਮਰ ਦੇ ਵਿਦਿਆਰਥੀ ਹੀ ਹਿੱਸਾ ਲੈ ਸਕਣਗੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸ੍ਰੀ ਖਾਲਦ ਬਿੰਦ ,ਮੁਫਤੀ ਮੁਹੰਮਦ ਯੂਨਸ ਕਾਸਮੀ ,ਕਾਰੀ ਮੁਹੰਮਦ ਰਫੀਕ, ਅਸ਼ਰਫ ਅਬਦੁੱਲਾ , ਮੁਹੰਮਦ ਆਸਿਫ, ਐਡਵੋਕੇਟ ਗੁਲਰੇਜ਼,ਐਡਵੋਕੇਟ ਨਦੀਮ ਅਹਿਮਦ, ਪੱਪੂ ਪਹਿਲਵਾਨ ਤੋਂ ਇਲਾਵਾ ਇਲਾਕੇ ਦੇ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ।

ਰੋਜ਼ਾਨਾ ਲੋਕ ਬਾਣੀ www.lokbani

# ਲਾਰੈਂਸ ਸਕੂਲ, ਸਨਾਵਰ 2 ਅਕਤੂਬਰ ਤੋਂ ਆਪਣਾ 177ਵਾਂ ਸਥਾਪਨਾ ਦਿਵਸ ਮਨਾਉਣ ਲਈ ਤਿਆਰ

ਚੰਡੀਗੜ੍ਹ, ਸਨਾਵਰ ਸਥਿਤ ਲਾਰੈਂਸ ਸਕੂਲ, 1847 ਵਿੱਚ ਸਥਾਪਿਤ ਵਿਸ਼ਵ ਦਾ ਸਭ ਤੋਂ ਪੁਰਾਣਾ ਸਹਿ-ਵਿਦਿਅਕ ਰਿਹਾਇਸ਼ੀ ਸਕੂਲ, 2 ਅਕਤੂਬਰ ਤੋਂ ਸ਼ੁਰੂ ਹੋ ਰਹੇ ਤਿੰਨ ਦਿਨਾਂ ਸਮਾਗਮ ਵਿੱਚ ਆਪਣਾ 177ਵਾਂ ਸਥਾਪਨਾ ਦਿਵਸ ਮਨਾਉਣ ਲਈ ਤਿਆਰ ਹੈ। ਜਸ਼ਨਾਂ ਵਿੱਚ ਇਤਿਹਾਸ, ਸੱਭਿਆਚਾਰ ਅਤੇ ਵਿਰਾਸਤ ਨੂੰ ਸ਼ਾਮਲ ਕੀਤਾ ਗਿਆ ਹੈ ਜੋ 177 ਸਾਲਾਂ ਤੋਂ ਸੰਸਥਾ ਦੀ ਨੁਮਾਇੰਦਗੀ ਕਰ ਰਿਹਾ ਹੈ।



ਇਹ ਸਮਾਰੋਹ ਭਾਰਤ ਦੇ ਸਾਬਕਾ ਮੁੱਖ ਚੋਣ ਕਮਿਸ਼ਨਰ ਅਤੇ ਸਾਬਕਾ ਸਨਾਵਰੀਅਨ ਦੁਆਰਾ ਸਥਾਪਿਤ ਮਹਾਤਮਾ ਗਾਂਧੀ ਪੁਰਸਕਾਰਾਂ ਦੇ ਐਲਾਨ ਨਾਲ ਸ਼ੁਰੂ ਹੋਵੇਗਾ। ਸਕੂਲ ਫਿਰ ਕੈਂਪਸ ਵਿੱਚ 1851 ਵਿੱਚ ਬਣੇ ਆਈਕੋਨਿਕ ਸਕੂਲ ਚੈਪਲ (ਚਰਚ) ਵਿੱਚ ਉਸਦੇ ਸਨਮਾਨ ਵਿੱਚ ਇੱਕ ਚੈਪਲ ਸੇਵਾ ਦਾ ਆਯੋਜਨ ਕਰੇਗਾ। ਪੁਰਾਣੇ ਸਨਾਵਰੀਆਂ ਵਿੱਚ ਸਿਧਾਰਥ ਕਾਕ, ਯਾਮਿਨੀ ਗਾਂਧੀ, ਪੂਜਾ ਬੇਦੀ, ਸੰਜੇ ਦੱਤ, ਜੇਸੀ ਗਰੇਵਾਲ ਅਤੇ ਕੁਝ ਹੋਰ ਵਰਗੀਆਂ ਮਸ਼ਹੂਰ ਹਸਤੀਆਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਦੂਜੇ ਦਿਨ ਮੌਜੂਦਾ ਅਤੇ ਸਾਬਕਾ ਸਨਾਵਰੀਆਂ ਵਿਚਕਾਰ ਸਾਲਾਨਾ ਐਥਲੈਟਿਕ ਮੀਟ 2024 ਦਾ ਆਯੋਜਨ ਕੀਤਾ ਜਾਵੇਗਾ ਜੋ ਸਾਰਿਆਂ ਵਿੱਚ ਖੇਡ ਭਾਵਨਾ ਨੂੰ ਜਗਾਏਗਾ। ਸ਼ਾਮ ਨੂੰ ਕੈਂਪਸ ਦੇ ਖੇਤਰਪਾਲ ਸਟੇਡੀਅਮ ਵਿਖੇ ਟੈਟੂ ਸ਼ੋਅ ਵਜੋਂ ਜਾਣੇ ਜਾਂਦੇ ਸ਼ਾਨਦਾਰ ਲਾਈਟ ਐਂਡ ਸਾਊਂਡ ਸ਼ੋਅ ਨਾਲ ਰੌਸ਼ਨ ਕੀਤਾ ਜਾਵੇਗਾ। ਆਖਰੀ ਦਿਨ, ਸਕੂਲ ਦੇ ਸੰਸਥਾਪਕ ਦੀ ਪਵਿੱਤਰ ਯਾਦ ਵਿੱਚ ਇੱਕ ਵਿਸ਼ੇਸ਼ ਥੈਂਕਸਗਿਵਿੰਗ ਅਸੈਂਬਲੀ ਦਾ ਆਯੋਜਨ ਕੀਤਾ ਜਾਵੇਗਾ। ਕਿਰਨ ਨਾਦਰ ਮਿਊਜ਼ੀਅਮ ਆਫ਼ ਆਰਟਸ ਦੀ ਚੇਅਰਪਰਸਨ ਅਤੇ ਸ਼ਿਵ ਨਾਦਰ ਫਾਊਂਡੇਸ਼ਨ ਦੇ ਟਰੱਸਟੀ ਅਤੇ 1966 ਬੈਚ ਦੇ ਸਾਬਕਾ ਸਨਾਵਰੀਅਨ ਕਿਰਨ ਟੰਡਨ ਨਾਦਰ ਇਸ ਸਮਾਗਮ ਦੀ ਪ੍ਰਧਾਨਗੀ ਕਰਨਗੇ ਅਤੇ ਇਸ ਤੋਂ ਬਾਅਦ ਉਹ ਨਵੇਂ ਬਣੇ ਗਰਲਜ਼ ਡਾਰਮੇਟਰੀ ਦਾ ਉਦਘਾਟਨ ਵੀ ਕਰਨਗੇ।

ਰੋਜ਼ਾਨਾ ਲੋਕ ਬਾਣੀ www.lokbani

# ਮਾਤਾ ਭਾਨੀ ਜੀ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਮਾਤਾ ਭਾਨੀ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਰਵਾਇਆ ਧਾਰਮਿਕ ਸਮਾਗਮ

ਸ੍ਰੀ ਅਨੰਦਪੁਰ ਸਾਹਿਬ, (ਦਵਿੰਦਰਪਾਲ ਸਿੰਘ): ਧਾਰਮਿਕ ਅਤੇ ਸਮਾਜ ਸੇਵੀ ਕਾਰਜਾਂ ਨੂੰ ਸਮਰਪਿਤ ਸਥਾਨਕ ਮਾਤਾ ਭਾਨੀ ਜੀ ਸ੍ਰੀ ਸੁਖਮਨੀ ਸੇਵਾ ਸੁਸਾਇਟੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਦੇ ਸਹਿਯੋਗ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੀ ਛਤਰ ਛਾਇਆ ਹੇਠ ਇਥੋਂ ਦੇ ਇਤਿਹਾਸਕ ਅਸਥਾਨ ਗੁਰਦੁਆਰਾ ਸੀਸ ਗੰਜ ਸਾਹਿਬ ਵਿਖੇ ਮਾਤਾ ਭਾਨੀ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਕਰਵਾਇਆ ਗਿਆ। ਸਮਾਗਮ 'ਚ ਉਚੇਚੇ ਤੌਰ 'ਤੇ ਪੰਥ ਪ੍ਰਸਿੱਧ ਕੀਰਤਨੀਏ ਭਾਈ ਗੁਰਚਰਨ ਸਿੰਘ ਰਸੀਆ, ਭਾਈ ਗੁਰਵਿੰਦਰ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਤੇ ਬੀਬੀ ਪਰਮਜੀਤ ਕੌਰ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਤੋਂ ਇਲਾਵਾ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਵੀ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਉਨ੍ਹਾਂ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੀਬੀਆਂ ਦੀਆਂ ਲਾਸਾਨੀ ਸ਼ਹਾਦਤਾਂ ਨਾਂਲ ਸਿੱਖ ਇਤਿਹਾਸ ਭਰਿਆ ਪਿਆ ਹੈ। ਮਾਤਾ ਭਾਨੀ ਜੀ ਸੇਵਾ ਅਤੇ ਸਿਮਰਨ ਦੀ ਬਿਰਤੀ ਵਾਲੇ ਹੋਣ ਕਰਕੇ ਉਮਰ ਗੁਰੂ ਘਰ ਦੀ ਸੇਵਾ ਕੀਤੀ। ਮਾਤਾ ਭਾਨੀ ਜੀ ਨੂੰ ਗੁਰੂ ਪੁੱਤਰੀ, ਗੁਰੂ ਪਤਨੀ ਅਤੇ ਗੁਰੂ ਮਾਤਾ ਹੋਣ ਦਾ ਸੁਭਾਗ ਪ੍ਰਾਪਤ ਹੋਇਆ ਹੈ। ਇਸ ਮੌਕੇ ਉਨ੍ਹਾਂ ਸੰਗਤਾਂ ਨੂੰ ਮਾਤਾ ਭਾਨੀ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕੀਤੀ । ਇਸ ਮੌਕੇ ਮਾਤਾ ਭਾਨੀ ਸੇਵਾ ਸੁਸਾਇਟੀ ਦੇ ਸਮੂਹ ਅਹੁਦੇਦਾਰ ਅਤੇ ਮੈਂਬਰਾਂ ਵਲੋਂ ਆਈਆਂ ਸ਼ਖ਼ਸ਼ੀਅਤਾਂ ਸਨਮਾਨਿਤ ਕੀਤਾ ਗਿਆ । ਅੰਤ 'ਚ ਸੁਸਾਇਟੀ ਦੇ ਪ੍ਰਧਾਨ ਬੀਬੀ ਰਜਿੰਦਰ ਕੌਰ ਵੱਲੋਂ ਸਮਾਗਮ 'ਚ ਸ਼ਾਮਲ ਸਖਸ਼ੀਅਤਾਂ ਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ ਗਿਆ । ਸਮਾਗਮ 'ਚ ਉਕਤ ਤੋਂ ਇਲਾਵਾ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜੋਗਿੰਦਰ ਸਿੰਘ, ਮੈਨੇਜਰ ਸ. ਮਲਕੀਤ ਸਿੰਘ, ਵਧੀਕ ਮੈਨੇਜਰ ਐਡਵੋਕੇਟ ਹਰਦੇਵ ਸਿੰਘ, ਜਥੇਦਾਰ ਸੰਤੋਖ ਸਿੰਘ, ਮਨਜਿੰਦਰ ਸਿੰਘ ਬਰਾੜ, ਇੰਦਰਜੀਤ ਸਿੰਘ ਅਰੋੜਾ ਤੇ ਪ੍ਰਿਤਪਾਲ ਸਿੰਘ ਗੰਡਾ ਪ੍ਰਧਾਨ ਵਪਾਰ ਮੰਡਲ, ਜਸਵੀਰ ਸਿੰਘ ਜੱਸੂ ਅਰੋੜਾ, ਦਵਿੰਦਰ ਸਿੰਘ ਰਾਣਾ, ਮਨਿੰਦਰਪਾਲ ਸਿੰਘ ਮਨੀ, ਸਰਬਜੀਤ ਸਿੰਘ, ਜਸਵਿੰਦਰ ਸਿੰਘ, ਤਰਨਜੀਤ ਸਿੰਘ, ਬੀਬੀ ਮਨਜੀਤ ਕੌਰ ਖ਼ਾਲਸਾ, ਬੀਬੀ ਮਨਜਿੰਦਰ ਕੌਰ, ਬੀਬੀ ਜਸਬੀਰ ਕੌਰ, ਬੀਬੀ ਸੁਖਵਿੰਦਰ ਕੌਰ, ਬੀਬੀ ਪਰਮਜੀਤ ਕੌਰ, ਬੀਬੀ ਕੁਲਵਿੰਦਰ ਕੌਰ, ਬੀਬੀ ਪਲਵਿੰਦਰ ਕੌਰ ਬਿੱਟੂ, ਬੀਬੀ ਸੁਰਿੰਦਰ ਕੌਰ, ਜਸਵਿੰਦਰ ਕੌਰ ਸੱਗੂ, ਮਨਜੀਤ ਕੌਰ, ਬੀਬੀ ਸੁਰਿੰਦਰਪਾਲ ਕੌਰ, ਬੀਬੀ ਤਜਿੰਦਰ ਕੌਰ,



ਬੀਬੀ ਜਸਵੰਤ ਕੌਰ ਤੋਂ ਇਲਾਵਾ ਸਿੱਖ ਮਿਸ਼ਨਰੀ ਕਾਲਜ ਅਤੇ ਗੁਰਮਤਿ ਸੰਗੀਤ ਅਕੈਡਮੀ ਦੇ ਵੱਡੀ ਗਿਣਤੀ ਵਿਚ ਸਿਖਿਆਰਥੀ ਤੇ ਸੰਗਤਾਂ ਹਾਜ਼ਰ ਸਨ ।

ਰੋਜ਼ਾਨਾ ਲੋਕ ਬਾਣੀ www.lokbani

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgieries, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ
ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow!
150+ Placements In Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions • 125 Companies For Placements • 75 Academic Courses • 2000 Placements in 2022-2023 • 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
HOTEL MANAGEMENT
MANAGEMENT & COMMERCE
DEGREE COURSES
PARAMEDICAL COURSES
POLYTECHNIC DIPLOMA
MEDIA & FASHION
INFORMATION TECHNOLOGY
LAW
TEACHER / PHYSICAL EDUCATION
NURSING TRAINING
ARCHITECTURE
INDUSTRIAL TRAINING INSTITUTE
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565
www.stsoldiergroup.com